ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

ਵੀਰ ਕੇਸਰੀ

ਮੁੱਖ ਸੰਪਾਦਕ : ਵਿਜੇ ਸ਼ਰਮਾ ਵੀਰਵਾਰ 19 ਨਵੰਬਰ 2026 ਸਾਲ 3, RNI No. PUN PUN/04216

ਪੱਤਰਕਾਰ ਬਣੋ
'ਵੀਰ ਕੇਸਰੀ'
ਅਖ਼ਬਾਰ ਨੂੰ ਪੰਜਾਬ ਭਰ 'ਚੋਂ ਜਿਲ੍ਹਾ ਇੰਚਾਰਜਾਂ ਅਤੇ ਪੱਤਰਕਾਰਾਂ ਦੀ ਲੋੜ ਹੈ। ਚਾਹਵਾਨ ਸੰਪਰਕ ਕਰਨ
89274-70009
99881 35344

Email - veerkesripnpw@gmail.com Web site : www.veerkesri.com Facebook - veerkesri Instagram veerkesri

ਪੰਜਾਬ ਦੇ ਲੋਕ 2027 ਵਿੱਚ ਵੀ ਭਗਵੰਤ ਮਾਨ ਨੂੰ ਮੁੜ ਮੁੱਖ ਮੰਤਰੀ ਬਣਾਉਣ ਲਈ ਪੱਬਾਂ ਭਾਰ : ਐਡਵੋਕੇਟ ਗੌਰਵ ਗੋਇਲ

'ਆਪ' ਸਰਕਾਰ ਦੇ ਲੋਕ-ਪੱਖੀ ਫੈਸਲਿਆਂ ਅਤੇ ਵਿਕਾਸ ਕਾਰਜਾਂ ਨੇ ਲੋਕਾਂ ਦੇ ਦਿਲਾਂ ਵਿੱਚ ਬਣਾਈ ਵਿਸੇਸ ਥਾਂ, ਯੂਥ ਵਿੰਗ ਵੱਲੋਂ ਸਰਕਾਰ ਦੀਆਂ ਪ੍ਰਾਪਤੀਆਂ ਘਰ-ਘਰ ਪਹੁੰਚਾਈਆਂ ਜਾਣਗੀਆਂ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਲਹਿਰਾਗਾਗਾ, 18 ਨਵੰਬਰ (ਰਤਨ ਗਰਗ) - ਆਮ ਆਦਮੀ ਪਾਰਟੀ ਯੂਥ ਵਿੰਗ ਪੰਜਾਬ ਦੇ ਜੁਆਇੰਟ ਸਕੱਤਰ ਅਤੇ ਪੰਜਾਬ ਦੇ ਕੈਬਨਿਟ ਮੰਤਰੀ ਐਡਵੋਕੇਟ ਬਰਿੰਦਰ ਕੁਮਾਰ ਗੋਇਲ ਦੇ ਸਪੁੱਤਰ ਐਡਵੋਕੇਟ ਗੌਰਵ ਗੋਇਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਦਾ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਵਾਲੀ ਆਮ ਆਦਮੀ ਪਾਰਟੀ ਦੀ ਸਰਕਾਰ ਪ੍ਰਤੀ ਭਰੋਸਾ ਲਗਾਤਾਰ ਮਜਬੂਤ ਹੋ ਰਿਹਾ ਹੈ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਵਿੱਚ ਵੀ ਪੰਜਾਬ ਦੇ ਲੋਕ ਮੌਜੂਦਾ ਸਰਕਾਰ ਨੂੰ ਮੁੜ ਸੱਤਾ ਦੀ ਜਿੰਮੇਵਾਰੀ ਸੌਂਪਣ ਲਈ ਪੂਰੀ ਤਰ੍ਹਾਂ ਉਤਸਾਹਿਤ ਹਨ। ਐਡਵੋਕੇਟ ਗੌਰਵ ਗੋਇਲ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਪਿਛਲੀਆਂ ਵਿਧਾਨ ਸਭਾ ਚੋਣਾਂ ਵਿੱਚ ਰਵਾਇਤੀ ਸਿਆਸਤ ਨੂੰ ਪਿੱਛੇ ਛੱਡਦਿਆਂ ਬਦਲਾਅ ਦੇ ਹੱਕ ਵਿੱਚ ਇਤਿਹਾਸਕ ਫਤਵਾ ਦਿੱਤਾ ਸੀ। ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਸਰਕਾਰ ਵੱਲੋਂ ਸਿੱਖਿਆ, ਸਿਹਤ, ਬਿਜਲੀ, ਰੁਜਗਾਰ, ਖੇਡਾਂ ਅਤੇ ਬੁਨਿਆਦੀ ਢਾਂਚੇ ਦੇ ਖੇਤਰ ਵਿੱਚ ਕੀਤੇ ਜਾ ਰਹੇ ਕੰਮਾਂ ਨੇ ਆਮ ਲੋਕਾਂ ਵਿੱਚ ਨਵੀਂ ਉਮੀਦ ਅਤੇ ਵਿਸਵਾਸ ਪੈਦਾ ਕੀਤਾ ਹੈ। ਉਨ੍ਹਾਂ ਕਿਹਾ ਕਿ ਸਰਕਾਰ ਦੀਆਂ ਨੀਤੀਆਂ ਦਾ ਕੇਂਦਰ ਬਿੰਦੂ ਆਮ ਆਦਮੀ ਹੈ ਅਤੇ ਲੋਕਾਂ ਦੀਆਂ ਬੁਨਿਆਦੀ ਲੋੜਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਉਨ੍ਹਾਂ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਨੇ ਪੰਜਾਬ ਦੀ ਮਿੱਟੀ, ਪੰਜਾਬੀ ਮਾਂ-ਬੋਲੀ, ਸੂਬੇ ਦੇ ਸੱਭਿਆਚਾਰ ਅਤੇ ਆਮ ਲੋਕਾਂ ਦੀਆਂ ਭਾਵਨਾਵਾਂ ਨੂੰ ਹਮੇਸਾ ਤਰਜੀਹ ਦਿੱਤੀ ਹੈ। ਉਨ੍ਹਾਂ ਦੀ ਅਗਵਾਈ ਹੇਠ ਪੰਜਾਬ ਨੂੰ ਵਿਕਾਸ, ਖੁਸਹਾਲੀ ਅਤੇ ਤਰੱਕੀ ਦੀਆਂ ਨਵੀਆਂ ਲੀਹਾਂ 'ਤੇ ਅੱਗੇ ਲਿਜਾਣ ਲਈ ਕੰਮ ਕੀਤਾ ਜਾ ਰਿਹਾ ਹੈ। ਸਰਕਾਰ ਵੱਲੋਂ ਲੋਕਾਂ ਦੀਆਂ ਉਮੀਦਾਂ 'ਤੇ ਖਰਾ ਉਤਰਨ ਲਈ ਕੀਤੇ ਜਾ ਰਹੇ ਯਤਨ ਹੀ ਪਾਰਟੀ ਦੀ ਸਭ ਤੋਂ ਵੱਡੀ ਤਾਕਤ ਹਨ। ਐਡਵੋਕੇਟ ਗੌਰਵ ਗੋਇਲ ਨੇ ਕਿਹਾ ਕਿ ਆਮ ਆਦਮੀ ਪਾਰਟੀ ਦਾ ਯੂਥ ਵਿੰਗ ਪਾਰਟੀ ਦੀ ਮਜਬੂਤ ਰੀੜ੍ਹ ਦੀ ਹੱਡੀ ਹੈ ਅਤੇ ਨੌਜਵਾਨਾਂ ਦੀ ਊਰਜਾ, ਮਿਹਨਤ ਤੇ ਸਮਰਪਣ ਪਾਰਟੀ ਦੀਆਂ ਗਤੀਵਿਧੀਆਂ ਨੂੰ ਨਵੀਂ ਤਾਕਤ ਦੇ ਰਹੇ ਹਨ। ਉਨ੍ਹਾਂ ਕਿਹਾ ਕਿ 2027 ਦੀਆਂ ਵਿਧਾਨ ਸਭਾ ਚੋਣਾਂ ਨੂੰ ਮੁੱਖ ਰੱਖਦਿਆਂ ਯੂਥ ਵਿੰਗ ਦਾ ਹਰ ਵਰਕਰ ਪੂਰੀ ਸਰਗਰਮੀ ਨਾਲ ਲੋਕਾਂ ਤੱਕ ਪਹੁੰਚ ਕਰੇਗਾ ਅਤੇ ਸਰਕਾਰ ਵੱਲੋਂ ਕੀਤੇ ਗਏ ਕੰਮਾਂ ਤੇ ਲੋਕ-ਪੱਖੀ ਨੀਤੀਆਂ ਬਾਰੇ ਜਾਣਕਾਰੀ ਦੇਵੇਗਾ। ਉਨ੍ਹਾਂ ਭਰੋਸਾ ਪ੍ਰਗਟਾਇਆ ਕਿ ਪੰਜਾਬ ਦੇ ਲੋਕ ਵਿਕਾਸ, ਪਾਰਦਰਸੀ ਪ੍ਰਸਾਸਨ ਅਤੇ ਆਮ ਲੋਕਾਂ ਦੀ ਭਲਾਈ ਨੂੰ ਤਰਜੀਹ ਦਿੰਦਿਆਂ 2027 ਵਿੱਚ ਵੀ ਆਮ ਆਦਮੀ ਪਾਰਟੀ ਨੂੰ ਆਪਣਾ ਸਮਰਥਨ ਦੇਣਗੇ ਅਤੇ ਭਗਵੰਤ ਸਿੰਘ ਮਾਨ ਦੀ ਅਗਵਾਈ ਹੇਠ ਪੰਜਾਬ ਦੀ ਤਰੱਕੀ ਦੇ ਸਫਰ ਨੂੰ ਅੱਗੇ ਵਧਾਉਣਗੇ।

ਹਵਲਦਾਰ ਵਿਨੋਦ ਦੀ ਹੱਤਿਆ ਕਰਨ ਵਾਲਿਆਂ ਨੂੰ ਬਖਸ਼ਿਆ ਨਹੀਂ ਜਾਣਾ ਚਾਹੀਦਾ : ਸਾਹਿਬ ਸਿੰਘ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ


ਸਾਹਿਬ ਸਿੰਘ ਜਰਨਲ ਸਕੱਤਰ

ਸ੍ਰੀ ਅੰਮ੍ਰਿਤਸਰ ਸਾਹਿਬ 19 ਨਵੰਬਰ (ਕੰਵਲਜੀਤ ਸਿੰਘ) ਗੁਰਦਾਸਪੁਰ ਵਿਖੇ ਹਵਲਦਾਰ ਵਿਨੋਦ ਕੁਮਾਰ ਡਿਊਟੀ ਦੇ ਬਾਅਦ ਘਰ ਵਾਪਸ ਆਉਂਦੇ ਹੋਏ ਦੀ ਦੋ ਨਕਾਬਪੋਸ ਅੱਤਵਾਦੀਆਂ ਵੱਲੋਂ ਗੋਲੀਆਂ ਮਾਰ ਕੇ ਹੱਤਿਆ ਕਰ ਦਿੱਤੀ ਗਈ ਸੀ ਉਹਨਾਂ ਹਮਲਾਵਰਾਂ ਨੂੰ ਬਖਸਿ਼ਆ ਨਹੀਂ ਜਾਣਾਂ ਚਾਹੀਦਾ । ਇਹ ਮੰਗ ਸਾਹਿਬ ਸਿੰਘ ਜਰਨਲ ਸਕੱਤਰ ਆਲ ਇੰਡੀਆ ਅੱਤਵਾਦ ਵਿਰੋਧੀ ਸੰਗਠਨ ਨੇ ਪ੍ਰੈਸ ਨੂੰ ਜਾਰੀ ਬਿਆਨ ਰਾਹੀਂ ਕੀਤੀ । ਉਨ੍ਹਾਂ ਕਿਹਾ ਕਿ ਸਾਡੇ ਦੇਸ ਦੇ ਸਰਹੱਦੀ ਖੇਤਰਾਂ ਦੇ ਵਿੱਚ ਅਜਿਹੀਆਂ ਘਟਨਾਵਾਂ ਪਹਿਲਾਂ ਵੀ ਹੋਈਆਂ ਹਨ ਜਿਹਨਾਂ ਵਿੱਚ ਸੁਰੱਖਿਆ ਬਲਾਂ ਦੇ ਜਵਾਨਾਂ ਨੂੰ ਸਹੀਦ ਕਰ ਦਿੱਤਾ ਗਿਆ ਸੀ, ਜਿਨ੍ਹਾਂ ਦੀ ਜਿ਼ੰਮੇਵਾਰੀ ਤਹਿਰੀਕ ਏ ਤਾਲੀਬਾਨ (ਟੀ ਟੀ ਐਚ) ਪਾਕਿਸਤਾਨੀ ਸਮਰਥਿਕ ਜਥੇਬੰਦੀ ਵੱਲੋਂ ਲਈ ਗਈ ਸੀ ਜੋ ਵਿਦੇਸਾਂ ਵਿੱਚ ਬੈਠੇ ਅੱਤਵਾਦੀਆਂ ਅਤੇ ਗੈਗਸਟਰਾ ਦੇ ਨਿਰਦੇਸਾਂ ਅਨੁਸਾਰ ਕੰਮ ਕਰ ਰਹੇ ਹਨ । ਸਾਡੇ ਦੇਸ ਅੰਦਰ ਨਸਾ ,ਅਸਲਾ ਬਰੂਦ ਬਾਰਡਰ ਪਾਰ ਤੋਂ ਭੇਜਿਆ ਜਾ ਰਿਹਾ ਹੈ । ਚੰਦ ਰੁਪਈਆ ਦਾ ਲਾਲਚ ਦੇ ਕੇ ਜੁਰਮ ਕਰਨ ਲਈ ਨੌਜਵਾਨਾਂ ਨੂੰ ਬਲੈਕਮੇਲ ਕੀਤਾ ਜਾਂਦਾ ਹੈ , ਜੋ ਸਾਡੇ ਸਮਾਜ ਲਈ ਬਹੁਤ ਖਤਰਨਾਕ ਹੈ । ਇਸ ਨੂੰ ਰੋਕਣ ਲਈ ਸੁਰੱਖਿਆ ਫੋਰਸਾਂ ਦਾ ਲੋਕਾਂ ਨੂੰ ਸਮਰਥਨ ਦੇਣਾ ਚਾਹੀਦਾ ਹੈ । ਗੁਜਰਾਤ ਅਤੇ ਰਾਜਧਾਨ ਦੇ ਲੋਕਾਂ ਨੇ ਸੀਮਾ ਸੁਰੱਖਿਆ ਸੰਮਤੀਆਂ ਬਣਾਈਆਂ ਹੋਈਆਂ ਹਨ ਜੋ ਬਾਰਡਰ ਦੇ ਨਜਦੀਕ ਪਿੰਡਾ ਵਿੱਚ ਸੁਰੱਖਿਆ ਪ੍ਰਬੰਧਾਂ ਨੂੰ ਯਕੀਨੀ ਬਣਾਉਂਦੀਆਂ ਹਨ , ਜੇਕਰ ਕੋਈ ਅਣਪਛਾਤਾ ਵਿਅਕਤੀ ਪਿੰਡ ਵਿੱਚ ਦਾਖਲ ਹੁੰਦਾ ਹੈ ਤਾਂ ਉਹ ਬੀ .ਐਸ .ਐਫ.ਜਾਂ ਥਾਣੇ ਨੂੰ ਇਤਲਾਹ ਕਰਦੇ ਹਨ । ਉਹਨਾ ਜਗਾ ਤੇ ਕੋਈ ਵੀ ਮਾੜੀ ਘਟਨਾ ਨਹੀਂ ਹੁੰਦੀ ਸਾਨੂੰ ਸਾਰੇ ਦੇਸ ਵਾਸੀਆਂ ਨੂੰ ਇਸ ਤਰ੍ਹਾਂ ਕਰਨ ਦੀ ਜਰੂਰਤ ਹੈ, ਤਾਂ ਜੋ ਪੰਜਾਬ ਅਤੇ ਦੇਸ ਵਿੱਚੋਂ ਜੁਰਮ ਖਤਮ ਕੀਤਾ ਜਾ ਸਕੇ ।

ਪੰਜਾਬ ਦੇ ਲੋਕ ਕਾਂਗਰਸ ਦੀ ਸਰਕਾਰ ਬਣਾਉਣ ਲਈ ਉਤਾਵਲੇ: ਸੱਚਰ

ਮੌਜੂਦਾ ਸਰਕਾਰ ਤੋਂ ਲੋਕਾਂ ਦਾ ਮੋਹ ਬੁਰੀ ਤਰ੍ਹਾਂ ਭੰਗ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਮਜੀਠਾ,18ਨਵੰਬਰ (ਰਾਜਾ ਕੋਟਲੀ)* ਪੰਜਾਬ ਦੇ ਲੋਕ ਮੌਜੂਦਾ ਸਰਕਾਰ ਦੀਆਂ ਨੀਤੀਆਂ ਅਤੇ ਕਾਰਗੁਜਾਰੀ ਤੋਂ ਬੇਹੱਦ ਨਿਰਾਸ ਹੋ ਚੁੱਕੇ ਹਨ ਅਤੇ ਹੁਣ ਸੂਬੇ ਵਿੱਚ ਕਾਂਗਰਸ ਪਾਰਟੀ ਦੀ ਸਰਕਾਰ ਬਣਾਉਣ ਲਈ ਉਤਾਵਲੇ ਹਨ। ਇਹ ਪ੍ਰਗਟਾਵਾ ਸੀਨੀਅਰ ਕਾਂਗਰਸੀ ਆਗੂ ਅਤੇ ਹਲਕਾ ਇੰਚਾਰਜ ਮਜੀਠਾ ਸ੍ਰੀ ਭਗਵੰਤ ਪਾਲ ਸਿੰਘ ਸੱਚਰ ਨੇ ਪਿੰਡ ਪੰਧੇਰ ਵਿਖੇ ਸਾਬਕਾ ਸਰਪੰਚ ਸ੍ਰੀ ਪਲਵਿੰਦਰ ਸਿੰਘ ਫੌਜੀ ਦੇ ਗ੍ਰਹਿ ਵਿਖੇ ਹੋਈ ਮੀਟਿੰਗ ਨੂੰ ਸੰਬੋਧਨ ਕਰਦਿਆਂ ਕੀਤਾ। ਸੱਚਰ ਨੇ ਕਿਹਾ ਕਿ ਪੰਜਾਬ ਦੇ ਲੋਕਾਂ ਨੇ ਬਦਲਾਅ ਦੀ ਉਮੀਦ ਨਾਲ ਮੌਜੂਦਾ ਸਰਕਾਰ ਨੂੰ ਸੱਤਾ ਸੌਂਪੀ ਸੀ, ਪਰ ਅੱਜ ਲੋਕ ਆਪਣੇ ਆਪ ਨੂੰ ਠੱਗਿਆ ਹੋਇਆ ਮਹਿਸੂਸ ਕਰ ਰਹੇ ਹਨ। ਚੋਣਾਂ ਸਮੇਂ ਕੀਤੇ ਵਾਅਦਿਆਂ ਅਤੇ ਜਮੀਨੀ ਹਕੀਕਤ ਵਿੱਚ ਵੱਡਾ ਫਰਕ ਨਜਰ ਆ ਰਿਹਾ ਹੈ। ਲੋਕਾਂ ਦਾ ਸਰਕਾਰ ਤੋਂ ਮੋਹ ਬੁਰੀ ਤਰ੍ਹਾਂ ਭੰਗ ਹੋ ਚੁੱਕਾ ਹੈ ਅਤੇ ਉਹ ਹੁਣ ਇੱਕ ਅਜਿਹੀ ਸਰਕਾਰ ਚਾਹੁੰਦੇ ਹਨ ਜੋ ਲੋਕਾਂ ਦੀਆਂ ਸਮੱਸਿਆਵਾਂ ਨੂੰ ਸਮਝੇ ਅਤੇ ਉਨ੍ਹਾਂ ਦਾ ਹੱਲ ਕਰੇ। ਉਨ੍ਹਾਂ ਕਿਹਾ ਕਿ ਕਾਂਗਰਸ ਪਾਰਟੀ ਨੇ ਹਮੇਸਾ ਪੰਜਾਬ ਦੇ ਵਿਕਾਸ, ਭਾਈਚਾਰਕ ਸਾਂਝ ਅਤੇ ਲੋਕ-ਹਿੱਤਾਂ ਦੀ ਰਾਖੀ ਲਈ ਕੰਮ ਕੀਤਾ ਹੈ। ਆਉਣ ਵਾਲੀਆਂ ਵਿਧਾਨ ਸਭਾ ਚੋਣਾਂ ਦੇ ਮੱਦੇਨਜਰ ਕਾਂਗਰਸੀ ਵਰਕਰਾਂ ਨੂੰ ਹੁਣ ਤੋਂ ਹੀ ਪਿੰਡ-ਪਿੰਡ ਅਤੇ ਘਰ-ਘਰ ਜਾ ਕੇ ਲੋਕਾਂ ਨਾਲ ਸੰਪਰਕ ਮਜਬੂਤ ਕਰਨਾ ਚਾਹੀਦਾ ਹੈ। ਕਾਂਗਰਸ ਦੀ ਮਜਬੂਤੀ ਦਾ ਅਸਲ ਆਧਾਰ ਉਸ ਦਾ ਸਮਰਪਿਤ ਵਰਕਰ ਹੈ ਅਤੇ ਸਾਰਿਆਂ ਨੂੰ ਇਕਜੁੱਟ ਹੋ ਕੇ ਪਾਰਟੀ ਦੀ ਜਿੱਤ ਲਈ ਮਿਹਨਤ ਕਰਨੀ ਚਾਹੀਦੀ ਹੈ। ਸੱਚਰ ਨੇ ਕਿਹਾ ਕਿ ਮਜੀਠਾ ਹਲਕੇ ਦੇ ਲੋਕਾਂ ਦੀਆਂ ਸਮੱਸਿਆਵਾਂ ਅਤੇ ਉਨ੍ਹਾਂ ਦੀਆਂ ਉਮੀਦਾਂ ਨੂੰ ਪਹਿਲ ਦੇ ਆਧਾਰ 'ਤੇ ਉਠਾਇਆ ਜਾਵੇਗਾ। ਕਾਂਗਰਸ ਪਾਰਟੀ ਲੋਕਾਂ ਦੀ ਆਵਾਜ ਬਣ ਕੇ ਉਨ੍ਹਾਂ ਦੇ ਹੱਕਾਂ ਲਈ ਸੰਘਰਸ ਜਾਰੀ ਰੱਖੇਗੀ। ਇਸ ਮੌਕੇ ਪਲਵਿੰਦਰ ਸਿੰਘ ਫੌਜੀ, ਸਾਬਕਾ ਸਰਪੰਚ ਗੁਰਭੇਜ ਸਿੰਘ ਭੰਗਵਾਂ, ਮਨਜੀਤ ਸਿੰਘ ਬੱਬੀ, ਨਰੰਜਨ ਸਿੰਘ ਦੁਬਰਜੀ, ਕਲਵੰਤ ਸਿੰਘ, ਬਲਾਕ ਪ੍ਰਧਾਨ ਨਵਤੇਜ ਪਾਲ ਸਿੰਘ, ਨਵਦੀਪ ਸਿੰਘ ਸੋਨਾ, ਮੁਖਤਾਰ ਸਿੰਘ, ਤਰਸੇਮ ਸਿੰਘ, ਅੰਗਰੇਜ ਸਿੰਘ ਉਰਫ ਕਾਲਾ, ਦਇਆ ਸਿੰਘ, ਬਲਵਿੰਦਰ ਸਿੰਘ ਫੌਜੀ, ਮਲਕੀਤ ਸਿੰਘ, ਧਰਮ ਸਿੰਘ, ਸੁਰਜੀਤ ਸਿੰਘ, ਭੁੱਲਰ ਮਜੀਠਾ,ਬਲਵਿੰਦਰ ਸਿੰਘ, ਰਘਵਿੰਦਰ ਸਿੰਘ, ਸਕੱਤਰ ਸਿੰਘ ਅਤੇ ਜਗਜੀਤ ਸਿੰਘ ਸਮੇਤ ਹੋਰ ਪਿੰਡ ਵਾਸੀ ਅਤੇ ਕਾਂਗਰਸੀ ਵਰਕਰ ਹਾਜਰ ਸਨ।

ਚੇਅਰਮੈਨ ਡਾ ਕੇਜੇ ਸਿੰਘ ਦੀ ਅਗਵਾਈ ਹੇਠ ਪੇਡਾ ਦੀ ਅਹਿਮ ਮੀਟਿੰਗ ਬਾਬਾ ਬੋਹੜ ਦਾਸ ਭਵਨ ਘੁਮਾਣ ਵਿਖੇ ਹੋਈ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਗੁਰਦਾਸਪੁਰ/ਬਟਾਲਾ/ਸ੍ਰੀ ਹਰਗੋਬਿੰਦਪੁਰ ਸਾਹਿਬ 18 ਨਵੰਬਰ (ਡਾ ਨਰਿੰਦਰ ਸਿੰਘ ਘੁਮਾਣ/ਜਗੀਰ ਸਿੰਘ ਮੰਡ)ਹਲਕਾ ਸ੍ਰੀ ਹਰਗੋਬਿੰਦਪੁਰ ਸਾਹਿਬ ਦੇ ਅਧੀਨ ਆਉਂਦੇ ਕਸਬਾ ਘੁਮਾਣ ਦੇ ਬਾਬਾ ਬੋਹੜ ਦਾਸ ਭਵਨ ਤੇ ਪੰਜਾਬ ਐਨਰਜੀ ਡਿਵੈਲਪਮੈਂਟ ਏਜੰਸੀ (ਪੇਡਾ) ਦੀ ਇੱਕ ਵਿਸੇਸ ਮੀਟਿੰਗ ਪੇਡਾ ਦੇ ਸੀਨੀਅਰ ਵਾਇਸ ਚੈਅਰਮੈਨ ਅਤੇ ਟਰੇਡ ਵਿੰਗ ਵਾਇਸ ਪ੍ਰਧਾਨ ਡਾ ਕਮਲਜੀਤ ਸਿੰਘ ਕੇਜੇ ਦੀ ਅਗਵਾਈ ਹੇਠ ਹੋਈ। ਇਸ ਮੀਟਿੰਗ ਵਿੱਚ ਗੁਰਦਾਸਪੁਰ ਤੋਂ ਪੇਡਾ ਦੇ ਡੀ ਐਮ ਰਣਜੀਤ ਸਿੰਘ ਵਿਸੇਸ ਤੌਰ ਤੇ ਪਹੁੰਚੇ। ਇਸ ਮੌਕੇ ਮੀਟਿੰਗ ਨੂੰ ਸੰਬੋਧਨ ਕਰਦਿਆਂ ਡੀ ਐਮ ਰਣਜੀਤ ਸਿੰਘ ਨੇ ਪੇਡਾ ਦੀਆਂ ਲੋਕ ਪੱਖੀ ਸਕੀਮਾਂ ਬਾਰੇ ਲੋਕਾਂ ਨੂੰ ਵਿਸਥਾਰ ਪੂਰਵਕ ਜਾਣਕਾਰੀ ਦਿੱਤੀ ਗਈ। ਇਸ ਮੌਕੇ ਵਾਇਸ ਚੈਅਰਮੈਨ ਡਾ ਕਮਲਜੀਤ ਸਿੰਘ ਕੇਜੇ ਨੇ ਕਿਹਾ ਕਿ ਪੰਜਾਬ ਸਰਕਾਰ ਦੀਆਂ ਲੋਕ ਪੱਖੀ ਨੀਤੀਆਂ ਬਾਰੇ ਦੱਸਿਆ। ਉਨਾਂ ਕਿ ਆਉਣ ਵਾਲੇ ਦਿਨਾਂ ਵਿੱਚ ਪੂਰੇ ਹਲਕੇ ਸਮੇਤ ਪੰਜਾਬ ਦੇ ਸਾਰੇ ਪਿੰਡਾਂ ਨੂੰ ਸੋਲਰ ਲਾਈਟਾਂ ਮਹੁੱਈਆ ਕਰਵਾਇਆ ਜਾਣਗੀਆਂ। ਉਨਾਂ ਕਿਹਾ ਕਿ ਇਸ ਸੋਲਰ ਲਾਈਟਾਂ ਪ੍ਰੋਜੈਕਟ ਤਹਿਤ ਪੰਜਾਬ ਸਰਕਾਰ ਵੱਲੋਂ 70 ਫੀਸਦੀ ਸਬਸਿਡੀ ਦਿੱਤੀ ਜਾਂਦੀ ਹੈ ਬਾਕੀ ਦੀ 30 ਫੀਸਦੀ ਹਿੱਸਾ ਸਬੰਧਿਤ ਉਸ ਪਿੰਡ ਦੀ ਪੰਚਾਇਤ ਵੱਲੋਂ ਪਾਉਣਾ ਲਾਜਮੀ ਹੋਵੇਗਾ। ਉਨਾਂ ਕਿਹਾ ਕਿ ਇਸ ਯੋਜਨਾ ਪਿੰਡਾ ਦੀਆਂ ਗਲੀਆਂ, ਚੌਕਾਂ ਅਤੇ ਜਨਤਕ ਥਾਵਾਂ ਨੂੰ ਰੋਸਨ ਕਰਨ ਲਈ ਮਦਦ ਮਿਲੇਗੀ ਅਤੇ ਬਿਜਲੀ ਦੀ ਖਪਤ ਵਿੱਚ ਵੀ ਕਮੀ ਆਵੇਗੀ। ਇਸ ਮੌਕੇ ਚੇਅਰਮੈਨ ਮਾਰਕੀਟ ਕਮੇਟੀ ਸ੍ਰੀ ਹਰਗੋਬਿੰਦਪੁਰ ਸਾਹਿਬ ਐਡਵੋਕੇਟ ਨਿਸਾਨ ਸਿੰਘ ਚਾਹਲ, ਸਰਪੰਚ ਸੁਖਰਾਜ ਸਿੰਘ ਕਾਹਲੋ ਪੇਰੋਸਾਹ,ਸਰਪੰਚ ਬਚਿੱਤਰ ਸਿੰਘ ਊਧਨਵਾਲ, ਸੂਬੇਦਾਰ ਗੁਰਦੀਪ ਸਿੰਘ ਘੁਮਾਣ, ਗੁਰਦੀਪ ਸਿੰਘ ਡੇਅਰੀ ਵਾਲਾ ਘੁਮਾਣ, ਲੈਕਚਰ ਗੁਰਨਾਮ ਸਿੰਘ ਮੰਡ, ਕਿਸਾਨ ਆਗੂ ਸਤਨਾਮ ਸਿੰਘ ਪੱਡਾ, ਕਿਸਾਨ ਆਗੂ ਬਲਵਿੰਦਰ ਸਿੰਘ ਮੀਕੇ, ਸਰਪੰਚ ਹਰਭਜਨ ਸਿੰਘ ਪੰਡੋਰੀ, ਪ੍ਰਧਾਨ ਰਣਜੀਤ ਸਿੰਘ ਦਕੋਹਾ, ਬਲਜਿੰਦਰ ਸਿੰਘ ਪੰਡੋਰੀ, ਸੁਖਜਿੰਦਰ ਸਿੰਘ ਪੰਡੋਰੀ, ਤੇਜਵੰਤ ਸਿੰਘ ਪੰਨੂ, ਸੋਨੂੰ ਅਠਵਾਲ,ਗੋਪੀ ਲੱਧਾ ਮੁੰਡਾ,ਡਾ ਕੁਲਦੀਪ ਸਿੰਘ ਟਾਂਡਾ, ਹਰਜੀਤ ਸਿੰਘ ਰੰਧਾਵਾ, ਕਿਸਾਨ ਆਗੂ ਹਰਪਾਲ ਸਿੰਘ ਨੱਥੂ ਖਹਿਰਾ,ਬਿੱਲਾ ਪੰਡੋਰੀ, ਬਲਾਕ ਪ੍ਰਧਾਨ ਸੰਤੋਖ ਸਿੰਘ ਮਧਰਾ,ਨਿਰਮਲ ਸਿੰਘ, ਰਣਜੀਤ ਸਿੰਘ ਪੱਡਾ,ਡਾ ਹਰਨੇਕ ਸਿੰਘ ਪੱਡਾ ਮਾ ਬਲਕਰਨ ਸਿੰਘ ਭੱਟੀਵਾਲ,ਰਾਮ ਸਿੰਘ ਸਰਪੰਚ ਭੱਟੀਵਾਲ, ਪ੍ਰਿੰਸੀਪਲ ਗੁਰਮੁਖ ਸਿੰਘ ਬਾਵਾ ਸਮੇਤ ਵੱਡੀ ਗਿਣਤੀ ਵਿੱਚ ਆਪ ਆਗੂ ਹਾਜਰ ਸਨ।

ਦੂਜੇ ਓਪਨ ਨੈਸ਼ਨਲ ਯੋਗਾਸਨ ਮੁਕਾਬਲੇ ਵਿੱਚ ਪੰਜਾਬ ਓਵਰਆਲ ਚੈਂਪੀਅਨ ਬਣਿਆ

ਵਿਦਿਆ ਭਵਨ ਸਕੂਲ ਵਿਖੇ 12 ਰਾਜਾਂ ਦੇ 250 ਅਥਰੀਟਾਂ ਨੇ ਲਿਆ ਭਾਗ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਅੰਮ੍ਰਿਤਸਰ, 18 ਨਵੰਬਰ (ਅਰਵਿੰਦਰ ਵੜੈਚ,ਪਵਿੱਤਰਜੋਤ)- ਯੋਗਾ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਅਤੇ ਪਤੰਜਲੀ ਯੋਗ ਸਮਿਤੀ ਨੇ ਭਾਰਤੀ ਵਿਦਿਆ ਭਵਨ ਐਸ.ਐਲ. ਪਬਲਿਕ ਸਕੂਲ, ਅੰਮ੍ਰਿਤਸਰ ਵਿਖੇ ਦੂਜਾ ਓਪਨ ਨੈਸ਼ਨਲ ਯੋਗਾਸਨ ਮੁਕਾਬਲਾ ਕਰਵਾਇਆ। ਇਸ ਰਾਸ਼ਟਰੀ ਪੱਧਰੀ ਮੁਕਾਬਲੇ ਵਿੱਚ ਅਸਾਮ, ਪੱਛਮੀ ਬੰਗਾਲ, ਓਡੀਸ਼ਾ, ਮਹਾਰਾਸ਼ਟਰ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਹਰਿਆਣਾ, ਰਾਜਸਥਾਨ, ਹਿਮਾਚਲ ਪ੍ਰਦੇਸ਼, ਦਿੱਲੀ ਅਤੇ ਪੰਜਾਬ ਸਮੇਤ 12 ਰਾਜਾਂ ਦੇ ਲਗਭਗ 250 ਐਥਲੀਟਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ।



ਸਨਾਤਨ ਧਰਮ ਉਤਸਵ ਅਤੇ ਵੈਲਫੇਅਰ ਕਮੇਟੀ ਵੱਲੋਂ ਅੱਖਾਂ ਦਾ ਮੁਫ਼ਤ ਜਾਂਚ ਅਤੇ ਆਪ੍ਰੇਸ਼ਨ ਕੈਂਪ ਲਗਾਇਆ

250 ਦੇ ਕਰੀਬ ਮਰੀਜ਼ਾਂ ਨੇ ਲਿਆ ਲਾਭ, 230 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਵੰਡੀਆਂ

ਲ਼ਹਿਰਾਗਾਗਾ((ਰਤਨ ਗਰਗ) ਸ੍ਰੀ ਸਨਾਤਨ ਧਰਮ ਉਤਸਵ ਅਤੇ ਵੈਲਫੇਅਰ ਕਮੇਟੀ ਯੂਥ, ਲਹਿਰਾਗਾਗਾ ਵੱਲੋਂ ਮੰਡੀ ਵਾਲੀ ਧਰਮਸ਼ਾਲਾ ਵਿਖੇ ਅੱਖਾਂ ਦਾ ਮੁਫ਼ਤ ਚੈੱਕਅਪ ਅਤੇ ਆਪ੍ਰੇਸ਼ਨ ਕੈਂਪ ਲਗਾਇਆ ਗਿਆ। ਇਸ ਸਬੰਧੀ ਜਾਣਕਾਰੀ ਦਿੰਦਿਆਂ ਪ੍ਰੋਜੈਕਟ ਚੇਅਰਮੈਨ ਡਾ. ਚੰਚਲ ਸਿੰਗਲਾ ਨੇ ਦੱਸਿਆ ਕਿ ਇਸ ਕੈਂਪ ਵਿੱਚ ਲਗਭਗ 250 ਮਰੀਜ਼ਾਂ ਨੇ ਆਪਣੀਆਂ ਅੱਖਾਂ ਦੀ ਜਾਂਚ ਕਰਵਾਈ ਅਤੇ ਕੈਂਪ ਦਾ ਲਾਭ ਉਠਾਇਆ।ਉਨ੍ਹਾਂ ਦੱਸਿਆ ਕਿ ਅੱਖਾਂ ਦੇ ਮਾਹਿਰ ਡਾ. ਸੰਦੀਪ ਤਾਇਲ (ਐੱਮ.ਬੀ.ਬੀ.ਐੱਸ., ਐੱਮ.ਐੱਸ.), ਚੰਡੀਗੜ੍ਹ ਅੱਖਾਂ ਦਾ ਹਸਪਤਾਲ, ਬਾਲਾ ਜੀ ਕਲੋਨੀ, ਸੁਨਾਮ ਵੱਲੋਂ ਮਰੀਜ਼ਾਂ ਦੀਆਂ ਅੱਖਾਂ ਦੀ ਜਾਂਚ ਕੀਤੀ ਗਈ। ਇਸ ਦੌਰਾਨ ਲਗਭਗ 230 ਮਰੀਜ਼ਾਂ ਨੂੰ ਮੁਫ਼ਤ ਐਨਕਾਂ ਅਤੇ ਦਵਾਈਆਂ ਵੰਡੀਆਂ ਗਈਆਂ। ਇਸ ਤੋਂ ਇਲਾਵਾ 40ਮਰੀਜ਼ਾਂ ਦੇ ਮੁਫ਼ਤ ਆਪ੍ਰੇਸ਼ਨ ਕਰਕੇ ਲੋੜਵੰਦਾਂ ਦੀਆਂ ਅੱਖਾਂ ਵਿੱਚ ਮੁਫ਼ਤ ਲੈਂਜ਼ ਵੀ ਪਾਏ ਜਾਣਗੇ।ਇਸ ਮੌਕੇ ਮੁੱਖ ਮਹਿਮਾਨ ਵਜੋਂ ਪਹੁੰਚੇ ਡਾ. ਪਵਨ ਬਾਂਸਲ ਨੇ ਕਮੇਟੀ ਦੇ ਮੈਂਬਰਾਂ ਵੱਲੋਂ ਕੀਤੇ ਜਾ ਰਹੇ ਸਮਾਜ ਸੇਵਾ ਦੇ ਕੰਮਾਂ ਦੀ ਸ਼ਲਾਘਾ ਕਰਦਿਆਂ ਕਿਹਾ ਕਿ ਨੌਜਵਾਨਾਂ ਵੱਲੋਂ ਕੀਤਾ ਗਿਆ ਇਹ ਉਪਰਾਲਾ ਬਹੁਤ ਹੀ ਸ਼ਲਾਘਾਯੋਗ ਹੈ।ਇਸ ਮਾਨਵਤਾ ਭਲਾਈ ਦੇ ਕਾਰਜ ਵਿੱਚ ਵਿਸ਼ੇਸ਼ ਸਹਿਯੋਗ ਦੇਣ ਲਈ ਫਰੈਂਡਜ਼ ਫਾਰ ਕਾਜ਼ ਫਾਊਂਡੇਸ਼ਨ, ਕੈਨੇਡਾ, ਲੈਫਟੀਨੈਂਟ ਕਰਨਲ ਨਿਤਿਨ ਭਾਟੀਆ ਮੈਮੋਰੀਅਲ ਟਰੱਸਟ ਅਤੇ ਫਾਈਟਿੰਗ ਬਲਾਈਂਡਨੈੱਸ, ਪਾਵਰਟੀ ਐਂਡ ਨੇਗਲੈਕਟ ਵੱਲੋਂ ਵੀ ਇਸ ਉਪਰਾਲੇ ਦੀ ਸ਼ਲਾਘਾ ਕੀਤੀ ਗਈ।ਕਮੇਟੀ ਵੱਲੋਂ ਵਸ਼ੇਸ਼ ਤੋਰ ਪਹੁੰਚੇ ਡਾ.ਪਵਨ ਬਾਂਸਲ, ਲੈਫਟੀਨੈਂਟ ਕਰਨਲ ਨਿਤਿਨ ਭਾਟੀਆਂ ਦਾ ਧੰਨਵਾਦ ਕੀਤਾ ਅਤੇ ਉਨ੍ਹਾ ਦਾ ਵਿਸ਼ੇਸ ਸਨਮਾਨ ਕੀਤਾ । ਇਸ ਮੌਕੇ ਸੰਸਥਾ ਦੇ ਪ੍ਰਧਾਨ ਨਰਾਤਾ ਰਾਮ ਨੇ ਦੱਸਿਆ ਕਿ ਉਨ੍ਹਾਂ ਦੀ ਸੰਸਥਾ ਪਹਿਲਾਂ ਵੀ ਸਮਾਜ ਭਲਾਈ ਦੇ ਕਈ ਕਾਰਜ ਕਰਦੀ ਆ ਰਹੀ ਹੈ। ਇਨ੍ਹਾਂ ਵਿੱਚ ਖ਼ੂਨਦਾਨ ਕੈਂਪ, ਦਿਲ ਦੇ ਰੋਗਾਂ ਦੀ ਜਾਂਚ ਲਈ ਕੈਂਪ ਲਗਾਉਣ ਤੋਂ ਇਲਾਵਾ ਗੰਭੀਰ ਬਿਮਾਰੀਆਂ ਤੋਂ ਪੀੜਤ ਮਰੀਜ਼ਾਂ ਨੂੰ ਫੋਲਡਿੰਗ ਬੈੱਡ, ਸਟਿਕ, ਵ੍ਹੀਲਚੇਅਰ ਅਤੇ ਆਕਸੀਜਨ ਮਸ਼ੀਨ ਆਦਿ ਮੁਫ਼ਤ ਮੁਹੱਈਆ ਕਰਵਾਉਣਾ ਸ਼ਾਮਲ ਹੈ।ਇਸ ਮੌਕੇ ਸੈਕਟਰੀ ਡਾ. ਮੁਕੇਸ਼ ਗੁਰਨੇ, ਚੇਅਰਮੈਨ ਹੇਮੰਤ ਜੈਨ, ਸਾਬਕਾ ਪ੍ਰਧਾਨ ਸਤੀਸ਼ ਕੁਮਾਰ ਮੱਟੂ, ਵਿਨੋਦ ਸਿੰਗਲਾ, ਮੰਗਤ ਰਾਏ ਬਾਂਸਲ, ਡਾਕਟਰ ਰਾਹੁਲ, ਸੁਰੇਸ ਜਵਾਹਰਵਾਲਾ, ਵੀਨੂ ,ਡਾ. ਅਸ਼ੋਕ ਕੁਮਾਰ, ਜੈ ਨਰਾਇਣ, ਵਿਕਾਸ ਵਿੱਕੀ, ਨਿਤਿਨ ਕੁਮਾਰ, ਸੁਰਿੰਦਰ ਸ਼ਿੰਦੀ, ਪਰਮੋਦ ਗੋਇਲ ਅਤੇ ਰਜਤ ਸਮੇਤ ਹੋਰ ਪਤਵੰਤੇ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਵਿਸੇਸ ਲੋੜਾਂ ਵਾਲੇ ਵਿਅਕਤੀਆਂ ਨੂੰ ਵੰਡੇ ਨਕਲੀ ਅੰਗ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਲਹਿਰਾਗਾਗਾ 18 ਨਵੰਬਰ (ਰਤਨ ਗਰਗ) – ਪੀਜੀਆਈ ਲੰਗਰ ਕਮੇਟੀ ਲੇਹਲ ਕਲਾਂ, ਗ੍ਰਾਮ ਪੰਚਾਇਤ ਗੁਰੂ ਤੇਗ ਬਹਾਦਰ ਨਗਰ ਲੇਹਲ ਕਲਾਂ ਅਤੇ ਗ੍ਰਾਮ ਪੰਚਾਇਤ ਲੇਹਲ ਕਲਾਂ ਦੇ ਸਹਿਯੋਗ ਨਾਲ ਸਮਾਜ ਸੇਵੀ ਬਾਬਾ ਭਾਨਗਿਰ ਸਮੇਤ ਅਹੁਦੇਦਾਰਾਂ ਵੱਲੋਂ ਦਿਵਿਆਂਗ ਵਿਅਕਤੀਆਂ ਨੂੰ ਵਿਸੇਸ ਜਰੂਰਤ ਵਾਲਾ ਸਮਾਨ ਦਿੱਤਾ ਗਿਆ।ਜਿਸ ਵਿੱਚ ਕੰਨਾਂ ਵਾਲੀਆਂ ਮਸੀਨਾਂ, ਵਹੀਲ ਚੇਅਰ, ਛੜੀ ਸਮੇਤ ਹੋਰ ਵੀ ਲੋੜੀਦਾ ਸਮਾਨ ਮੁਫਤ ਵੰਡਿਆ ਗਿਆ। ਇਸ ਸਮੇਂ ਪ੍ਰਧਾਨ ਗੁਰਤੇਜ ਸਿੰਘ ਤੇਜਾ, ਸਤਬੀਰ ਸਿੰਘ,ਲਖਬੀਰ ਸਿੰਘ, ਨਾਇਬ ਸਿੰਘ, ਬਬਲਾ ਸਿੰਘ, ਕੁਲਦੀਪ ਬਖੋਰਾ, ਮਨਪ੍ਰੀਤ ਸਰਮਾ ਬੱਬੂ, ਪਿੰਡ ਲਹਿਲ ਕਲਾਂ ਦੇ ਸਰਪੰਚ ਗੁਰਜੀਤ ਸਿੰਘ ਫੌਜੀ, ਗੁਰੂ ਤੇਗ ਬਹਾਦਰ ਨਗਰ ਲਹਿਲ ਕਲਾਂ ਦੇ ਸਰਪੰਚ ਜਸਪਾਲ ਸਰਮਾਂ ਕਾਲਾ, ਕੋਕੀ ਪੰਚ, ਰਣਧੀਰ ਸਿੰਘ ਪੰਚ, ਬੇਅੰਤ ਸਿੰਘ ਪੰਚ, ਧੀਰਾ ਸਿੰਘ ਪੰਚ, ਮਹਿੰਦਰ ਸਿੰਘ ਪੰਚ, ਜਗਦੀਸ ਸਿੰਘ ਸਾਬਕਾ ਪੰਚ, ਜਨਕਾ ਸਿੰਘ ਸਾਬਕਾ ਪੰਚ ਅਤੇ ਹੋਰ ਵੀ ਬਹੁਤ ਸਾਰੇ ਵਿਅਕਤੀ ਮੌਜੂਦ ਸਨ। ਇਹ ਸਹਾਇਤਾ ਪ੍ਰਾਪਤ ਕਰਨ ਵਾਲੇ ਦਿਵਿਆਂਗ ਵਿਅਕਤੀਆਂ ਨੇ ਬਾਬਾ ਭਾਨਗਿਰ ਅਤੇ ਸਾਰੇ ਹੀ ਕਮੇਟੀ ਆਗੂਆਂ ਦਾ ਧੰਨਵਾਦ ਕੀਤਾ।

ਜਗਜੀਵਨ ਸਿੰਘ ਗੱਗੀ ਨੂੰ ਪੈਕਸ ਪ੍ਰਕੋਸਠ ਦਾ ਸੂਬਾ ਪ੍ਰਧਾਨ ਲਾਉਣ 'ਤੇ ਕਰਮਵੀਰ ਸਿੰਗਲਾ ਵੱਲੋਂ ਲੀਡਰਸ਼ਿਪ ਦਾ ਧੰਨਵਾਦ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ



ਸੰਗਰੂਰ, 16 ਨਵੰਬਰ(ਪ.ਪ) – ਸਹਿਕਾਰ ਭਾਰਤੀ ਪੰਜਾਬ ਦੇ ਸੂਬਾ ਸਕੱਤਰ ਜਗਜੀਵਨ ਸਿੰਘ ਗੱਗੀ ਨੂੰ ਪੈਕਸ ਪ੍ਰਕੋਸਠ ( ) ਦਾ ਸੂਬਾ ਪ੍ਰਧਾਨ ਨਿਯੁਕਤ ਕੀਤੇ ਜਾਣ 'ਤੇ ਸਹਿਕਾਰ ਭਾਰਤੀ ਜਿ਼ਲ੍ਹਾ ਸੰਗਰੂਰ ਦੇ ਜਿ਼ਲ੍ਹਾ ਪ੍ਰਧਾਨ ਕਰਮਵੀਰ ਸਿੰਗਲਾ ਨੇ ਕੇਂਦਰੀ ਅਤੇ ਸੂਬਾ ਲੀਡਰਸਿ਼ਪ ਦਾ ਦਿਲੋਂ ਧੰਨਵਾਦ ਕੀਤਾ ਹੈ। ਕਰਮਵੀਰ ਸਿੰਗਲਾ ਨੇ ਕਿਹਾ ਕਿ ਸਹਿਕਾਰ ਭਾਰਤੀ ਦੀ ਕੇਂਦਰੀ ਲੀਡਰਸਿ਼ਪ, ਰਾਸਟਰੀ ਪ੍ਰਧਾਨ ਜੀ, ਕੇਂਦਰੀ ਸੰਗਠਨ ਮੰਤਰੀ ਜੀ ਅਤੇ ਕੇਂਦਰੀ ਪੈਕਸ ਪ੍ਰਕੋਸਠ ਪ੍ਰਮੁੱਖ ਜੀ ਨੇ ਜਗਜੀਵਨ ਸਿੰਘ ਗੱਗੀ 'ਤੇ ਵਿਸਵਾਸ ਪ੍ਰਗਟਾ ਕੇ ਸਹਿਕਾਰਤਾ ਲਹਿਰ ਨੂੰ ਹੋਰ ਮਜਬੂਤ ਕੀਤਾ ਹੈ। ਉਨ੍ਹਾਂ ਸਹਿਕਾਰ ਭਾਰਤੀ ਪੰਜਾਬ ਦੇ ਸੂਬਾ ਪ੍ਰਧਾਨ ਸ੍ਰੀ ਬਲਰਾਮ ਦਾਸ ਬਾਵਾ ਜੀ ਦਾ ਵੀ ਵਿਸੇਸ ਧੰਨਵਾਦ ਕੀਤਾ, ਜਿਨ੍ਹਾਂ ਨੇ ਗੱਗੀ ਜੀ ਨੂੰ ਇਹ ਮਹੱਤਵਪੂਰਨ ਜਿ਼ੰਮੇਵਾਰੀ ਸੌਂਪੀ ਹੈ। ਕਰਮਵੀਰ ਸਿੰਗਲਾ ਨੇ ਜਗਜੀਵਨ ਸਿੰਘ ਗੱਗੀ ਨੂੰ ਵਧਾਈ ਦਿੰਦਿਆਂ ਕਿਹਾ ਕਿ ਉਨ੍ਹਾਂ ਦੀ ਨਿਯੁਕਤੀ ਨਾਲ ਪੰਜਾਬ ਵਿੱਚ ਪੈਕਸ ਸੰਸਥਾਵਾਂ ਹੋਰ ਮਜਬੂਤ ਹੋਣਗੀਆਂ ਅਤੇ ਕਿਸਾਨਾਂ ਦੇ ਹਿੱਤਾਂ ਦੀ ਆਵਾਜ ਹੋਰ ਬੁਲੰਦ ਹੋਵੇਗੀ। ਜਿ਼ਲ੍ਹਾ ਸੰਗਰੂਰ ਦੀ ਸਮੁੱਚੀ ਟੀਮ ਉਨ੍ਹਾਂ ਦੇ ਨਾਲ ਮੋਢੇ ਨਾਲ ਮੋਢਾ ਜੋੜ ਕੇ ਸਹਿਕਾਰਤਾ ਲਹਿਰ ਨੂੰ ਪਿੰਡ-ਪਿੰਡ ਤੱਕ ਪਹੁੰਚਾਉਣ ਲਈ ਕੰਮ ਕਰੇਗੀ। ਉਨ੍ਹਾਂ ਕਿਹਾ, —"ਇਹ ਸਿਰਫ ਇੱਕ ਅਹੁਦਾ ਨਹੀਂ, ਸਗੋਂ ਸਹਿਕਾਰਤਾ, ਕਿਸਾਨਾਂ ਅਤੇ ਸਮਾਜ ਦੀ ਸੇਵਾ ਦਾ ਇੱਕ ਨਵਾਂ ਸੰਕਲਪ ਹੈ।"— ਸਹਿਕਾਰ ਤੋਂ ਸਮਿ੍ਰੱਧੀ ਖੁਸਹਾਲ ਕਿਸਾਨ, ਖੁਸਹਾਲ ਪੰਜਾਬ!

ਮਨੁੱਖੀ ਅਧਿਕਾਰ ਮੰਚ ਵੱਲੋਂ ਹਰਪ੍ਰਭਜੀਤ ਕੌਰ ਨੂੰ ਬਣਾਇਆ ਚੇਅਰਪਰਸਨ ਇਸਤਰੀ ਵਿੰਗ - ਡਾ. ਖੇੜਾ



ਅੰਮ੍ਰਿਤਸਰ 18 ਨਵੰਬਰ (ਅਰਵਿੰਦਰ ਵੜੈਚ,ਪਵਿੱਤਰ ਜੋਤ)- ਮਨੁੱਖੀ ਅਧਿਕਾਰ ਮੰਚ ਰਜਿ ਪੰਜਾਬ ਭਾਰਤ ਵੱਲੋਂ ਜ਼ਿਲ੍ਹਾ ਅੰਮ੍ਰਿਤਸਰ ਵਿਖੇ ਇੱਕ ਵਿਸ਼ੇਸ਼ ਮੀਟਿੰਗ ਕੌਮੀ ਕੋਆਰਡੀਨੇਟਰ ਗੁਰਕੀਰਤ ਸਿੰਘ ਖੇੜਾ ਦੀ ਪ੍ਰਧਾਨਗੀ ਹੇਠ ਨਿੰਰਕਾਰੀ ਕਲੋਨੀ ਅੰਮ੍ਰਿਤਸਰ ਵਿੱਚ ਕਰਵਾਈ ਗਈ। ਜਿਸ ਵਿੱਚ ਸੰਸਥਾ ਦੇ ਕੌਮੀ ਪ੍ਰਧਾਨ ਡਾਕਟਰ ਜਸਵੰਤ ਸਿੰਘ ਖੇੜਾ, ਕੌਮੀ ਸ੍ਰਪਰਸਤ ਡਾਕਟਰ ਰਾਮ ਜੀ ਲਾਲ ਰਿਟਾਇਰ ਐਸ ਐਸ ਪੀ, ਕੌਮੀ ਮੀਤ ਪ੍ਰਧਾਨ ਇਸਤਰੀ ਵਿੰਗ ਕੁਲਜੀਤ ਕੌਰ ਅਤੇ ਗੁਰਦੀਪ ਕੌਰ ਗੰਗੀ ਪ੍ਰਧਾਨ ਇਸਤਰੀ ਵਿੰਗ ਚੰਡੀਗੜ੍ਹ ਵਿਸ਼ੇਸ਼ ਤੌਰ ਤੇ ਮੀਟਿੰਗ ਨੂੰ ਸੰਬੋਧਨ ਕਰਨ ਲਈ ਪਹੁੰਚੇ ਹੋਏ ਸਨ। ਇਸ ਮੌਕੇ ਸੰਸਥਾ ਵੱਲੋਂ ਕੁਝ ਨਵੀਆਂ ਨਿਯੁਕਤੀਆਂ ਕੀਤੀਆਂ ਗਈਆਂ ਜਿਨ੍ਹਾਂ ਵਿੱਚ ਹਰਪ੍ਰਭਜੀਤ ਕੌਰ ਨੂੰ ਕੌਮੀ ਚੇਅਰਪਰਸਨ ਇਸਤਰੀ ਵਿੰਗ, ਬਲਵਿੰਦਰ ਸਿੰਘ ਸੇਖੋਂ ਨੂੰ ਚੇਅਰਮੈਨ ਅਡਵਾਈਜ਼ਰੀ ਕਮੇਟੀ ਪੰਜਾਬ, ਰਛਪਾਲ ਸਿੰਘ ਰਸੀਲਾ ਨੂੰ ਚੇਅਰਮੈਨ ਬੁੱਧੀਜੀਵੀ ਸੈੱਲ, ਮਿੰਟੂ ਮਹਿਰਾ ਨੂੰ ਚੇਅਰਮੈਨ ਬਲਾਕ ਅੰਮ੍ਰਿਤਸਰ 1 ਅਤੇ ਬਲਦੇਵ ਸਿੰਘ, ਅਮੀਰ ਸਿੰਘ, ਰਣਜੀਤ ਸਿੰਘ, ਪ੍ਰਭਜੀਤ ਸਿੰਘ, ਅਤੇ ਲੱਕੀ ਡਿਗਵਾ ਨੂੰ ਮੈਂਬਰ ਨਿਯੁਕਤ ਕਰਕੇ ਸ਼ਨਾਖ਼ਤੀ ਕਾਰਡ ਅਤੇ ਨਿਯੁਕਤੀ ਪੱਤਰ ਦੇ ਕੇ ਸਨਮਾਨਿਤ ਕੀਤਾ ਗਿਆ। ਇਸ ਮੌਕੇ ਸੰਸਥਾ ਦੇ ਕੌਮੀ ਪ੍ਰਧਾਨ ਡਾਕਟਰ ਖੇੜਾ ਨੇ ਬੋਲਦਿਆਂ ਕਿਹਾ ਕਿ ਜ਼ਿਆਦਾਤਰ ਲੋਕ ਇਸ ਕਰਕੇ ਦੁੱਖ ਝੱਲਦੇ ਜਾ ਰਹੇ ਹਨ ਕਿਉਂਕਿ ਉਨ੍ਹਾਂ ਨੂੰ ਆਪਣੇ ਅਧਿਕਾਰਾਂ ਪ੍ਰਤੀ ਪੂਰੀ ਜਾਣਕਾਰੀ ਨਹੀਂ। ਉਨ੍ਹਾਂ ਮੌਲਿਕ ਅਧਿਕਾਰਾਂ ਪ੍ਰਤੀ ਪੂਰਨ ਤੌਰ ਤੇ ਚਾਨਣਾ ਪਾਇਆ। ਡਾਕਟਰ ਰਾਮ ਜੀ ਲਾਲ ਨੇ ਦੱਸਿਆ ਕਿ ਮਨੁੱਖੀ ਅਧਿਕਾਰਾਂ ਦੀ ਉਲੰਘਣਾ ਹੋਣ ਤੇ ਤੁਸੀਂ ਜ਼ਿਲ੍ਹਾ ਮੁੱਖ ਅਧਿਕਾਰੀਆਂ ਨੂੰ ਲਿਖਤੀ ਸ਼ਿਕਾਇਤ ਭੇਜ ਸਕਦੇ ਹੋ। ਇਸ ਮੌਕੇ ਕੁਲਜੀਤ ਕੌਰ ਨੇ ਕਿਹਾ ਕਿ ਮੰਚ ਦੀ ਟੀਮ ਵੱਲੋਂ ਆਮ ਲੋਕਾਂ ਨੂੰ ਜਾਗਰੂਕ ਕਰਨ ਲਈ ਮੀਟਿੰਗਾਂ ਅਤੇ ਸੈਮੀਨਾਰ ਕਰਵਾਏ ਜਾਂਦੇ ਹਨ ਤਾਂ ਜ਼ੋ ਲੋਕਾਂ ਨੂੰ ਆਪਣੇ ਹੱਕਾਂ ਪ੍ਰਤੀ ਜਾਣਕਾਰੀ ਹੋ ਸਕੇ। ਮੈਡਮ ਗੁਰਦੀਪ ਕੌਰ ਗੰਗੀ ਨੇ ਬੋਲਦਿਆਂ ਕਿਹਾ ਕਿ ਸਾਨੂੰ ਆਪਣੇ ਬੱਚਿਆਂ ਨਾਲ ਦੋਸਤਾਂ ਵਾਂਗ ਘੁਲਣਾ ਮਿਲਣਾ ਚਾਹੀਦਾ ਹੈ ਤਾਂ ਜ਼ੋ ਬੱਚੇ ਮਾਂ ਬਾਪ ਨਾਲ ਹਰ ਗੱਲ ਸਾਂਝੀ ਕਰ ਸਕਣ। ਜਗਜੀਤ ਪਾਲ ਸਿੰਘ ਚੇਅਰਮੈਨ ਯੂਥ ਵਿੰਗ ਨੇ ਬੋਲਦਿਆਂ ਕਿਹਾ ਕਿ ਯੂਥ ਨੂੰ ਆਪਣੇ ਭਵਿੱਖ ਬਾਰੇ ਖੁਦ ਸੋਚਣਾ ਪਵੇਗਾ ਜਿਸ ਨਾਲ ਉਹ ਨਸ਼ਿਆਂ ਤੋਂ ਦੂਰ ਰਹਿ ਸਕਣ। ਇਸ ਮੌਕੇ ਨਵੇਂ ਅਹੁਦੇਦਾਰਾਂ ਨੇ ਬੋਲਦਿਆਂ ਕਿਹਾ ਕਿ ਜੋ ਸਾਨੂੰ ਸੰਸਥਾ ਵੱਲੋਂ ਜ਼ੁਮੇਵਾਰੀ ਦਿੱਤੀ ਗਈ ਹੈ ਅਸੀਂ ਉਸ ਨੂੰ ਇਮਾਨਦਾਰੀ ਅਤੇ ਤਨਦੇਹੀ ਨਾਲ ਨਿਭਾਵਾਂਗੇ। ਇਸ ਮੌਕੇ ਹੋਰਨਾਂ ਤੋਂ ਇਲਾਵਾ ਪ੍ਰਭਨੂਰ ਸਿੰਘ, ਜਸਵਿੰਦਰ ਸਿੰਘ, ਬਸਾਖਾ, ਸੰਨਦੀਪ ਕੌਰ, ਗੀਤੀ, ਮਨਜੀਤ ਕੌਰ, ਨਰਿੰਦਰ ਰਤਨ, ਮਨ ਭੁੱਲਰ,ਸ਼ਨਸਾਈਨ, ਪਰਮਜੀਤ ਸਿੰਘ, ਸਰਬਜੀਤ ਸਿੰਘ ਸੁਨੀਲ , ਅਤੇ ਅਨਮੋਲ ਕੌਰ ਆਦਿ ਨੇ ਵੀ ਮੀਟਿੰਗ ਵਿੱਚ ਸ਼ਮੂਲੀਅਤ ਕੀਤੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਮਿਡ ਡੇ ਮੀਲ ਤੇ ਸਫਾਈ ਵਰਕਰਜ ਯੂਨੀਅਨ ਆਜਾਦ ਦੇ ਆਗੂਆਂ ਦੀ ਵਿੱਤ ਮੰਤਰੀ ਸ.ਹਰਪਾਲ ਸਿੰਘ ਚੀਮਾ ਤੇ ਸਬੰਧਤ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਅਹਿਮ ਪੈਨਲ ਮੀਟਿੰਗ ਹੋਈ





ਬਟਾਲਾ (ਚੰਡੀਗੜ੍ਹ (ਰਾਜਾ ਕੋਟਲੀ) – 17 ਨਵੰਬਰ ਨੂੰ ਮਿਡ ਡੇ ਮੀਲ ਤੇ ਸਫਾਈ ਵਰਕਰਜ ਯੂਨੀਅਨ ਆਜਾਦ ਦੇ ਆਗੂਆਂ ਦੀ ਮਾਨਯੋਗ ਵਿੱਤ ਮੰਤਰੀ ਸ.ਹਰਪਾਲ ਸਿੰਘ ਚੀਮਾ ਜੀ ਤੇ ਸਬੰਧਤ ਸਿੱਖਿਆ ਵਿਭਾਗ ਦੇ ਅਧਿਕਾਰੀਆਂ ਨਾਲ ਅਹਿਮ ਪੈਨਲ ਮੀਟਿੰਗ ਹੋਈ।ਮੀਟਿੰਗ ਦੌਰਾਨ ਵਿੱਤ ਮੰਤਰੀ ਜੀ ਵੱਲੋਂ ਵਿਸਵਾਸ ਦਵਾਇਆ ਗਿਆ ਕਿ ਕੁਕ ਬੀਬੀਆਂ ਦੀ ਤਨਖਾਹ ਦੁਗਣੀ ਦਾ ਨੋਟੀਫਿਕੇਸਨ ਜਲਦ ਜਾਰੀ ਕੀਤਾ ਜਾਵੇ।ਸਬੰਧਤ ਅਧਿਕਾਰੀਆਂ ਨੂੰ ਹਦਾਇਤ ਕੀਤੀ ਕਿ ਕੁੱਕ ਤੇ ਸਫਾਈ ਵਰਕਰਾਂ ਨੂੰ ਬੱਚੇ ਘਟਣ ਤੇ ਹਟਾਉਣਾ ਦਾ ਪੱਤਰ ਵਾਪਸ ਲਿਆ ਜਾਵੇ।ਸਫਾਈ ਵਰਕਰਾਂ ਤੇ ਕੁੱਕ ਬੀਬੀਆਂ ਦੀ ਬਕਾਇਆ ਤਨਖਾਹ ਤੁਰੰਤ ਜਾਰੀ ਕੀਤੀ ਜਾਵੇ।ਮਿਡ ਡੇ ਮੀਲ ਤੇ ਸਫਾਈ ਵਰਕਰਜ ਯੂਨੀਅਨ ਆਜਾਦ ਦੇ ਸੂਬਾ ਪ੍ਰਧਾਨ ਸੁਖਵਿੰਦਰ ਸਿੰਘ ਬੋਹਾ,ਸੂਬਾ ਸਕੱਤਰ ਮਨਜੀਤ ਰਾਜ ਬਟਾਲਾ ਤੇ ਸਤਿੰਦਰ ਕੌਰ ਬਟਾਲਾ ਨੇ ਕਿਹਾ ਕਿਜੇਕਰ ਕੁੱਕ ਵਰਕਰਾਂ ਤੇ ਸਫਾਈ ਵਰਕਰਾਂ ਦੀ ਤਨਖਾਹ ਦੇ ਵਾਧੇ ਦਾ ਨੋਟੀਫਿਕੇਸਨ ਜਾਰੀ ਨਾ ਕੀਤਾ ਤੇ ਸਕੂਲਾਂ ਵਿੱਚ ਬੱਚੇ ਘਟਣ ਤੇ ਕੁੱਕ ਨੂੰ ਹਟਾਉਣਾ ਬੰਦ ਨਾ ਕੀਤਾ ਤੇ ਹਟਾਏ ਗਏ ਸਫਾਈ ਵਰਕਰਾਂ ਨੂੰ ਮੁੜ ਬਹਾਲ ਨਾ ਕੀਤਾ ਤੇ ਰੁਕੀ ਹੋਈ ਤਨਖਾਹ ਜਾਰੀ ਨਾਂ ਕੀਤੀ ਤਾਂ ਤਿੱਖਾ ਸੰਘਰਸ ਕਰਾਂਗੇ।ਸਰਕਾਰ ਨੂੰ ਇਸ ਦਾ ਹਰਜਾਨਾ 2027 ਵਿੱਚ ਭੁਗਤਣਾ ਪਵੇਗਾ

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਟ੍ਰੇਨਿੰਗ ਫ੍ਰੀ ★ ਟ੍ਰੇਨਿੰਗ ਫ੍ਰੀ ★ ਟ੍ਰੇਨਿੰਗ ਫ੍ਰੀ ★ ਟ੍ਰੇਨਿੰਗ ਫ੍ਰੀ

ਦੁਬਈ, ਦੋਹਾ ਕਤਰ, ਕੁਵੈਤ, ਸਾਉਦੀ ਅਰਬ, ਬਹਿਰੀਨ, ਰੋਮਾਨੀਆਂ, ਪੋਲੈਂਡ, ਮਸਕਟ ਜਾਣ ਲਈ ਸੰਪਰਕ ਕਰੋ

ਸੁਨਹਿਰੀ ਮੌਕਾ NO ADVANCE PAYMENT AFTER VISA ਆਲ ਟਾਈਪ ਇੰਜੀਨੀਅਰ

ਕਾਰਪੇਂਟਰ	ਸਟੀਲ ਫਿਕਸਰ	ਮੈਸ਼ਨ	ਡਰਾਈਵਰ	ਆਪਰੇਟਰ	ਪੇਂਟਰ
ਹੈਲਪਰ	ਰੀਗਰ	ਸਕੈਫੋਲਡਰ	ਪਲੰਬਰ	ਇਲੈਕਟ੍ਰੀਸ਼ਨ	ਵੈਲਡਰ
ਮਕੈਨਿਕ	ਡੈਂਟਰ	ਆਟੋ ਇਲੈਕਟ੍ਰੀਸ਼ਨ	ਸਕਿਉਰਿਟੀ ਗਾਰਡ	ਚਾਰਜਹੈੱਡ	ਫੋਰਮੈਨ

GLOBAL VISION BATALA
TEST TRADE CENTRE Lic No. 35/SUM/ACT-M-A-3 (Approved by Govt. of Punjab)
1st Floor, Above Khalsa Gym, Civil Hospital Road, Batala. Agents Welcome

819505220 4, 819505220 5-819505220 6

ਪਿੰਡ ਬਖਸ਼ੀਵਾਲ ਵਿਖੇ ਲਗਾਇਆ ਗਿਆ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ



ਗੁਰਦਾਸਪੁਰ, 18 ਨਵੰਬਰ (ਪ.ਪ)

ਪੰਜਾਬ ਡੇਅਰੀ ਵਿਕਾਸ ਵਿਭਾਗ ਅਤੇ ਪੰਜਾਬ ਡੇਅਰੀ ਵਿਕਾਸ ਬੋਰਡ ਵੱਲੋਂ ਡਾਇਰੈਕਟਰ ਵਰਿਆਮ ਸਿੰਘ, ਡਿਪਟੀ ਡਾਇਰੈਕਟਰ ਡੇਅਰੀ ਗੁਰਚਰਨ ਸਿੰਘ ਦੀ ਯੋਗ ਅਗਵਾਈ ਹੇਠ ਡੀ ਡੀ 6 ਸਕੀਮ ਅਧੀਨ 18 ਨਵੰਬਰ ਨੂੰ ਪਿੰਡ ਬਖਸ਼ੀਵਾਲ ਬਲਾਕ ਕਲਾਨੌਰ ਜ਼ਿਲ੍ਹਾ ਗੁਰਦਾਸਪੁਰ ਵਿਖੇ ਇੱਕ ਦਿਨਾਂ ਦੁੱਧ ਉਤਪਾਦਕ ਕਿਸਾਨ ਜਾਗਰੂਕਤਾ ਕੈਂਪ ਲਗਾਇਆ ਗਿਆ। ਜਿਸ ਵਿਚ ਦੁੱਧ ਉਤਪਾਦਕਾਂ ਨੂੰ ਪਸ਼ੂਆਂ ਦੀਆਂ ਬਿਮਾਰੀਆਂ, ਇਨ੍ਹਾਂ ਦੇ ਇਲਾਜ ਅਤੇ ਚਾਰੇ ਸਬੰਧੀ ਮਾਹਿਰਾਂ ਵਲੋਂ ਵਿਸਥਾਰ ਵਿਚ ਜਾਣਕਾਰੀ ਦਿੱਤੀ ਗਈ। ਇਸ ਦੇ ਨਾਲ ਹੀ ਡੇਅਰੀ ਵਿਕਾਸ ਵਿਭਾਗ ਵੱਲੋਂ ਪਸ਼ੂ ਪਾਲਕਾਂ ਵਾਸਤੇ ਪੰਜਾਬ ਸਰਕਾਰ ਵੱਲੋਂ ਚਲਾਈਆ ਜਾ ਰਹੀਆਂ ਸਕੀਮਾਂ, ਸਬਸਿਡੀਆਂ ਅਤੇ ਬੀਮਾ ਸਕੀਮਾਂ ਸਬੰਧੀ ਵਿਸਥਾਰ ਵਿਚ ਜਾਣੂ ਕਰਵਾਇਆ ਗਿਆ। ਇਸ ਕੈਂਪ ਵਿਚ ਪਿੰਡ ਅਤੇ ਇਲਾਕੇ ਦੇ ਅਗਾਂਹਵਧੂ ਕਿਸਾਨਾਂ, ਦੁੱਧ ਉਤਪਾਦਕਾਂ ਨੇ ਸ਼ਾਮਲ ਹੋ ਕੇ ਲਾਭ ਲਿਆ। ਇਸ ਮੌਕੇ ਡੇਅਰੀ ਇੰਸਪੈਕਟਰ ਅਨੂੰ, ਡੇਅਰੀ ਇੰਸਪੈਕਟਰ ਕਰਨ ਭਗਤ ਅਤੇ ਅਨਾਮਿਕਾ ਰਮਾ ਡਾ ਅਸ਼ੋਕ ਸਿੰਘ ਬਸਰਾ ਅਸਿਸਟੈਂਟ ਡਾਇਰੈਕਟਰ ਪਸ਼ੂ ਪਾਲਣ,ਬਲਕਾਰ ਸਿੰਘ ਮਿਲਕਫੇਡ, ਕਮਲ ਕਿਸ਼ੋਰ ਨਿਊਟਰਾਂਟਾ ਕੰਪਨੀ, ਪਿੰਡ ਦੇ ਸਰਪੰਚ ਸਮੇਤ ਵੱਡੀ ਗਿਣਤੀ ਵਿਚ ਅਗਾਂਹਵਧੂ ਦੁੱਧ ਉਤਪਾਦਕ ਵੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਨੇ ਪਿੰਡ ਤਿੱਬੜ ਵਿਖੇ 27.37 ਕਰੋੜ ਰੁਪਏ ਦੀ ਲਾਗਤ ਨਾਲ ਬਣਨ ਵਾਲੇ ਸੀਵਰੇਜ ਪ੍ਰੋਜੈਕਟ ਅਤੇ ਐੱਸ.ਟੀ.ਪੀ. ਦਾ ਰੱਖਿਆ ਨੀਂਹ ਪੱਥਰ

☛ ਮਾਨ ਸਰਕਾਰ ਨੇ ਸੂਬਾ ਵਾਸੀਆਂ ਨਾਲ ਕੀਤੀਆਂ ਗਾਰੰਟੀਆਂ ਪੂਰੀਆਂ ਕੀਤੀਆਂ- ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ☛ ਪਿੰਡ ਤਿੱਬੜ ਨੂੰ ਸ਼ਹਿਰ ਦੀ ਤਰਜ਼ 'ਤੇ ਕੀਤਾ ਜਾਵੇਗਾ ਵਿਕਸਿਤ - ਰਮਨ ਬਹਿਲ





ਗੁਰਦਾਸਪੁਰ, 18 ਨਵੰਬਰ (ਪ.ਪ)

ਪੰਜਾਬ ਦੇ ਜਲ ਸਪਲਾਈ ਅਤੇ ਸੈਨੀਟੇਸ਼ਨ, ਮਾਲ, ਮੁੜ ਵਸੇਬਾ ਅਤੇ ਆਫ਼ਤ ਪ੍ਰਬੰਧਨ, ਮਕਾਨ ਉਸਾਰੀ ਅਤੇ ਸ਼ਹਿਰੀ ਵਿਕਾਸ ਵਿਭਾਗ ਦੇ ਕੈਬਨਿਟ ਮੰਤਰੀ ਸ. ਹਰਦੀਪ ਸਿੰਘ ਮੁੰਡੀਆਂ ਵੱਲੋਂ ਅੱਜ ਜਿਲ੍ਹਾ ਗੁਰਦਾਸਪੁਰ ਦੇ ਪਿੰਡ ਤਿੱਬੜ ਵਿਖੇ 27.37 ਕਰੋੜ ਰੁਪਏ ਦੀ ਲਾਗਤ ਨਾਲ ਤਿਆਰ ਹੋਣ ਵਾਲੇ ਸੀਵਰੇਜ ਸਕੀਮ ਅਤੇ ਸੀਵਰੇਜ ਟ?ਰੀਟਮੈਂਟ ਪਲਾਂਟ (STP) ਦੇ ਪ੍ਰੋਜੈਕਟ ਦਾ ਨੀਂਹ ਪੱਥਰ ਆਪਣੇ ਕਰ ਕਮਲਾਂ ਨਾਲ ਰੱਖਿਆ ਗਿਆ। ਇਸ ਮੌਕੇ ਹਲਕਾ ਇੰਚਾਰਜ ਗੁਰਦਾਸਪੁਰ ਸ੍ਰਮਨ ਬਹਿਲ, ਪ੍ਰਬੰਧਕੀ ਸਕੱਤਰ ਜਲ ਸਪਲਾਈ ਅਤੇ ਸੈਨੀਟੇਸ਼ਨ ਵਿਭਾਗ ਰਾਮਵੀਰ (ਮੁੱਖ ਇੰਜੀਨੀਅਰ (ਉੱਤਰ) ਇੰਜੀ. ਰਾਜੇਸ਼ ਖੋਸਲਾ, ਐੱਸ.ਈ ਅਨੁਜ ਸ਼ਰਮਾ, ਵਿਭਾਗ ਦੇ ਹੋਰ ਉੱਚ ਅਧਿਕਾਰੀ, ਪਿੰਡ ਦੀ ਪੰਚਾਇਤ ਅਤੇ ਵੱਡੀ ਗਿਣਤੀ ਵਿੱਚ ਇਲਾਕਾ ਨਿਵਾਸੀ ਹਾਜ਼ਰ ਸਨ। ਇਸ ਮੌਕੇ ਭਾਰੀ ਗਿਣਤੀ ਵਿੱਚ ਪਿੰਡ ਤਿੱਬੜ ਵਿੱਚ ਇੱਕੱਠੇ ਹੋਏ ਲੋਕਾਂ ਨੂੰ ਸੰਬੋਧਨ ਕਰਦਿਆਂ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆ ਨੇ ਕਿਹਾ ਕਿ ਮੁੱਖ ਮੰਤਰੀ ਭਗਵੰਤ ਸਿੰਘ ਮਾਨ ਦੀ ਯੋਗ ਅਗਵਾਈ ਹੇਠ ਪੰਜਾਬ ਸਰਕਾਰ ਪਿੰਡ ਦੇ ਸਰਬਪੱਖੀ ਵਿਕਾਸ ਅਤੇ ਲੋਕਾਂ ਨੂੰ ਸ਼ਹਿਰਾਂ ਵਰਗੀਆਂ ਬੁਨਿਆਦੀ ਸਹੂਲਤਾਂ ਮੁਹੱਈਆ ਕਰਵਾਉਣ ਲਈ ਵਚਨਬੱਧ ਹੈ। ਉਨ੍ਹਾਂ ਪ੍ਰੋਜੈਕਟ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੰਦਿਆਂ ਦੱਸਿਆ ਕਿ ਸਕੀਮ ਤਹਿਤ ਪਿੰਡ ਵਿੱਚ ਕੁੱਲ 19 ਕਿਲੋਮੀਟਰ ਲੰਬੀ ਸੀਵਰੇਜ ਪਾਈਪਲਾਈਨ ਵਿਛਾਈ ਜਾਵੇਗੀ ਅਤੇ 1.5 ਐੱਮ.ਐੱਲ.ਡੀ. (MLD) ਸਮਰੱਥਾ ਵਾਲਾ ਸੀਵਰੇਜ ਟਰੀਟਮੈਂਟ ਪਲਾਂਟ ਲਗਾਇਆ ਜਾਵੇਗਾ, ਜਿਸ ਨੂੰ 18 ਮਹੀਨਿਆਂ ਦੇ ਸਮੇਂ ਵਿੱਚ ਮੁਕੰਮਲ ਕਰਨ ਦਾ ਟੀਚਾ ਰੱਖਿਆ ਗਿਆ ਹੈ। ਇਸ ਤੋਂ ਇਲਾਵਾ ਸੀਵਰ ਪਾਉਣ ਸਮੇਂ ਵਾਟਰ ਸਪਲਾਈ ਦੀ ਪਾਈਪ ਲਾਈਨ ਟੁੱਟਣ ਕਾਰਣ ਉਸ ਦੀ ਥਾਂ ਤੇ ਲਗਭਗ 11 ਕਿਲੋਮੀਟਰ ਵਾਟਰ ਸਪਲਾਈ ਦੀ ਨਵੀਂ ਪਾਈਪ ਲਾਈਨ ਵੀ ਪਾਈ ਜਾਵੇਗੀ। ਕੈਬਨਿਟ ਮੰਤਰੀ ਨੇ ਕਿਹਾ ਕਿ ਪ੍ਰੋਜੈਕਟ ਦੇ ਮੁਕੰਮਲ ਹੋਣ ਨਾਲ ਪਿੰਡ ਤਿੱਬੜ ਦੇ ਲਗਭਗ 1500 ਘਰਾਂ ਅਤੇ 10,600 ਦੀ ਆਬਾਦੀ ਨੂੰ ਸਿੱਧਾ ਲਾਭ ਮਿਲੇਗਾ। ਇਸ ਨਾਲ ਵਸਨੀਕਾਂ ਦੇ ਗੰਦੇ ਪਾਣੀ ਦੀ ਨਿਕਾਸੀ ਦੀ ਲੰਬੇ ਸਮੇਂ ਤੋਂ ਲਟਕਦੀ ਆ ਰਹੀ ਮੰਗ ਪੂਰੀ ਹੋਵੇਗੀ, ਪਿੰਡ ਵਿੱਚ ਸਾਫ਼-ਸਫਾਈ ਦਾ ਮਿਆਰ ਹੋਰ ਉੱਚਾ ਹੋਵੇਗਾ ਅਤੇ ਗੰਦੇ ਪਾਣੀ ਨਾਲ ਹੋਣ ਵਾਲੀਆਂ ਬਿਮਾਰੀਆਂ ਤੋਂ ਵੀ ਬਚਿਆ ਜਾ ਸਕੇਗਾ। ਸੀਵਰੇਜ ਟ?ਰੀਟਮੈਂਟ ਪਲਾਂਟ ਲੱਗਣ ਨਾਲ ਗੰਦੇ ਪਾਣੀ ਨੂੰ ਸਾਫ ਕਰਕੇ ਮੁੜ ਵਰਤੋਂ ਵਿੱਚ ਲਿਆਂਦਾ ਜਾ ਸਕੇਗਾ, ਜਿਸ ਨਾਲ ਵਾਤਾਵਰਣ ਦੀ ਸੰਭਾਲ ਵਿੱਚ ਵੀ ਵੱਡਾ ਯੋਗਦਾਨ ਪਵੇਗਾ। ਉਨ੍ਹਾਂ ਹਲਕਾ ਇੰਚਾਰਜ ਰਮਨ ਬਹਿਲ ਵੱਲੋਂ ਗੁਰਦਾਸਪੁਰ ਹਲਕੇ ਵਿੱਚ ਕਰਵਾਏ ਜਾ ਰਹੇ ਸਰਬਪੱਖੀ ਵਿਕਾਸ ਕਾਰਜਾਂ ਦੀ ਸ਼ਲਾਘਾ ਕਰਦਿਆ ਕਿਹਾ ਕਿ ਰਮਨ ਬਹਿਲ ਹਮੇਸ਼ਾ ਆਪਣੇ ਹਲਕੇ ਦੇ ਲੋਕਾਂ ਦੀ ਭਲਾਈ ਅਤੇ ਲੋਕਪੱਖੀ ਕਾਰਜਾਂ ਲਈ ਯਤਨਸ਼ੀਲ ਰਹਿੰਦੇ ਹਨ, ਜੋ ਮਾਣ ਵਾਲੀ ਗੱਲ ਹੈ। ਉਨ੍ਹਾਂ ਅੱਗੇ ਸੰਬੋਧਨ ਕਰਦਿਆ ਕਿਹਾ ਕਿ ਮੁੱਖ ਮੰਤਰੀ ਭਗਵੰਤ ਮਾਨ ਦੀ ਅਗਵਾਈ ਵਿੱਚ ਪੰਜਾਬ ਸਰਕਾਰ ਵਲੋਂ ਹਰ ਵਰਗ ਦੀ ਭਲਾਈ ਲਈ ਲੋਕਪੱਖੀ ਨੀਤੀਆਂ ਲਾਗੂ ਕੀਤੀਆਂ ਗਈਆਂ ਹਨ ਅਤੇ ਮਾਨ ਸਰਕਾਰ ਵੱਲੋਂ ਲੋਕਾਂ ਨਾਲ ਕੀਤੀਆ ਗਰੰਟੀਆਂ ਨੂੰ ਪੂਰਾ ਕੀਤਾ ਗਿਆ ਹੈ। ਉਨ੍ਹਾਂ ਅੱਗੇ ਕਿਹਾ ਕਿ ਹਰ ਵਰਗ ਨੂੰ 600 ਯੂਨਿਟ ਮੁਫ਼ਤ ਬਿਜਲੀ, ਮਹਿਲਾਵਾਂ ਨੂੰ 1000-1500 ਰੁਪਏ ਮਹੀਨਾਵਾਰ ਸਹਾਇਤਾ,ਸਿੱਖਿਆ ਦੇ ਖੇਤਰ ਵਿੱਚ ਸੁਧਾਰ,ਸਕੂਲ ਆਫ਼ ਐਮੀਨੈਂਸ ਅਤੇ 10 ਲੱਖ ਦੇ ਮੈਡੀਕਲ ਕਾਰਡ ਵਰਗੀਆਂ ਸਰਕਾਰੀ ਸਹੂਲਤਾਂ, ਨੌਜਵਾਨਾਂ ਲਈ ਖੇਡ ਮੈਦਾਨ, ਸ਼ਰਧਾਲੂਆਂ ਲਈ ਮੁਫ਼ਤ ਤੀਰਥ ਯਾਤਰਾ ਬੱਸਾਂ ਵੀ ਲੋਕਾਂ ਦੀ ਰੋਜ਼ਾਨਾ ਜ਼ਿੰਦਗੀ ਨਾਲ ਸਿੱਧੇ ਤੌਰ 'ਤੇ ਜੁੜੀਆਂ ਹਨ ਅਤੇ ਵਿਕਾਸ ਕਾਰਜ ਨਿਰੰਤਰ ਜਾਰੀ ਹਨ। ਉਨ੍ਹਾਂ ਅੱਗੇ ਕਿਹਾ ਕਿ ਪਿੰਡ ਤਿੱਬੜ ਸਮੇਤ ਹਲਕਾ ਗੁਰਦਾਸਪੁਰ ਵਿਖੇ ਵਿਕਾਸ ਕਾਰਜਾਂ ਦੀ ਰਫਤਾਰ ਨੂੰ ਹੋਰ ਤੇਜ਼ ਕੀਤਾ ਜਾਵੇਗਾ। ਇਸ ਮੌਕੇ ਉਨ੍ਹਾਂ ਵਲੋਂ ਸੈਣੀ ਸਮਾਜ ਵਲੋਂ ਗੁਰਦਾਸਪੁਰ ਵਿਖੇ ਉਸਾਰੀ ਗਈ ਧਰਮਸ਼ਾਲਾ ਦੇ ਵਿਕਾਸ ਕਾਰਜਾਂ ਲਈ 25 ਲੱਖ ਰੁਪਏ ਦੇਣ ਦਾ ਐਲਾਨ ਵੀ ਕੀਤਾ। ਇਸ ਮੌਕੇ ਹਲਕਾ ਇੰਚਾਰਜ ਰਮਨ ਬਹਿਲ ਨੇ ਇਸ ਵੱਡੇ ਪ੍ਰੋਜੈਕਟ ਲਈ ਕੈਬਨਿਟ ਮੰਤਰੀ ਹਰਦੀਪ ਸਿੰਘ ਮੁੰਡੀਆਂ ਅਤੇ ਪੰਜਾਬ ਸਰਕਾਰ ਦਾ ਧੰਨਵਾਦ ਕਰਦਿਆਂ ਕਿਹਾ ਕਿ ਹਲਕਾ ਗੁਰਦਾਸਪੁਰ ਦੇ ਪਿੰਡਾਂ ਦੀ ਨੁਹਾਰ ਬਦਲਣ ਲਈ ਵਿਕਾਸ ਕਾਰਜ ਜੰਗੀ ਪੱਧਰ ਤੇ ਜਾਰੀ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰੋਜੈਕਟ ਦੇ ਕੰਮ ਨੂੰ ਮਿੱਥੇ ਸਮੇਂ ਅੰਦਰ ਅਤੇ ਉੱਚ ਗੁਣਵਤਾ ਨਾਲ ਮੁਕੰਮਲ ਕੀਤਾ ਜਾਵੇਗਾ। ਰਮਨ ਬਹਿਲ ਨੇ ਅੱਗੇ ਕਿਹਾ ਕਿ ਅੱਜ ਖੁਸ਼ੀਆਂ ਵਾਲਾ ਦਿਨ ਹੈ ਅਤੇ ਤਿੱਬੜ ਵਾਸੀਆਂ ਦੀ ਸਹੂਲਤ ਲਈ ਵੱਡਅਕਾਰੀ ਵਿਕਾਸ ਪ੍ਰੋਜੈਕਟ ਦੀ ਸ਼ੁਰੂਆਤ ਕੀਤੀ ਗਈ ਹੈ। ਉਨ੍ਹਾਂ ਕਿਹਾ ਕਿ ਤਿੱਬੜ ਪਿੰਡ ਦੇ ਵਿਕਾਸ ਲਈ ਕੋਈ ਕਸਰ ਬਾਕੀ ਨਹੀਂ ਰਹਿਣ ਦਿੱਤੀ ਜਾਵੇਗੀ ਅਤੇ ਤਿੱਬੜ ਪਿੰਡ ਨੂੰ ਸ਼ਹਿਰ ਦੀ ਤਰਜ਼ 'ਤੇ ਵਿਕਸਿਤ ਕੀਤਾ ਜਾਵੇਗਾ। ਉਨ੍ਹਾਂ ਨੇ ਅੱਗੇ ਕਿਹਾ ਕਿ ਗੁਰਦਾਸਪੁਰ ਹਲਕੇ ਦਾ ਸਰਵਪੱਖੀ ਵਿਕਾਸ ਉਨ੍ਹਾਂ ਦੀ ਮੁੱਖ ਤਰਜੀਹ ਹੈ ਅਤੇ ਹਲਕੇ ਦੇ ਵੱਖ-ਵੱਖ ਇਲਾਕਿਆਂ ਦੀਆਂ ਜ਼ਰੂਰਤਾਂ ਅਤੇ ਲੋਕਾਂ ਦੀਆਂ ਮੰਗਾਂ ਨੂੰ ਪਹਿਲ ਦੇ ਆਧਾਰ 'ਤੇ ਪੂਰਾ ਕਰਨ ਲਈ ਲਗਾਤਾਰ ਯਤਨ ਕੀਤੇ ਜਾ ਰਹੇ ਹਨ। ਇਸ ਮੌਕੇ ਅੰਜਲਾ ਭਰਾਵਾਂ ਵੱਲੋਂ ਸ਼ਾਨਦਾਰ ਸੱਭਿਆਚਾਰਕ ਪ੍ਰੋਗਰਾਮ ਵੀ ਪੇਸ਼ ਕੀਤਾ ਗਿਆ। ਇਸ ਮੌਕੇ ਸੰਗਠਨ ਇੰਚਾਰਜ ਭਾਰਤ ਭੂਸ਼ਣ ਸ਼ਰਮਾ, ਚੇਅਰਮੈਨ ਰਾਜੀਵ ਸ਼ਰਮਾ, ਚੇਅਰਮੈਨ ਰਣਜੀਤ ਸਿੰਘ ਰਾਣਾ,ਚੇਅਰਮੈਨ ਗਗਨਦੀਪ ਸਿੰਘ, ਚੇਅਰਮੈਨ ਮੁਖਦੇਵ ਸਿੰਘ, ਆਕਸੀਜਨ ਵਿਜੇ ਕੁਮਾਰ, ਐੱਸ.ਡੀ.ਓ ਕੰਵਰਜੀਤ ਰੱਤੜਾ, ਸ਼ਰੀਮਤੀ ਜਤਿੰਦਰ ਕੌਰ ਮੈਂਬਰ ਜ਼ਿਲ੍ਹਾ ਪ੍ਰੀਸ਼ਦ, ਟਰੱਸਟੀ ਰਘੁਬੀਰ ਸਿੰਘ ਖਾਲਸਾ, ਟਰੱਸਟੀ ਹਿਤੇਸ਼ ਮਹਾਜਨ, ਪੀਟਰ ਮੱਟੂ, ਸੈਕਟਰੀ ਜਗਜੀਤ ਸਿੰਘ ਪਿੰਟਾ, ਐੱਨ.ਆਰ. ਆਈ. ਮਨਜੀਤ ਸਿੰਘ ਬੱਬੂ, ਸਨਾਤਨ ਸੇਵਾ ਸੰਮਤੀ ਜ਼ਿਲ੍ਹਾ ਪ੍ਰਧਾਨ ਗਗਨ ਮਹਾਜਨ, ਬਲਾਕ ਪ੍ਰਧਾਨ ਰਾਜੇਸ਼ ਕੁਮਾਰ, ਬਲਾਕ ਪ੍ਰਧਾਨ ਰੁਪੇਸ਼ ਕੁਮਾਰ, ਆਸ਼ਾ ਰਾਣੀ ਮਹਿਲਾ ਮੰਡਲ ਪ੍ਰਧਾਨ, ਸਰਪੰਚ ਰਣਜੀਤ ਸਿੰਘ, ਸਮਾਜ ਸੇਵੀ ਜਨਕ ਰਾਜ, ਪਿੰਡਾਂ ਦੇ ਪੰਚ-ਸਰਪੰਚ ਅਤੇ ਆਮ ਆਦਮੀ ਪਾਰਟੀ ਦੇ ਆਗੂ ਅਤੇ ਵਰਕਰ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਲੋਕ ਸੇਵਾ ਲਈ ਐਨ ਡੀ ਕੇਅਰ ਨਿਰੋਗਮ ਅਤੇ ਸ੍ਰੀ ਲਕਸ਼ਮੀ ਨਰਾਇਣ ਆਯੁਰਵੈਦਿਕ ਹਸਪਤਾਲ ਵੱਲੋਂ ਲਗਾਏ ਜਾਣਗੇ ਮੈਡੀਕਲ ਕੈਂਪ- ਡਾ. ਨਵਦੀਪ ਸ਼ਰਮਾ



ਅੰਮ੍ਰਿਤਸਰ 18 ਨਵੰਬਰ (ਪ.ਪ)

ਐਨ.ਡੀ. ਕੇਅਰ ਨਿਰੋਗਮ ਪ੍ਰਾਈਵੇਟ ਲਿਮਟਿਡ ਦੇ ਡਾਇਰੈਕਟਰ ਡਾ. ਨਵਦੀਪ ਸ਼ਰਮਾ ਅਤੇ ਉਨ੍ਹਾਂ ਦੀ ਟੀਮ ਵੱਲੋਂ ਲੋਹਗੜ੍ਹ, ਅੰਮ੍ਰਿਤਸਰ ਸਥਿਤ ਸ੍ਰੀ ਲਕਸ਼ਮੀ ਨਾਰਾਇਣ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਦਾ ਵਿਸ਼ੇਸ਼ ਦੌਰਾ ਅਤੇ ਨਿਰੀਖਣ ਕੀਤਾ ਗਿਆ। ਇਸ ਨਿਰੀਖਣ ਦੌਰਾਨ, ਉੱਥੋਂ ਦੇ ਮਾਹਿਰ ਡਾਕਟਰਾਂ ਅਤੇ ਟੀਮ ਨੂੰ ਵੱਖ-ਵੱਖ ਤਰ੍ਹਾਂ ਦੀ ਅਗਵਾਈ ਅਤੇ ਸਿਖਲਾਈ ਪ੍ਰਦਾਨ ਕੀਤੀ ਗਈ। ਪ੍ਰਬੰਧਕੀ ਕਮੇਟੀ ਨਾਲ ਹੋਈ ਇੱਕ ਮੀਟਿੰਗ ਦੌਰਾਨ ਇਹ ਯੋਜਨਾ ਬਣਾਈ ਗਈ ਕਿ ਦੇਸ਼ ਦੇ ਪ੍ਰਾਚੀਨਤਮ ਆਯੁਰਵੈਦਿਕ ਹਸਪਤਾਲਾਂ ਵਿੱਚੋਂ ਇੱਕ, ਸ੍ਰੀ ਲਕਸ਼ਮੀ ਨਾਰਾਇਣ ਆਯੁਰਵੈਦਿਕ ਹਸਪਤਾਲ ਵਿੱਚ ਅੰਮ੍ਰਿਤਸਰ ਸ਼ਹਿਰ ਅਤੇ ਆਸ-ਪਾਸ ਦੇ ਇਲਾਕਿਆਂ ਦੇ ਨਿਵਾਸੀਆਂ ਨੂੰ ਹੋਰ ਬਿਹਤਰ ਅਤੇ ਉੱਤਮ ਪੰਚਕਰਮਾ ਸੇਵਾਵਾਂ ਪ੍ਰਦਾਨ ਕਰਨ ਲਈ ਅੱਗੇ ਹੋਰ ਕਿਹੜੇ ਕਦਮ ਚੁੱਕੇ ਜਾ ਸਕਦੇ ਹਨ। ਡਾ.ਨਵਦੀਪ ਸ਼ਰਮਾ ਨੇ ਦੱਸਿਆ ਕਿ ਕਿਵੇਂ ਅੱਜ ਪੂਰੀ ਦੁਨੀਆ ਦੇ ਵੱਖ-ਵੱਖ ਦੇਸ਼ਾਂ ਅਤੇ ਭਾਰਤ ਵਿੱਚ ਵੱਖ-ਵੱਖ ਥਾਵਾਂ 'ਤੇ ਕਈ ਪੰਚਕਰਮਾ ਸੈਂਟਰ ਚੱਲ ਰਹੇ ਹਨ ਅਤੇ ਉਨ੍ਹਾਂ ਦੀ ਸਲਾਹ ਨਾਲ ਬਹੁਤ ਸਾਰੇ ਪੰਚਕਰਮਾ ਸੈਂਟਰਾਂ ਨੂੰ ਲਾਭ ਮਿਲ ਰਿਹਾ ਹੈ। ਉਨ੍ਹਾਂ ਇਹ ਵੀ ਦੱਸਿਆ ਕਿ ਬਹੁਤ ਜਲਦ ਐਨ.ਡੀ. ਕੇਅਰ ਨਿਰੋਗਮ ਪ੍ਰਾਈਵੇਟ ਲਿਮਟਿਡ ਅਤੇ ਸ੍ਰੀ ਲਕਸ਼ਮੀ ਨਾਰਾਇਣ ਆਯੁਰਵੈਦਿਕ ਹਸਪਤਾਲ ਵੱਲੋਂ ਮਿਲ ਕੇ ਵੱਖ-ਵੱਖ ਆਯੁਰਵੈਦਿਕ ਮੈਡੀਕਲ ਕੈਂਪ ਲਗਾਏ ਜਾਣਗੇ, ਤਾਂ ਜੋ ਵੱਧ ਤੋਂ ਵੱਧ ਮਰੀਜ਼ ਆਯੁਰਵੇਦ ਪ੍ਰਤੀ ਜਾਗਰੂਕ ਹੋ ਸਕਣ ਅਤੇ ਚੰਗੇ ਆਯੁਰਵੇਦ ਦਾ ਲਾਭ ਉਠਾ ਸਕਣ। ਇਸ ਮੌਕੇ ਲਕਸ਼ਮੀ ਨਾਰਾਇਣ ਆਯੁਰਵੈਦਿਕ ਕਾਲਜ ਅਤੇ ਹਸਪਤਾਲ, ਅੰਮ੍ਰਿਤਸਰ ਦੇ ਪ੍ਰਧਾਨ ਐਡਵੋਕੇਟ ਰਮੇਸ਼ ਚੰਦਰ ਸ਼ਰਮਾ ਨੇ ਕਿਹਾ ਕਿ ਡਾ. ਸ਼ਰਮਾ ਵੱਲੋਂ ਸੁਝਾਏ ਗਏ ਸਾਰੇ ਜ਼ਰੂਰੀ ਕੰਮਾਂ ਲਈ ਮੈਨੇਜਮੈਂਟ ਪੂਰੀ ਤਰ੍ਹਾਂ ਸਹਿਯੋਗ ਕਰ ਰਹੀ ਹੈ ਅਤੇ ਹਮੇਸ਼ਾ ਚੰਗੀਆਂ ਸਹੂਲਤਾਂ ਪ੍ਰਦਾਨ ਕਰਨ ਲਈ ਵਚਨਬੱਧ ਹੈ ਤੇ ਉਹ ਯਕੀਨੀ ਤੌਰ 'ਤੇ ਇਨ੍ਹਾਂ ਨੂੰ ਲਾਗੂ ਕਰਨਗੇ। ਇਸ ਪ੍ਰੋਗਰਾਮ ਦੌਰਾਨ ਸ੍ਰੀ ਲਕਸ਼ਮੀ ਨਾਰਾਇਣ ਆਯੁਰਵੈਦਿਕ ਕਾਲਜ ਅਤੇ ਹਸਪਤਾਲ ਦੀ ਪ੍ਰਿੰਸੀਪਲ ਡਾ. ਮੀਨਾਕਸ਼ੀ ਅਰੋੜਾ, ਪੰਚਕਰਮਾ ਵਿਭਾਗ ਤੋਂ ਡਾ. ਵਰੁਣ ਭਗਤ ਅਤੇ ਡਾ. ਅਰਚਨਾ ਸ਼ਰਮਾ ਸਮੇਤ ਸੰਸਥਾ ਦੀ ਪੂਰੀ ਟੀਮ ਵਿਸ਼ੇਸ਼ ਤੌਰ 'ਤੇ ਹਾਜ਼ਰ ਰਹੀ।

ਕਲਾਸਿਕ ਲੈਜੈਂਡਜ਼ ਨੇ ਰਾਈਡਰਾਂ ਦੀ ਨਵੀਂ ਪੀੜ੍ਹੀ ਦੇ ਲਈ ਜਾਵਾ, ਯੇਜ਼ਦੀ ਅਤੇ ਬੀਐਸਏ ਨੂੰ ਨਵੇਂ ਸਿਰੇ ਤੋਂ ਕਿਵੇਂ ਪੇਸ਼ ਕੀਤਾ

ਚੰਡੀਗੜ੍ਹ, 18 ਨਵੰਬਰ (ਪ.ਪ)

ਭਾਰਤੀ ਸੜਕਾਂ 'ਤੇ ਜਾਵਾ ਅਤੇ ਯੇਜ਼ਦੀ ਦੀ ਅਧਿਕਾਰਤ ਤੌਰ 'ਤੇ ਵਾਪਸੀ ਤੋਂ ਬਹੁਤ ਪਹਿਲਾਂ ਹੀ, ਰਾਈਡਰਾਂ, ਪੁਰਾਣੇ ਮੋਟਰਸਾਈਕਲਾਂ ਨੂੰ ਠੀਕ ਕਰਨ ਵਾਲਿਆਂ, ਕਲੈਕਟਰਾਂ ਅਤੇ ਇਨ੍ਹਾਂ ਦੇ ਸ਼ੌਕੀਨਾਂ ਨੇ ਇਨ੍ਹਾਂ ਦੀ ਵਿਰਾਸਤ ਨੂੰ ਜ਼ਿੰਦਾ ਰੱਖਿਆ ਸੀ। ਇਨ੍ਹਾਂ ਸ਼ਾਨਦਾਰ ਮੋਟਰਸਾਈਕਲਾਂ ਰਾਹੀਂ, ਅਣਗਿਣਤ ਯਾਦਾਂ ਅਤੇ ਇਨ੍ਹਾਂ ਬ੍ਰਾਂਡਾਂ ਪ੍ਰਤੀ ਅਟੁੱਟ ਪਿਆਰ ਸਦਕਾ, ਉਨ੍ਹਾਂ ਨੇ ਇਹ ਯਕੀਨੀ ਬਣਾਇਆ ਕਿ ਭਾਰਤ ਵਿੱਚ ਕਲਾਸਿਕ ਮੋਟਰਸਾਈਕਲਿੰਗ ਦੀ ਭਾਵਨਾ ਬਣੀ ਰਹੇ।ਕਲਾਸਿਕ ਲੈਜੈਂਡਜ਼ ਲਈ, ਇਹ ਸਫਰ ਤਿੰਨੇ ਵੱਕਾਰੀ ਬ੍ਰਾਂਡਾਂ - ਜਾਵਾ, ਯੇਜ਼ਦੀ ਅਤੇ ਬੀਐਸਏ ਨੂੰ ਭਾਰਤ ਦੇ ਰਾਈਡਰਾਂ ਵਿਚਕਾਰ ਵਾਪਸ ਲਿਆਉਣ ਦਾ ਰਿਹਾ ਹੈ। ਇਸਦੀ ਕਹਾਣੀ ਨਾ ਸਿਰਫ਼ ਉਨ੍ਹਾਂ ਬ੍ਰਾਂਡਾਂ ਨਾਲ ਜੁੜੀ ਹੈ, ਜਿਨ੍ਹਾਂ ਨੂੰ ਇਸਨੇ ਮੁੜ ਸੁਰਜੀਤ ਕੀਤਾ, ਸਗੋਂ ਉਨ੍ਹਾਂ ਚੁਣੌਤੀਆਂ ਨਾਲ ਵੀ ਜੁੜੀ ਹੈ ਜਿ

ਪਿੰਡ ਸੁਚਾਨੀਆਂ ਵਿੱਚ ਕਿਸਾਨ ਜਾਗਰੂਕਤਾ ਕੈਂਪ ਦਾ ਆਯੋਜਨ

ਬਹਾਰ ਰੁੱਤ ਵਿੱਚ ਚੌੜੀ-ਡੂੰਘੀ ਖਾਲੀ ਵਿਧੀ ਨਾਲ ਗੰਨੇ ਦੀ ਬਿਜਾਈ ਕਰਨ ਕਿਸਾਨ : ਡਾ. ਅਮਰੀਕ ਸਿੰਘ

ਬਟਾਲਾ, 18 ਨਵੰਬਰ (ਪ .ਪ)



ਰਾਊਂਡ ਗਲਾਸ ਫਾਊਂਡੇਸ਼ਨ ਵਲੋਂ ਬਟਾਲਾ ਸਹਿਕਾਰੀ ਖੰਡ ਮਿੱਲ ਲਿਮਟਿਡ ਦੇ ਸਹਿਯੋਗ ਨਾਲ ਗੰਨਾ ਕਾਸ਼ਤਕਾਰਾਂ ਨੂੰ ਆਧੁਨਿਕ ਖੇਤੀ ਤਕਨੀਕਾਂ ਪ੍ਰਤੀ ਜਾਗਰੂਕ ਕਰਨ ਲਈ ਪਿੰਡ ਸੁਚਾਨਿਆਂ ਵਿਖੇ ਨੁੱਕੜ ਮੀਟਿੰਗ ਕੀਤੀ ਗਈ। ਸਾਬਕਾ ਕੇਨ ਕਮਿਸ਼ਨਰ ਪੰਜਾਬ , ਡਾਕਟਰ ਅਮਰੀਕ ਸਿੰਘ ਵਿਸ਼ੇਸ਼ ਤੌਰ ਤੇ ਇਸ ਕੈਂਪ ਵਿਚ ਪਹੁੰਚੇ। ਇਸ ਮੌਕੇ ਸੁਮੀਤ ਕੁਮਾਰ , ਇੰਜ.ਅੰਮ੍ਰਿਤਪਾਲ ਸਿੰਘ , ਜੋਬਨਜੀਤ ਸਿੰਘ ,ਪਲਵਿੰਦਰ ਸਿੰਘ , ਬਲਦੇਵ ਸਿੰਘ ਅਤੇ ਸੁਖਦੇਵ ਸਿੰਘ ਸਮੇਤ ਵੱਡੀ ਗਿਣਤੀ ਵਿੱਚ ਕਿਸਾਨ ਹਾਜ਼ਰ ਸਨ। ਮੀਟਿੰਗ ਨੂੰ ਸੰਬੋਧਨ ਕਰਦਿਆਂ ਡਾ. ਅਮਰੀਕ ਸਿੰਘ, ਕੇਨ ਕਮਿਸ਼ਨਰ ਪੰਜਾਬ, ਨੇ ਕਿਹਾ ਕਿ ਗੰਨੇ ਦੀ ਖੇਤੀ ਵਿੱਚ ਮਜ਼ਦੂਰਾਂ ਦੀ ਆ ਰਹੀ ਕਮੀ ਨੂੰ ਮੁੱਖ ਰੱਖਦਿਆਂ , ਬਹਾਰ ਰੁੱਤ (15 ਫਰਵਰੀ ਤੋਂ 20 ਮਾਰਚ) ਦੌਰਾਨ ਗੰਨੇ ਦੀ ਬਿਜਾਈ ਚੌੜੀ ਵਿੱਥ ਡੂੰਘੀ ਇਕਹਿਰੀ ਖਾਲੀ ਵਿਧੀ ਨਾਲ ਕਰਨ ਨੂੰ ਤਰਜੀਹ ਦੇਣੀ ਚਾਹੀਦੀ ਹੈ ਤਾਂ ਜੋ ਖੇਤੀ ਲਾਗਤ ਖਰਚੇ ਘਟਾ ਕੇ ਪ੍ਰਤੀ ਏਕੜ ਪੈਦਾਵਾਰ ਲਈ ਜਾ ਸਕੇ। ਡਾ. ਅਮਰੀਕ ਸਿੰਘ ਨੇ ਦੱਸਿਆ ਕਿ ਬਹਾਰ ਰੁੱਤ ਦੌਰਾਨ ਗੰਨੇ ਦੀ ਫ਼ਸਲ ਵਿਚ ਅੰਤਰ-ਫ਼ਸਲਾਂ ਜਿਵੇਂ ਗਰਮੀ ਰੁੱਤ ਦੇ ਮਾਂਹ,ਮੂੰਗੀ,ਭਿੰਡੀ, ਮੈਂਥਾ,ਰਾਜਮਾਂਹ ਆਦਿ ਦੀ ਕਾਸ਼ਤ ਕਰਕੇ ਕਿਸਾਨ ਵਾਧੂ ਆਮਦਨ ਵੀ ਪ੍ਰਾਪਤ ਕਰ ਸਕਦੇ ਹਨ। ਉਨ੍ਹਾਂ ਨੇ ਕਿਹਾ ਕਿ ਗੰਨੇ ਦੀ ਬਿਜਾਈ 4-5 ਫੁੱਟ ਦੀ ਦੂਰੀ ਵਾਲੀ ਚੌੜੀ-ਡੂੰਘੀ ਖਾਲੀ ਵਿਧੀ ਵਿਧੀ ਨਾਲ ਨਦੀਨਾਂ ਦੀ ਰੋਕਥਾਮ, ਮਸ਼ੀਨੀ ਗੋਡੀ, ਮਿੱਟੀ ਚੜ੍ਹਾਉਣ ਅਤੇ ਹੋਰ ਖੇਤੀ ਕਾਰਜ ਆਸਾਨ ਹੋ ਜਾਂਦੇ ਹਨ। ਕਤਾਰਾਂ ਵਿੱਚ ਹਵਾ ਅਤੇ ਧੁੱਪ ਦਾ ਵਧੀਆ ਸੰਚਾਰ ਹੋਣ ਨਾਲ ਫ਼ਸਲ ਦਾ ਵਾਧਾ ਵੀ ਸੁਚੱਜਾ ਰਹਿੰਦਾ ਹੈ। ਉਨ੍ਹਾਂ ਕਿਹਾ ਕਿ ਇਸ ਵਿਧੀ ਨਾਲ ਪਾਣੀ ਦੀ ਬਚਤ, ਜੜ੍ਹਾਂ ਦੇ ਵਧੀਆ ਵਿਕਾਸ ਅਤੇ ਗੰਨੇ ਦੇ ਮਜ਼ਬੂਤ ਵਾਧੇ ਵਿੱਚ ਮਦਦ ਮਿਲਦੀ ਹੈ ਅਤੇ ਹਵਾ ਤੇ ਮੀਂਹ ਕਾਰਨ ਫ਼ਸਲ ਦੇ ਡਿੱਗਣ ਦੀ ਸੰਭਾਵਨਾ ਘਟਦੀ ਹੈ। ਸਭ ਤੋਂ ਮਹੱਤਵਪੂਰਨ ਗੱਲ ਇਹ ਹੈ ਕਿ ਚੌੜੀ-ਡੂੰਘੀ ਖਾਲੀ ਵਿਧੀ ਨਾਲ ਗੰਨੇ ਦੀ ਹਾਰਵੈਸਟਰ ਰਾਹੀਂ ਮਕੈਨੀਕਲ ਕਟਾਈ ਵਧੇਰੇ ਸੁਚੱਜੇ ਢੰਗ ਨਾਲ ਕੀਤੀ ਜਾ ਸਕਦੀ ਹੈ। ਸੁਮੀਤ ਕੁਮਾਰ ਨੇ ਰਾਊਂਡ ਗਲਾਸ ਫਾਊਂਡੇਸ਼ਨ ਵਲੋਂ ਕੀਤੀਆਂ ਜਾ ਰਹੀਆਂ ਗਤੀਵਿਧੀਆਂ ਬਾਰੇ ਜਾਣਕਾਰੀ ਦਿੱਤੀ। ਮੀਟਿੰਗ ਵਿੱਚ ਹਾਜ਼ਰ ਗੰਨਾ ਕਾਸ਼ਤਕਾਰਾਂ ਨੇ ਸਰਕਾਰ ਤੋਂ ਗੰਨੇ ਦੀ ਖੇਤੀ ਵਿੱਚ ਮਸ਼ੀਨੀਕਰਨ ਨੂੰ ਉਤਸ਼ਾਹਿਤ ਕਰਨ ਲਈ ਲੋੜੀਂਦੀ ਖੇਤੀ ਮਸ਼ੀਨਰੀ ਸਬਸਿਡੀ 'ਤੇ ਮੁਹੱਈਆ ਕਰਵਾਉਣ ਦੀ ਮੰਗ ਕੀਤੀ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਆਰਬੀਆਈਐਸ ਵੱਲੋਂ ਸਾਈਬਰ ਸੁਰੱਖਿਆ ਅਤੇ ਏਆਈ ਬਾਰੇ ਜਾਗਰੂਕਤਾ ਵਰਕਸਾਪ ਦਾ ਆਯੋਜਨ

ਵਿਦਿਆਰਥੀਆਂ ਨੂੰ ਡਿਜੀਟਲ ਸੁਰੱਖਿਆ, ਆਨਲਾਈਨ ਧੋਖਾਧੜੀ ਅਤੇ ਏਆਈ ਦੀ ਜ਼ਿੰਮੇਵਾਰ ਵਰਤੋਂ ਬਾਰੇ ਕੀਤਾ ਜਾਗਰੂਕ





ਚੰਡੀਗੜ੍ਹ 18 ਨਵੰਬਰ (ਪ .ਪ)

ਰਿਆਤ ਬਾਹਰਾ ਇੰਟਰਨੈਸਨਲ ਸਕੂਲ (ਆਰਬੀਆਈਐਸ), ਵੱਲੋਂ ਰਿਆਤ ਬਾਹਰਾ ਯੂਨੀਵਰਸਿਟੀ ਦੇ ਸਹਿਯੋਗ ਨਾਲ ਡਿਜੀਟਲ ਸਾਖਰਤਾ ਅਤੇ ਤਕਨਾਲੋਜੀ ਦੀ ਸੁਰੱਖਿਅਤ ਤੇ ਜ਼ਿਮੇਵਾਰ ਵਰਤੋਂ ਨੂੰ ਉਤਸਾਹਿਤ ਕਰਨ ਦੇ ਉਦੇਸ ਨਾਲ ਸਾਈਬਰ ਸੁਰੱਖਿਆ ਅਤੇ ਆਰਟੀਫੀਸੀਅਲ ਇੰਟੈਲੀਜੈਂਸ (ਏਆਈ) ਸਬੰਧੀ ਜਾਗਰੂਕਤਾ ਵਰਕਸਾਪ ਦਾ ਆਯੋਜਨ ਕੀਤਾ ਗਿਆ। ਇਸ ਵਿੱਚ ਨੌਵੀਂ ਤੋਂ ਬਾਰ੍ਹਵੀਂ ਜਮਾਤ ਦੇ ਵਿਦਿਆਰਥੀਆਂ ਅਤੇ ਯੂਨੀਵਰਸਿਟੀ ਦੇ ਸੀਨੀਅਰ ਵਿਦਿਆਰਥੀਆਂ ਨੇ ਭਾਗ ਲਿਆ। ਵਰਕਸਾਪ ਦਾ ਸੰਚਾਲਨ ਸੈਕਿਊਨੀਅਸ ਟੈਕ ਦੇ ਸੰਸਥਾਪਕ ਅਤੇ ਸੀਈਓ ਅਤੇ ਸਾਈਬਰ ਸੁਰੱਖਿਆ ਤੇ ਆਰਟੀਫੀਸੀਅਲ ਇੰਟੈਲੀਜੈਂਸ ਦੇ ਮਾਹਿਰ ਸ੍ਰੀ ਪਲਵਿੰਦਰ ਸਿੰਘ ਵੱਲੋਂ ਕੀਤਾ ਗਿਆ। ਉਨ੍ਹਾਂ ਨੇ ਰੋਜਾਨਾ ਜੀਵਨ ਵਿੱਚ ਏਆਈ ਦੀ ਵਧ ਰਹੀ ਮਹੱਤਤਾ ਬਾਰੇ ਚਾਨਣਾ ਪਾਉਂਦਿਆਂ ਇਸ ਦੇ ਫਾਇਦਿਆਂ ਦੇ ਨਾਲ-ਨਾਲ ਸੰਭਾਵੀ ਖਤਰਿਆਂ ਅਤੇ ਚੁਣੌਤੀਆਂ ਬਾਰੇ ਵੀ ਵਿਸਥਾਰ ਨਾਲ ਜਾਣਕਾਰੀ ਦਿੱਤੀ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਡਿਜੀਟਲ ਤਕਨਾਲੋਜੀ ਦੀ ਸੁਰੱਖਿਅਤ ਵਰਤੋਂ, ਨਿੱਜੀ ਡੇਟਾ ਦੀ ਗੋਪਨੀਯਤਾ, ਆਨਲਾਈਨ ਧੋਖਾਧੜੀ, ਡੀਪਫੇਕ ਅਤੇ ਸਾਈਬਰ ਖਤਰਿਆਂ ਦੇ ਵੱਖ-ਵੱਖ ਰੂਪਾਂ ਬਾਰੇ ਜਾਗਰੂਕ ਕੀਤਾ। ਇੰਟਰਐਕਟਿਵ ਸੈਸਨ ਦੌਰਾਨ ਉਨ੍ਹਾਂ ਨੇ ਵਿਹਾਰਕ ਉਦਾਹਰਨਾਂ ਰਾਹੀਂ ਸਮਝਾਇਆ ਕਿ ਕਿਵੇਂ ਨਿੱਜੀ ਜਾਣਕਾਰੀ ਅਤੇ ਈਮੇਲ ਖਾਤਿਆਂ ਦੀ ਦੁਰਵਰਤੋਂ ਕੀਤੀ ਜਾ ਸਕਦੀ ਹੈ। ਉਨ੍ਹਾਂ ਨੇ ਡਿਜੀਟਲ ਪਛਾਣ ਅਤੇ ਸੰਵੇਦਨਸੀਲ ਜਾਣਕਾਰੀ ਨੂੰ ਸੁਰੱਖਿਅਤ ਰੱਖਣ ਲਈ ਅਹਿਮ ਸੁਝਾਅ ਵੀ ਸਾਂਝੇ ਕੀਤੇ। ਪਲਵਿੰਦਰ ਸਿੰਘ ਨੇ ਵਿਦਿਆਰਥੀਆਂ ਨੂੰ ਏਆਈ ਆਧਾਰਿਤ ਸਿੱਖਿਆ ਸਾਧਨਾਂ, ਡਿਜਾਈਨ ਐਪਲੀਕੇਸਨਾਂ, ਪਾਸਵਰਡ ਮੈਨੇਜਰਾਂ ਅਤੇ ਆਨਲਾਈਨ ਸੁਰੱਖਿਆ ਐਪਲੀਕੇਸਨਾਂ ਬਾਰੇ ਵੀ ਜਾਣੂ ਕਰਵਾਇਆ। ਉਨ੍ਹਾਂ ਨੇ ਮਜਬੂਤ ਪਾਸਵਰਡ ਵਰਤਣ, ਕਿਸੇ ਨਾਲ ਵੀ ਓਟੀਪੀ ਸਾਂਝਾ ਨਾ ਕਰਨ, ਸੱਕੀ ਲਿੰਕਾਂ ਤੋਂ ਬਚਣ ਅਤੇ ਇੰਟਰਨੈਂਟ 'ਤੇ ਨਿੱਜੀ ਜਾਣਕਾਰੀ ਸਾਂਝੀ ਕਰਦੇ ਸਮੇਂ ਸਾਵਧਾਨ ਰਹਿਣ ਦੀ ਸਲਾਹ ਦਿੱਤੀ। ਇਸ ਮੌਕੇ ਵਿਦਿਆਰਥੀਆਂ ਨੇ ਬੜੇ ਉਤਸਾਹ ਨਾਲ ਭਾਗ ਲਿਆ ਅਤੇ ਸਾਈਬਰ ਸੁਰੱਖਿਆ ਤੇ ਏਆਈ ਦੀ ਜ਼ਿੰਮੇਵਾਰ ਵਰਤੋਂ ਸਬੰਧੀ ਵੱਖ-ਵੱਖ ਸਵਾਲ ਪੁੱਛ ਕੇ ਮਾਹਿਰ ਨਾਲ ਵਿਚਾਰ-ਵਟਾਂਦਰਾ ਕੀਤਾ। ਵਰਕਸਾਪ ਦੇ ਅੰਤ ਵਿੱਚ ਸਕੂਲ ਦੀ ਡਾਇਰੈਕਟਰ-ਪ੍ਰਿੰਸੀਪਲ ਡਾ. ਅਭਿਲਾਸਾ ਸਿੰਘ ਨੇ ਧੰਨਵਾਦ ਦਾ ਮਤਾ ਪੇਸ ਕੀਤਾ ਅਤੇ ਪਲਵਿੰਦਰ ਸਿੰਘ ਨੂੰ ਪ੍ਰਸੰਸਾ ਦੇ ਪ੍ਰਤੀਕ ਵਜੋਂ ਯਾਦਗਾਰੀ ਚਿੰਨ੍ਹ ਭੇਟ ਕਰਕੇ ਸਨਮਾਨਿਤ ਕੀਤਾ।

ਮਾਈ ਭਾਰਤ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਐਕਸੈਲਸੀਅਰ ਪਬਲਿਕ ਸਕੂਲ ਬਟਾਲਾ ਵਿਖੇ 'ਨਸ਼ਾ ਮੁਕਤ ਯੁਵਾ ਸੰਸਦ' ਦਾ ਸ਼ਾਨਦਾਰ ਆਯੋਜਨ

☛ ਮਾਈ ਭਾਰਤ ਵਲੰਟੀਅਰ ਰਾਘਵ ਮਹਾਜਨ ਅਤੇ ਜਯੇਸ਼ ਅਗਰਵਾਲ ਦੀ ਅਗਵਾਈ ਹੇਠ ਨੌਜ਼ਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਕੀਤਾ ਜਾਗਰੂਕ, 35 ਵਿਦਿਆਰਥੀਆਂ ਨੇ ਬਤੌਰ ਬੁਲਾਰੇ ਲਿਆ ਹਿੱਸਾ, 180 ਵਿਦਿਆਰਥੀਆਂ ਨੇ ਦਰਸ਼ਕਾਂ ਵਜੋਂ ਕੀਤੀ ਸਮੂਲੀਅਤ ☛ ਪਹਿਲਾ ਸਥਾਨ ਅਨੂਰੀਤ ਕੌਰ, ਦੂਜਾ ਤਨਵੀ ਅਤੇ ਤੀਜਾ ਸਥਾਨ ਤਰਨਮ ਨੇ ਕੀਤਾ ਹਾਸਲ

ਬਟਾਲਾ, 18 ਨਵੰਬਰ ਪ .ਪ)











ਨੌਜਵਾਨਾਂ ਨੂੰ ਨਸ਼ਿਆਂ ਵਰਗੀ ਗੰਭੀਰ ਸਮਾਜਿਕ ਬੁਰਾਈ ਤੋਂ ਦੂਰ ਰੱਖਣ, ਉਨ੍ਹਾਂ ਵਿੱਚ ਸਮਾਜਿਕ ਜ਼ਿਮੇਵਾਰੀ ਦੀ ਭਾਵਨਾ ਪੈਦਾ ਕਰਨ ਅਤੇ ਇੱਕ ਸਿਹਤਮੰਦ, ਸਿੱਖਿਅਤ ਤੇ ਨਸਾ ਮੁਕਤ ਸਮਾਜ ਦੀ ਸਿਰਜਣਾ ਕਰਨ ਦੇ ਉਦੇਸ ਨਾਲ ਮਾਈ ਭਾਰਤ ਜ਼ਿਲ੍ਹਾ ਗੁਰਦਾਸਪੁਰ ਵੱਲੋਂ ਸਥਾਨਕ ਐਕਸਲਸੀਅਰ ਪਬਲਿਕ ਸਕੂਲ, ਬਟਾਲਾ ਵਿਖੇ 'ਨਸਾ ਮੁਕਤ ਯੁਵਾ ਸੰਸਦ' ਦਾ ਸ਼ਾਨਦਾਰ ਅਤੇ ਪ੍ਰਭਾਵਸਾਲੀ ਆਯੋਜਨ ਕੀਤਾ ਗਿਆ। ਇਸ ਪ੍ਰੋਗਰਾਮ ਦੌਰਾਨ ਵਿਦਿਆਰਥੀਆਂ ਨੇ ਨਸ਼ਿਆਂ ਦੇ ਵਧ ਰਹੇ ਰੁਝਾਨ, ਇਸ ਦੇ ਸਰੀਰਕ, ਮਾਨਸਿਕ ਅਤੇ ਸਮਾਜਿਕ ਨੁਕਸਾਨਾਂ ਅਤੇ ਨੌਜਵਾਨ ਪੀੜ੍ਹੀ ਨੂੰ ਇਸ ਬੁਰਾਈ ਤੋਂ ਬਚਾਉਣ ਲਈ ਕੀਤੇ ਜਾਣ ਵਾਲੇ ਯਤਨਾਂ ਬਾਰੇ ਆਪਣੇ ਵਿਚਾਰ ਬੜੇ ਉਤਸਾਹ ਅਤੇ ਆਤਮ-ਵਿਸਵਾਸ ਨਾਲ ਪੇਸ ਕੀਤੇ। ਇਸ ਜਾਗਰੂਕਤਾ ਪ੍ਰੋਗਰਾਮ ਦਾ ਮੁੱਖ ਮਕਸਦ ਨੌਜਵਾਨਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਜਾਣੂ ਕਰਵਾਉਣ ਦੇ ਨਾਲ-ਨਾਲ ਉਨ੍ਹਾਂ ਨੂੰ ਨਸਾ ਮੁਕਤ ਭਾਰਤ ਦੇ ਨਿਰਮਾਣ ਵਿੱਚ ਆਪਣੀ ਅਹਿਮ ਭੂਮਿਕਾ ਨਿਭਾਉਣ ਲਈ ਪ੍ਰੇਰਿਤ ਕਰਨਾ ਸੀ। ਪ੍ਰੋਗਰਾਮ ਰਾਹੀਂ ਵਿਦਿਆਰਥੀਆਂ ਨੂੰ ਇਹ ਸੰਦੇਸ ਦਿੱਤਾ ਗਿਆ ਕਿ ਨਸਾ ਸਿਰਫ ਇੱਕ ਵਿਅਕਤੀ ਦੀ ਜ਼ਿੰਦਗੀ ਨੂੰ ਹੀ ਬਰਬਾਦ ਨਹੀਂ ਕਰਦਾ, ਸਗੋਂ ਇਸ ਦਾ ਮਾੜਾ ਪ੍ਰਭਾਵ ਪੂਰੇ ਪਰਿਵਾਰ, ਸਮਾਜ ਅਤੇ ਦੇਸ ਦੇ ਭਵਿੱਖ 'ਤੇ ਪੈਂਦਾ ਹੈ। ਇਸ ਲਈ ਨੌਜਵਾਨਾਂ ਨੂੰ ਜਾਗਰੂਕ ਕਰਨਾ ਅਤੇ ਉਨ੍ਹਾਂ ਨੂੰ ਸਹੀ ਦਿਸਾ ਵੱਲ ਪ੍ਰੇਰਿਤ ਕਰਨਾ ਸਮੇਂ ਦੀ ਮੁੱਖ ਲੋੜ ਹੈ। ਇਸ ਸਮਾਗਮ ਦਾ ਸਫਲ ਆਯੋਜਨ ਮਾਈ ਭਾਰਤ ਦੇ ਸਰਗਰਮ ਵਲੰਟੀਅਰ ਰਾਘਵ ਮਹਾਜਨ ਅਤੇ ਜਯੇਸ ਅਗਰਵਾਲ ਦੀ ਅਗਵਾਈ ਅਤੇ ਵਿਸੇਸ ਯਤਨਾਂ ਸਦਕਾ ਕੀਤਾ ਗਿਆ। ਦੋਵਾਂ ਵਲੰਟੀਅਰਾਂ ਨੇ ਪ੍ਰੋਗਰਾਮ ਦੀ ਤਿਆਰੀ, ਵਿਦਿਆਰਥੀਆਂ ਦੀ ਭਾਗੀਦਾਰੀ ਅਤੇ ਸਮੁੱਚੇ ਪ੍ਰਬੰਧਾਂ ਵਿੱਚ ਅਹਿਮ ਭੂਮਿਕਾ ਨਿਭਾਈ। ਉਨ੍ਹਾਂ ਦੇ ਯਤਨਾਂ ਨਾਲ ਵਿਦਿਆਰਥੀਆਂ ਨੂੰ ਇੱਕ ਅਜਿਹਾ ਮੰਚ ਪ੍ਰਦਾਨ ਕੀਤਾ ਗਿਆ, ਜਿੱਥੇ ਉਹ ਨਸ਼ਿਆਂ ਵਰਗੇ ਗੰਭੀਰ ਮੁੱਦੇ 'ਤੇ ਖੁੱਲ੍ਹ ਕੇ ਆਪਣੇ ਵਿਚਾਰ ਪ੍ਰਗਟ ਕਰ ਸਕੇ ਅਤੇ ਸਮਾਜ ਵਿੱਚ ਸਕਾਰਾਤਮਕ ਤਬਦੀਲੀ ਲਿਆਉਣ ਦਾ ਸੰਕਲਪ ਲੈ ਸਕੇ। ਇਸ ਮੌਕੇ ਸਮਾਗਮ ਵਿੱਚ ਮੁੱਖ ਮਹਿਮਾਨ ਵਜੋਂ ਮੈਡਮ ਸਗੁਨ ਪਰਿਹਾਰ ਜੀ, ਵਿਧਾਇਕਾ ਕਿਸਤਵਾੜ, ਜੰਮੂ-ਕਸਮੀਰ ਅਤੇ ਰਾਸਟਰੀ ਉਪ ਪ੍ਰਧਾਨ, ਭਾਰਤੀ ਜਨਤਾ ਯੁਵਾ ਮੋਰਚਾ () ਨੇ ਵਿਸੇਸ ਤੌਰ 'ਤੇ ਸਿਰਕਤ ਕੀਤੀ। ਉਨ੍ਹਾਂ ਦੀ ਮੌਜੂਦਗੀ ਨੇ ਵਿਦਿਆਰਥੀਆਂ ਦਾ ਉਤਸਾਹ ਵਧਾਇਆ। ਇਸ ਤੋਂ ਇਲਾਵਾ ਮੈਡਮ ਮੋਨਿਕਾ ਜੀ, ਪ੍ਰਿੰਸੀਪਲ ਐਕਸਲਸੀਅਰ ਪਬਲਿਕ ਸਕੂਲ ਵਿਸੇਸ ਮਹਿਮਾਨ ਵਜੋਂ ਹਾਜਰ ਰਹੇ। ਮਾਈ ਭਾਰਤ ਦਫਤਰ ਵੱਲੋਂ ਸਾਧੂ ਰਾਮ ਜੀ ਨੇ ਵੀ ਸਮਾਗਮ ਵਿੱਚ ਵਿਸੇਸ ਤੌਰ 'ਤੇ ਸਮੂਲੀਅਤ ਕੀਤੀ।ਯੁਵਾ ਸੰਸਦ ਦੌਰਾਨ ਵਿਦਿਆਰਥੀਆਂ ਵਿੱਚ ਭਾਰੀ ਉਤਸਾਹ ਦੇਖਣ ਨੂੰ ਮਿਲਿਆ। ਇਸ ਮੌਕੇ ਕੁੱਲ 35 ਵਿਦਿਆਰਥੀਆਂ ਨੇ ਬਤੌਰ ਬੁਲਾਰੇ ਭਾਗ ਲੈਂਦਿਆਂ 'ਨਸਾ ਮੁਕਤ ਯੁਵਾ ਭਾਰਤ' ਵਿਸੇ 'ਤੇ ਆਪਣੇ ਵਿਚਾਰ ਪੇਸ ਕੀਤੇ। ਵਿਦਿਆਰਥੀਆਂ ਨੇ ਆਪਣੇ ਭਾਸਣਾਂ ਰਾਹੀਂ ਸ਼ਿਆਂ ਕਾਰਨ ਨੌਜਵਾਨਾਂ ਦੇ ਭਵਿੱਖ 'ਤੇ ਪੈ ਰਹੇ ਮਾੜੇ ਪ੍ਰਭਾਵਾਂ, ਪਰਿਵਾਰਾਂ ਵਿੱਚ ਪੈਦਾ ਹੋ ਰਹੀਆਂ ਸਮੱਸਿਆਵਾਂ ਅਤੇ ਸਮਾਜਿਕ ਤਾਣੇ-ਬਾਣੇ ਨੂੰ ਹੋ ਰਹੇ ਨੁਕਸਾਨ ਬਾਰੇ ਚਾਨਣਾ ਪਾਇਆ। ਉਨ੍ਹਾਂ ਨੇ ਇਹ ਵੀ ਦਰਸਾਇਆ ਕਿ ਸਿੱਖਿਆ, ਖੇਡਾਂ, ਸੱਭਿਆਚਾਰਕ ਗਤੀਵਿਧੀਆਂ, ਚੰਗੀ ਸੰਗਤ ਅਤੇ ਪਰਿਵਾਰਕ ਮਾਰਗਦਰਸਨ ਰਾਹੀਂ ਨੌਜਵਾਨਾਂ ਨੂੰ ਨਸ਼ਿਆਂ ਤੋਂ ਦੂਰ ਰੱਖਿਆ ਜਾ ਸਕਦਾ ਹੈ।ਇਸ ਤੋਂ ਇਲਾਵਾ ਲਗਭਗ 180 ਵਿਦਿਆਰਥੀਆਂ ਨੇ ਦਰਸਕਾਂ ਵਜੋਂ ਇਸ ਪ੍ਰੋਗਰਾਮ ਵਿੱਚ ਭਾਗ ਲਿਆ। ਉਨ੍ਹਾਂ ਨੇ ਬੁਲਾਰਿਆਂ ਦੇ ਵਿਚਾਰਾਂ ਨੂੰ ਧਿਆਨ ਨਾਲ ਸੁਣਿਆ ਅਤੇ ਨਸਾ ਮੁਕਤ ਸਮਾਜ ਦੀ ਸਿਰਜਣਾ ਲਈ ਆਪਣੀ ਜ਼ਿਮੇਵਾਰੀ ਨੂੰ ਸਮਝਿਆ। ਇਸ ਤਰ੍ਹਾਂ ਇਹ ਯੁਵਾ ਸੰਸਦ ਵਿਦਿਆਰਥੀਆਂ ਲਈ ਸਿਰਫ ਇੱਕ ਭਾਸਣ ਮੁਕਾਬਲਾ ਹੀ ਨਹੀਂ, ਸਗੋਂ ਸਮਾਜਿਕ ਜਾਗਰੂਕਤਾ, ਵਿਚਾਰ-ਵਟਾਂਦਰੇ ਅਤੇ ਨੌਜਵਾਨਾਂ ਦੀ ਸਖਸੀਅਤ ਦੇ ਵਿਕਾਸ ਦਾ ਇੱਕ ਮਹੱਤਵਪੂਰਨ ਮੰਚ ਸਾਬਤ ਹੋਈ। ਮੁਕਾਬਲੇ ਵਿੱਚ ਭਾਗ ਲੈਣ ਵਾਲੇ ਵਿਦਿਆਰਥੀਆਂ ਦੀ ਯੋਗਤਾ, ਵਿਚਾਰਾਂ ਦੀ ਸਪੱਸਟਤਾ, ਵਿਸੇ ਪ੍ਰਤੀ ਸਮਝ, ਭਾਸਣ ਕਲਾ, ਆਤਮ-ਵਿਸਵਾਸ ਅਤੇ ਪੇਸਕਾਰੀ ਦੇ ਆਧਾਰ 'ਤੇ ਪੰਜ ਮੈਂਬਰੀ ਜੱਜਾਂ ਦੇ ਪੈਨਲ ਵੱਲੋਂ ਮੁਲਾਂਕਣ ਕੀਤਾ ਗਿਆ। ਜੱਜਾਂ ਨੇ ਹਰੇਕ ਭਾਗੀਦਾਰ ਦੇ ਵਿਚਾਰਾਂ ਅਤੇ ਪੇਸਕਾਰੀ ਨੂੰ ਬਾਰੀਕੀ ਨਾਲ ਪਰਖਿਆ ਅਤੇ ਉਸ ਤੋਂ ਬਾਅਦ ਜੇਤੂਆਂ ਦੀ ਚੋਣ ਕੀਤੀ।

ਯੁਵਾ ਸੰਸਦ ਦੇ ਜੇਤੂਆਂ ਦੇ ਨਾਮ ਇਸ ਪ੍ਰਕਾਰ ਹਨ :

ਪਹਿਲਾ ਇਨਾਮ : ਅਨੂਰੀਤ ਕੌਰ
ਦੂਜਾ ਇਨਾਮ : ਤਨਵੀ
ਤੀਜਾ ਇਨਾਮ : ਤਰਨਮ

ਜੇਤੂ ਵਿਦਿਆਰਥੀਆਂ ਦੀ ਪ੍ਰਾਪਤੀ ਦੀ ਸਲਾਘਾ ਕਰਦਿਆਂ ਉਨ੍ਹਾਂ ਨੂੰ ਵਧਾਈ ਦਿੱਤੀ ਗਈ। ਇਸ ਦੇ ਨਾਲ ਹੀ ਮੁਕਾਬਲੇ ਵਿੱਚ ਹਿੱਸਾ ਲੈਣ ਵਾਲੇ ਸਾਰੇ ਵਿਦਿਆਰਥੀਆਂ ਦੇ ਯਤਨਾਂ ਦੀ ਵੀ ਪ੍ਰਸੰਸਾ ਕੀਤੀ ਗਈ। ਪ੍ਰੋਗਰਾਮ ਦਾ ਉਦੇਸ ਸਿਰਫ ਜੇਤੂਆਂ ਦੀ ਚੋਣ ਕਰਨਾ ਨਹੀਂ ਸੀ, ਸਗੋਂ ਹਰ ਵਿਦਿਆਰਥੀ ਨੂੰ ਸਮਾਜਿਕ ਮੁੱਦਿਆਂ ਪ੍ਰਤੀ ਜਾਗਰੂਕ ਕਰਨਾ ਅਤੇ ਆਪਣੀ ਗੱਲ ਪ੍ਰਭਾਵਸਾਲੀ ਢੰਗ ਨਾਲ ਰੱਖਣ ਦਾ ਮੌਕਾ ਪ੍ਰਦਾਨ ਕਰਨਾ ਸੀ। ਇਸ ਮੌਕੇ ਮੁੱਖ ਮਹਿਮਾਨ ਮੈਡਮ ਸਗੁਨ ਪਰਿਹਾਰ ਜੀ ਨੇ ਮਾਈ ਭਾਰਤ ਵੱਲੋਂ ਕੀਤੇ ਗਏ ਇਸ ਉਪਰਾਲੇ ਦੀ ਭਰਪੂਰ ਸਲਾਘਾ ਕੀਤੀ। ਉਨ੍ਹਾਂ ਨੇ ਕਿਹਾ ਕਿ ਨੌਜਵਾਨ ਕਿਸੇ ਵੀ ਦੇਸ ਦੀ ਸਭ ਤੋਂ ਵੱਡੀ ਤਾਕਤ ਅਤੇ ਭਵਿੱਖ ਹੁੰਦੇ ਹਨ। ਜੇਕਰ ਨੌਜਵਾਨ ਸਹੀ ਦਿਸਾ ਵਿੱਚ ਅੱਗੇ ਵਧਣ ਅਤੇ ਸਮਾਜਿਕ ਬੁਰਾਈਆਂ ਖਿਲਾਫ ਜਾਗਰੂਕ ਹੋਣ ਤਾਂ ਦੇਸ ਨੂੰ ਤਰੱਕੀ ਦੀਆਂ ਨਵੀਆਂ ਉਚਾਈਆਂ ਤੱਕ ਪਹੁੰਚਾਇਆ ਜਾ ਸਕਦਾ ਹੈ। ਉਨ੍ਹਾਂ ਨੇ ਵਿਦਿਆਰਥੀਆਂ ਨੂੰ ਨਸ਼ਿਆਂ ਤੋਂ ਦੂਰ ਰਹਿਣ, ਆਪਣੀ ਪੜ੍ਹਾਈ ਅਤੇ ਕਰੀਅਰ ਵੱਲ ਧਿਆਨ ਦੇ

ਪੁਲਿਸ ਵੱਲੋਂ ਐਲ.ਈ.ਡੀ. ਟੀ.ਵੀ. ਚੋਰੀ ਕਰਨ ਵਾਲੇ ਪੰਜ ਮੈਂਬਰੀ ਗਿਰੋਹ ਦੇ ਤਿੰਨ ਮੈਂਬਰ ਗ੍ਰਿਫਤਾਰ

ਜ਼ੀਰਕਪੁਰ, 18 ਨਵੰਬਰ (ਪ.ਪ)



ਪੁਲਿਸ ਵੱਲੋਂ ਮਾੜੇ ਅਨਸਰਾਂ ਵਿਰੁੱਧ ਚਲਾਈ ਮੁਹਿੰਮ ਦੌਰਾਨ 7 ਨਵੰਬਰ ਨੂੰ ਸ਼ਿਵਾਲਿਕ ਡਿਸਟ੍ਰੀਬਿਊਸ਼ਨ ਪ੍ਰਾਇਵੇਟ ਲਿਮਿ: ਦੇ ਗੋਦਾਮ ਮੋਦੀਕੁੰਜ ਜ਼ੀਰਕਪੁਰ ਵਿੱਚ ਐਲ.ਈ.ਡੀਜ਼ ਟੀ.ਵੀ.ਚੋਰੀ ਕਰਨ ਵਾਲ਼ੇ 5 ਮੈਂਬਰੀ ਗਿਰੋਹ ਦੇ 3 ਦੋਸ਼ੀਆਂ ਨੂੰ ਗ੍ਰਿਫਤਾਰ ਕਰਕੇ ਉਨ੍ਹਾਂ ਪਾਸੋਂ 98 ਐਲ.ਈ.ਡੀਜ਼ ਟੀ.ਵੀ. 43 ਇੰਚ ਮਾਰਕਾ ਟੀਸੀਐਲ (ਜਿਨਾਂ ਦੀ ਕੁੱਲ ਕੀਮਤ 42,14,000/- ਰੁਪਏ ਹੈ) ਬ੍ਰਾਮਦ ਕਰਵਾਉਣ ਵਿੱਚ ਸਫਲਤਾ ਹਾਸਲ ਕੀਤੀ ਹੈ। ਜਿਸਦੇ ਨਾਲ ਵਾਰਦਾਤ ਵਿੱਚ ਵਰਤਿਆ ਕੈਂਟਰ ਨੰ: 37--7435 ਵੀ ਕਬਜ਼ੇ ਵਿੱਚ ਲਿਆ ਗਿਆ । ਸੌਰਵ ਜਿੰਦਲ ਕਪਤਾਨ ਪੁਲਿਸ ਨੇ ਦੱਸਿਆ ਕਿ ਮਿਤੀ 12 ਨਵੰਬਰ ਨੂੰ ਸੁਮਿਤ ਪੁੱਤਰ ਲੇਟ ਰਾਮ ਨਾਥ ਵਾਸੀ ਮਕਾਨ ਨੰ: 329 ਜੋਗੀਆਂ ਵਾਲ਼ਾ ਮੁਹੱਲਾ ਨਰਾਇਣਗੜ੍ਹ, ਜ਼ਿਲ੍ਹਾ ਅੰਬਾਲ਼ਾ, ਹਰਿਆਣਾ ਦੇ ਬਿਆਨਾਂ ਦੇ ਅਧਾਰ ਨਾ-ਮਾਲੂਮ ਦੋਸ਼ੀਆਂ ਵਿਰੁੱਧ ਮੁਕੱਦਮਾ ਥਾਣਾ ਜ਼ੀਰਕਪੁਰ ਦਰਜ ਕੀਤਾ ਗਿਆ ਸੀ । ਟੀਐਲਸੀ ਕੰਪਨੀ ਦੇ ਗੋਦਾਮ ਜ਼ੀਰਕਪੁਰ ਵਿੱਚ ਵੱਖ-ਵੱਖ ਪ੍ਰਕਾਰ ਦੇ ਐਲਈਡੀ ਟੀਵੀ, ਫਰਿਜ, ਮਾਈਕ੍ਰੋਵੇਵ, ਏਸੀ ਆਦਿ ਸਟਾਕ ਸੀ । ਜਦੋਂ ਨਵੰਬਰ 10 ਨੂੰ ਸਵੇਰੇ ਵਕਤ ਕਰੀਬ 10:15 ਵਜੇ ਵਾਪਸ ਆ ਕੇ ਵੇਖਿਆ ਤਾਂ ਗੋਦਾਮ ਦੇ ਸ਼ਟਰ ਟੁੱਟੇ ਹੋਏ ਸੀ, ਜੋ ਚੈੱਕ ਕਰਨ ਤੇ ਗੋਦਾਮ ਵਿੱਚੋਂ ਕੁੱਲ 133 ਪੀਸ ਐਲਈਡੀ ਟੀਵੀ ਚੋਰੀ ਹੋਣੇ ਪਾਏ ਗਏ। ਜਿਸਦੇ ਅਧਾਰ ਤੇ ਨਾ-ਮਾਲੂਮ ਦੋਸ਼ੀਆਂ ਵਿਰੁੱਧ ਉਕਤ ਮੁਕੱਦਮਾ ਥਾਣਾ ਜ਼ੀਰਕਪੁਰ ਵਿਖੇ ਦਰਜ ਰਜਿਸਟਰ ਕੀਤਾ ਗਿਆ ਸੀ। ਸੀਨੀਅਰ ਕਪਤਾਨ ਪੁਲਿਸ, ਜ਼ਿਲ੍ਹਾ ਐਸ.ਏ.ਐਸ. ਨਗਰ ਵੱਲੋਂ ਮੁਕੱਦਮਾ ਨੂੰ ਹਰ ਹਾਲਤ ਵਿੱਚ ਟਰੇਸ ਕਰਨ ਲਈ ਹਦਾਇਤਾਂ ਜਾਰੀ ਕੀਤੀਆਂ ਗਈਆਂ ਸਨ, ਜਿਸਤੇ ਇੰਸ: ਹਰਮਿੰਦਰ ਸਿੰਘ ਦੀ ਟੀਮ ਵੱਲੋਂ ਕਾਰਵਾਈ ਕਰਦੇ ਹੋਏ, ਟੈਕਨੀਕਲ ਅਤੇ ਹਿਊਮਨ ਸੋਰਸਾਂ ਦੀ ਮਦਦ ਨਾਲ਼ ਦੋਸ਼ੀਆਂ ਦਾ ਸੁਰਾਗ ਲਗਾਕੇ ਦੋਸ਼ੀ ਸਾਹਿਲ, ਦੀਪਕ ਅਤੇ ਰਵਿੰਦਰ ਸਿੰਘ ਨੂੰ ਗ੍ਰਿਫਤਾਰ ਕੀਤਾ ਗਿਆ । ਬਾਕੀ ਅਜੇ ਦੋਸ਼ੀ ਮਨਜੀਤ ਸਿੰਘ ਅਤੇ ਸ਼ਲੀਨ ਸਿੰਗਲਾ ਦੀ ਗ੍ਰਿਫਤਾਰੀ ਬਾਕੀ ਹੈ । ਜਿਨਾਂ ਦੀ ਗ੍ਰਿਫਤਾਰੀ ਤੋਂ ਬਾਅਦ ਬਾਕੀ ਐਲਈਡੀਜ਼ ਬ੍ਰਾਮਦ ਕਰਵਾਈਆਂ ਜਾਣਗੀਆਂ । ਦੋਸ਼ੀਆਂ ਨੂੰ ਅਦਾਲਤ ਵਿੱਚ ਪੇਸ਼ ਕਰਕੇ ਪੁਲਿਸ ਰਿਮਾਂਡ ਹਾਸਲ ਕੀਤਾ ਗਿਆ ਹੈ।



ਸ਼ੇ੍ਆ ਘੋਸ਼ਾਲ ਅਤੇ ਬਾਦਸ਼ਾਹ ਦੀਆਂ ਸ਼ਾਨਦਾਰ ਪੇਸ਼ਕਾਰੀਆਂ ਨਾਲ ਕਪਿਲ ਦਾ ਸਟੇਜ ਬਣਿਆ ਮਿਊਜ਼ਿਕਲ ਕਨਸਰਟ

ਚੰਡੀਗੜ੍ਹ, 18 ਨਵੰਬਰ (ਪ.ਪ)

ਜਦੋਂ ਭਾਰਤ ਦੇ ਦੋ ਸਭ ਤੋਂ ਪਸੰਦੀਦਾ ਸੰਗੀਤਕ ਸਿਤਾਰੇ ਇਕੱਠੇ ਆਉਂਦੇ ਹਨ, ਤਾਂ ਕਪਿਲ ਦੇ ਸੋਫੇ 'ਤੇ ਹੋਣ ਵਾਲੀ ਆਮ ਸ਼ਾਮ ਵੀ ਇੱਕ ਸ਼ਾਨਦਾਰ ਸੰਗੀਤਕ ਜਸ਼ਨ ਵਿੱਚ ਬਦਲ ਜਾਂਦੀ ਹੈ! ਇਸ ਹਫ਼ਤੇ ਨੈੱਟਫਲਿਕਸ ਦੇ 'ਦਿ ਗ੍ਰੇਟ ਇੰਡੀਅਨ ਕਪਿਲ ਸ਼ੋਅ' ਸੀਜ਼ਨ 5 ਵਿੱਚ ਸੁਰੀਲੀ ਆਵਾਜ਼ ਦੀ ਮਲਿਕਾ ਸ਼ੇ੍ਆ ਘੋਸ਼ਾਲ ਅਤੇ ਰੈਪਰ ਬਾਦਸ਼ਾਹ ਮਹਿਮਾਨ ਵਜੋਂ ਪਹੁੰਚਣਗੇ। ਇਹ ਸ਼ਾਮ ਸੰਗੀਤ, ਮਸਤੀ ਅਤੇ ਕਈ ਦਿਲਚਸਪ ਖੁਲਾਸਿਆਂ ਨਾਲ ਭਰਪੂਰ ਹੋਵੇਗੀ। ਸ਼ਾਨਦਾਰ ਐਂਟਰੀ ਦੇ ਨਾਲ ਦੋਵੇਂ ਕਲਾਕਾਰ ਆਪਣੀਆਂ ਸੰਗੀਤਕ ਪੇਸ਼ਕਾਰੀਆਂ ਨਾਲ ਸਟੇਜ 'ਤੇ ਛਾ ਜਾਂਦੇ ਹਨ ਅਤੇ ਐਪੀਸੋਡ ਨੂੰ ਮਨੋਰੰਜਨ ਅਤੇ ਹੈਰਾਨੀਜਨਕ ਪਲਾਂ ਨਾਲ ਭਰ ਦਿੰਦੇ ਹਨ।ਜਿੱਥੇ ਸੰਗੀਤ ਇਸ ਸ਼ਾਮ ਨੂੰ ਖਾਸ ਬਣਾਉਂਦਾ ਹੈ, ਉੱਥੇ ਹੀ ਗੱਲਬਾਤ ਵੀ ਹਾਸੇ-ਮਜ਼ਾਕ ਦਾ ਤੜਕਾ ਲਗਾਉਂਦੀ ਹੈ! ਸ਼ੇ੍ਆ ਘੋਸ਼ਾਲ 14 ਸਾਲਾਂ ਬਾਅਦ ਪਹਿਲੀ ਵਾਰ ਕਪਿਲ ਦੇ ਸ਼ੋਅ ਵਿੱਚ ਨਜ਼ਰ ਆਵੇਗੀ ਅਤੇ ਇਸ ਲੰਬੇ ਇੰਤਜ਼ਾਰ ਦੇ ਪਿੱਛੇ ਦੀ ਇੱਕ ਬੇਹੱਦ ਮਜ਼ੇਦਾਰ ਵਜ?ਹਾ ਵੀ ਦੱਸੇਗੀ। ਇਸ ਦੌਰਾਨ ਬਾਦਸ਼ਾਹ ਵੀ ਸ਼ੇ੍ਆ ਦੀ ਖੂਬ ਖਿੱਚਾਈ ਕਰਦੇ ਹੋਏ ਉਨ੍ਹਾਂ ਨੂੰ ਸ਼ਰਾਰਤੀ ਦੱਸਦਾ ਹੈ ਅਤੇ ਮਜ਼ਾਕ ਵਿੱਚ ਕਹਿੰਦਾ ਹੈ, "ਅਸਲੀ ਬੈਡ ਬੁਆਏ ਸ਼ਾਹ ਤਾਂ ਇਹ ਹੈ।"ਇਸ ਗੱਲ 'ਤੇ ਦੋਵਾਂ ਵਿਚਾਲੇ ਹਾਸੇ ਅਤੇ ਮਜ਼ਾਕ ਦਾ ਦੌਰ ਸ਼ੁਰੂ ਹੋ ਜਾਂਦਾ ਹੈ। ਸ਼ੇ੍ਆ ਇਹ ਵੀ ਦੱਸਦੀ ਹੈ ਕਿ ਉਹ ਬਾਦਸ਼ਾਹ ਨੂੰ 'ਪੂਕੀ' ਕਹਿ ਕੇ ਬੁਲਾਉਂਦੀ ਹੈ। ਉਹ ਕਹਿੰਦੀ ਹੈ, "ਉਹ (ਬਾਦਸ਼ਾਹ) ਜਿੰਨੇ ਬੈਡੀ ਦਿਖਦੇ ਹਨ, ਅੰਦਰੋਂ ਉਨੇ ਹੀ ਸਾਫਟ ਅਤੇ ਨਰਮ ਦਿਲ ਦੇ ਹਨ। ਇੱਕ ਵਾਰ ਫਿਰ ਸੁਨੀਲ ਗਰੋਵਰ, ਕ੍ਰਿਸ਼ਨਾ ਅਭਿਸ਼ੇਕ ਅਤੇ ਕੀਕੂ ਸ਼ਾਰਦਾ ਆਪਣੀਆਂ ਖਾਸ ਮਜ਼ਾਕੀਆ ਹਰਕਤਾਂ ਅਤੇ ਸ਼ਾਨਦਾਰ ਕਾਮਿਕ ਟਾਈਮਿੰਗ ਨਾਲ ਦਰਸ਼ਕਾਂ ਦਾ ਮਨੋਰੰਜਨ ਕਰਨ ਵਿੱਚ ਕੋਈ ਕਸਰ ਨਹੀਂ ਛੱਡਦੇ।ਸ਼ੇ੍ਆ ਘੋਸ਼ਾਲ ਅਤੇ ਬਾਦਸ਼ਾਹ ਦੀਆਂ ਸੰਗੀਤਕ ਪੇਸ਼ਕਾਰੀਆਂ ਦੇ ਨਾਲ-ਨਾਲ ਮਜ਼ੇਦਾਰ ਗੱਲਬਾਤ ਅਤੇ ਹਾਸੇ-ਮਜ਼ਾਕ ਨਾਲ ਭਰਪੂਰ ਇਹ ਐਪੀਸੋਡ ਦਰਸ਼ਕਾਂ ਲਈ ਸੰਗੀਤ, ਹਾਸੇ ਅਤੇ ਮਨੋਰੰਜਨ ਦਾ ਸ਼ਾਨਦਾਰ ਸੁਮੇਲ ਲੈ ਕੇ ਆਵੇਗਾ।'ਦਿ ਗ੍ਰੇਟ ਇੰਡੀਅਨ ਕਪਿਲ ਸ਼ੋਅ' ਸੀਜ਼ਨ 5 ਦਾ ਨਵਾਂ ਐਪੀਸੋਡ ਇਸ ਸ਼ਨੀਵਾਰ ਰਾਤ 8 ਵਜੇ ਸਿਰਫ਼ ਨੈੱਟਫਲਿਕਸ 'ਤੇ ਦੇਖਣਾ ਨਾ ਭੁੱਲੋ।

ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਵੱਲੋਂ ਸਾਰੇ ਵਿਭਾਗਾਂ ਨੂੰ ਪੋਸ਼ ਐਕਟ ਦੀ ਪਾਲਣਾ ਰਿਪੋਰਟਾਂ ਜਮ੍ਹਾਂ ਕਰਨ ਦੇ ਨਿਰਦੇਸ਼

ਭਗਵੰਤ ਮਾਨ ਸਰਕਾਰ ਲਈ ਕੰਮਕਾਜੀ ਥਾਵਾਂ 'ਤੇ ਔਰਤਾਂ ਦੀ ਸੁਰੱਖਿਆ ਨੂੰ ਪਹਿਲ - ਹਰਪਾਲ ਸਿੰਘ ਚੀਮਾ

ਚੰਡੀਗੜ੍ਹ; 18 ਨਵੰਬਰ (ਪ.ਪ)



ਮੁਲਾਜ਼ਮਾਂ ਦੇ ਮਸਲਿਆਂ ਅਤੇ ਚਿੰਤਾਵਾਂ ਨੂੰ ਹੱਲ ਕਰਨ ਲਈ ਬਣਾਈ ਗਈ ਕੈਬਨਿਟ ਸਬ-ਕਮੇਟੀ ਦੇ ਚੇਅਰਮੈਨ ਅਤੇ ਵਿੱਤ ਮੰਤਰੀ ਪੰਜਾਬ ਹਰਪਾਲ ਸਿੰਘ ਚੀਮਾ ਨੇ ਅੱਜ ਔਰਤਾਂ ਲਈ ਕੰਮਕਾਜੀ ਥਾਵਾਂ 'ਤੇ ਸੁਰੱਖਿਆ ਯਕੀਨੀ ਬਣਾਉਣ ਲਈ ਅਹਿਮ ਨਿਰਦੇਸ਼ ਜਾਰੀ ਕੀਤੇ। ਉਨ੍ਹਾਂ ਨੇ ਸਾਰੇ ਪ੍ਰਸ਼ਾਸਨਿਕ ਵਿਭਾਗਾਂ ਨੂੰ ਔਰਤਾਂ ਦਾ ਕੰਮ ਵਾਲੀ ਥਾਂ 'ਤੇ ਜਿਨਸੀ ਸ਼ੋਸ਼ਣ (ਰੋਕਥਾਮ, ਮਨਾਹੀ ਅਤੇ ਨਿਵਾਰਣ) ਐਕਟ, 2013 (ਪੋਸ਼ ਐਕਟ) ਤਹਿਤ ਅੰਦਰੂਨੀ ਕਮੇਟੀਆਂ ਦੇ ਗਠਨ ਬਾਰੇ ਮੁਕੰਮਲ ਪਾਲਣਾ ਰਿਪੋਰਟਾਂ ਜਮ?ਹਾਂ ਕਰਨ ਦੇ ਨਿਰਦੇਸ਼ ਦਿੱਤੇ। ਮੰਤਰੀ ਨੇ ਇਹ ਵੀ ਹੁਕਮ ਦਿੱਤਾ ਕਿ ਕਮੇਟੀ ਮੈਂਬਰਾਂ ਦੇ ਨਾਂ ਵਿਭਾਗੀ ਨੋਟਿਸ ਬੋਰਡਾਂ ਅਤੇ ਅਧਿਕਾਰਤ ਵੈੱਬਸਾਈਟਾਂ 'ਤੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕੀਤੇ ਜਾਣ। ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਨਾਲ ਮੀਟਿੰਗ ਦੌਰਾਨ, ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਨੂੰ ਸਾਰੇ ਪ੍ਰਸ਼ਾਸਨਿਕ ਵਿਭਾਗਾਂ ਤੋਂ ਮੁਕੰਮਲ ਪਾਲਣਾ ਰਿਪੋਰਟ ਮੰਗਣ ਦੇ ਨਿਰਦੇਸ਼ ਦਿੱਤੇ। ਵਿੱਤ ਮੰਤਰੀ ਹਰਪਾਲ ਸਿੰਘ ਚੀਮਾ ਨੇ ਕਿਹਾ, ÷ਇਹ ਰਿਪੋਰਟ ਔਰਤਾਂ ਦਾ ਕੰਮ ਵਾਲੀ ਥਾਂ 'ਤੇ ਜਿਨਸੀ ਸ਼ੋਸ਼ਣ (ਰੋਕਥਾਮ, ਮਨਾਹੀ ਅਤੇ ਨਿਵਾਰਣ) ਐਕਟ, 2013 (ਪੋਸ਼ ਐਕਟ) ਤਹਿਤ ਲੋੜੀਂਦੀਆਂ ਕਮੇਟੀਆਂ ਦੇ ਗਠਨ ਦੀ ਪੁਸ਼ਟੀ ਕਰੇਗੀ। ਵਿੱਤ ਮੰਤਰੀ ਨੇ ਵਿਭਾਗ ਨੂੰ ਇਹ ਸਪੱਸ਼ਟ ਦਿਸ਼ਾ-ਨਿਰਦੇਸ਼ ਜਾਰੀ ਕਰਨ ਦੇ ਵੀ ਨਿਰਦੇਸ਼ ਦਿੱਤੇ ਕਿ ਸਾਰੇ ਕਮੇਟੀ ਮੈਂਬਰਾਂ ਦੇ ਨਾਂ ਵਿਭਾਗੀ ਨੋਟਿਸ ਬੋਰਡਾਂ ਅਤੇ ਅਧਿਕਾਰਤ ਵੈੱਬਸਾਈਟਾਂ 'ਤੇ ਪ੍ਰਮੁੱਖਤਾ ਨਾਲ ਪ੍ਰਦਰਸ਼ਿਤ ਕਰਨੇ ਲਾਜ਼ਮੀ ਕੀਤੇ ਜਾਣ। ਔਰਤਾਂ ਦੀ ਕੰਮ ਵਾਲੀ ਥਾਂ ਦੀ ਸੁਰੱਖਿਆ ਦੇ ਮੁੱਦੇ ਨੂੰ ਹੱਲ ਕਰਨ ਤੋਂ ਇਲਾਵਾ, ਹਰਪਾਲ ਸਿੰਘ ਚੀਮਾ ਨੇ ਕਈ ਹੋਰ ਮੁਲਾਜ਼ਮ ਜਥੇਬੰਦੀਆਂ ਨਾਲ ਵੀ ਵਿਸਤ੍ਰਿਤ ਮੀਟਿੰਗਾਂ ਕੀਤੀਆਂ ਤਾਂ ਜੋ ਉਨ੍ਹਾਂ ਦੀਆਂ ਲੰਬਿਤ ਸ਼ਿਕਾਇਤਾਂ ਨੂੰ ਸੁਣਿਆ ਜਾ ਸਕੇ ਅਤੇ ਉਨ੍ਹਾਂ ਵੱਲੋਂ ਸੌਂਪੇ ਗਏ ਮੰਗ ਪੱਤਰਾਂ ਨੂੰ ਵਿਚਾਰਿਆ ਜਾ ਸਕੇ। ਸਾਰੀਆਂ ਨੁਮਾਇੰਦਾ ਜਥੇਬੰਦੀਆਂ ਨੂੰ ਧਿਆਨ ਅਤੇ ਹਮਦਰਦੀ ਨਾਲ ਸੁਣਦਿਆਂ, ਕੈਬਨਿਟ ਮੰਤਰੀ ਨੇ ਉਨ੍ਹਾਂ ਨੂੰ ਭਰੋਸਾ ਦਿਵਾਇਆ, "ਭਗਵੰਤ ਮਾਨ ਸਰਕਾਰ ਤੁਹਾਡੇ ਮਸਲਿਆਂ 'ਤੇ ਸਰਗਰਮੀ ਨਾਲ ਕੰਮ ਕਰ ਰਹੀ ਹੈ। ਤੁਹਾਡੀਆਂ ਜ਼ਿਆਦਾਤਰ ਜਾਇਜ਼ ਮੰਗਾਂ ਪਹਿਲਾਂ ਹੀ ਪ੍ਰਸ਼ਾਸਨਿਕ ਪ੍ਰਕਿਰਿਆ ਵਿੱਚ ਹਨ ਅਤੇ ਜਲਦੀ ਹੀ ਪੂਰੀਆਂ ਕੀਤੀਆਂ ਜਾਣਗੀਆਂ।" ਮੀਟਿੰਗਾਂ ਦੌਰਾਨ, ਇਸਤਰੀ ਮੁਲਾਜ਼ਮ ਤਾਲਮੇਲ ਕਮੇਟੀ ਪੰਜਾਬ ਤੋਂ ਵਿੱਤ ਸਕੱਤਰ ਰਣਜੀਤ ਕੌਰ ਅਤੇ ਜਨਰਲ ਸਕੱਤਰ ਗੁਰਪ੍ਰੀਤ ਕੌਰ, ਪੰਜਾਬ ਪੁਲਿਸ 2016 ਵੇਟਿੰਗ ਲਿਸਟ ਉਮੀਦਵਾਰਾਂ ਵੱਲੋਂ ਅਮਨਦੀਪ ਸਿੰਘ, ਜੀ.ਪੀ.ਡਬਲਯੂ.ਐਸ.ਸੀ. ਵਾਟਰ ਸਪਲਾਈ ਪੰਪ ਆਪਰੇਟਰ ਐਸੋਸੀਏਸ਼ਨ ਪੰਜਾਬ ਤੋਂ ਬੇਅੰਤ ਸਿੰਘ, ਪੰਜਾਬ ਪੁਲਿਸ ਕੋਰੋਨਾ ਵਾਰੀਅਰਜ਼ ਤੋਂ ਗੁਰਬਾਜ਼ ਸਿੰਘ, ਪੰਜਾਬ ਦੀ ਮਨਰੇਗਾ ਕਰਮਚਾਰੀ ਯੂਨੀਅਨ ਤੋਂ ਗੁਰਸੇਵਕ ਸਿੰਘ, ਸੰਯੁਕਤ ਆਤਮਾ ਪੰਜਾਬ ਐਸੋਸੀਏਸ਼ਨ (ਸਾਪਾ) ਤੋਂ ਗੁਰਪ੍ਰਤਾਪ ਸਿੰਘ ਔਲਖ, ਸਰਵ ਆਂਗਣਵਾੜੀ ਵਰਕਰਜ਼ ਐਂਡ ਹੈਲਪਰਜ਼ ਯੂਨੀਅਨ, ਪੰਜਾਬ ਤੋਂ ਹਰਿੰਦਰਜੀਤ ਕੌਰ ਅਤੇ ਆਲ ਇੰਡੀਆ ਆਂਗਣਵਾੜੀ ਵਰਕਰਜ਼ ਐਂਡ ਹੈਲਪਰਜ਼ ਯੂਨੀਅਨ, ਪੰਜਾਬ (ਏ.ਆਈ.ਟੀ.ਯੂ.ਸੀ.) ਤੋਂ ਸਰੋਜ ਛਪੜੀਵਾਲਾ ਸਮੇਤ ਹੋਰ ਯੂਨੀਅਨ ਮੈਂਬਰਾਂ ਨੇ ਆਪੋ-ਆਪਣੇ ਮਸਲੇ ਅਤੇ ਚਿੰਤਾਵਾਂ ਉਠਾਈਆਂ।

ਅਧਿਆਪਕ ਆਗੂ ਹਿੰਮਤ ਸਿੰਘ ਰਾਣਾ ਨੂੰ ਸਦਮਾ, ਮਾਤਾ ਨੇ ਇਸ ਫਾਨੀ ਸੰਸਾਰ ਨੂੰ ਆਖੀ ਅਲਵਿਦਾ

ਸ਼੍ਰੀ ਅਨੰਦਪੁਰ ਸਾਹਿਬ 18 ਨਵੰਬਰ (ਪ.ਪ)



ਸ਼ਰੀ ਅਨੰਦਪੁਰ ਸਾਹਿਬ ਦੇ ਨਜਦੀਕੀ ਪਿੰਡ ਅਗੰਮਪੁਰ ਦੇ ਵਸਨੀਕ ਅਧਿਆਪਕ ਆਗੂ ਮਾਸਟਰ ਹਿੰਮਤ ਸਿੰਘ ਰਾਣਾ ਨੂੰ ਉਸ ਸਮੇਂ ਗਹਿਰਾ ਸੱਦਮਾ ਪਹੁੰਚਿਆ ਜਦੋਂ ਉਨ੍ਹਾਂ ਦੇ ਮਾਤਾ ਸ਼?ਰੀਮਤੀ ਬਿਆਸਾ ਦੇਵੀ (90 ਸਾਲ)ਪਤਨੀ ਸਵਰਗਵਾਸੀ ਜੋਗਿੰਦਰ ਸਿੰਘ ਅਚਾਨਕ ਇਸ ਫਾਨੀ ਸੰਸਾਰ ਨੂੰ ਅਲਵਿਦਾ ਆਖ ਗੁਰੂ ਚਰਨਾਂ ਵਿੱਚ ਜਾ ਬਿਰਾਜੇ। ਧਾਰਮਿਕ ਖਿਆਲਾਂ ਨਾਲ ਲਿਬਰੇਜ ਮਾਤਾ ਬਿਆਸਾ ਦੇਵੀ ਨੇ ਸਾਦਗੀ ਭਰਪੂਰ ਜੀਵਨ ਬਤੀਤ ਕੀਤਾ ਤੇ ਸਖਤ ਮਿਹਨਤ ਕਰਦਿਆਂ ਆਪਣੇ ਬੱਚਿਆਂ ਨੂੰ ਪੜਾਇਆ ਲਿਖਾਇਆ ਤੇ ਸਮਾਜ ਵਿੱਚ ਵਿਚਰਨ ਦੇ ਕਾਬਲ ਬਣਾਇਆ। ਬੀਤੇ ਕੱਲ ਭਰਿਆ ਪੁਰਿਆ ਪ੍ਰੀਵਾਰ ਛੱਡ ਕੇ ਮਾਤਾ ਬਿਆਸਾ ਦੇਵੀ ਅਕਾਲ ਚਲਾਣਾ ਕਰ ਗਏ। ਪੁੱਤਰ ਨਰੇਸ਼ ਕੁਮਾਰ ਬਲਬੀਰ ਸਿੰਘ ਕ੍ਰਿਸ਼ਨ ਬਲਰਾਮ ਤੇ ਹਿੰਮਤ ਸਿੰਘ ਨੇ ਆਖਰੀ ਸਾਹਾਂ ਤੱਕ ਆਪਣੇ ਸਤਿਕਾਰਯੋਗ ਮਾਤਾ ਸ਼੍ਰੀਮਤੀ ਬਿਆਸਾ ਦੇਵੀ ਦੀ ਦਿਨ ਰਾਤ ਸੇਵਾ ਕਰਦਿਆਂ ਆਪਣਾ ਬਣਦਾ ਫਰਜ ਬਾਖੂਬੀ ਨਿਭਾਇਆ।ਇਸ ਸੰਬੰਧੀ ਜਾਣਕਾਰੀ ਦਿੰਦਿਆਂ ਮਾਸਟਰ ਹਿੰਮਤ ਸਿੰਘ ਰਾਣਾ ਨੇ ਦੱਸਿਆ ਕਿ ਅਫ਼ਸੋਸ ਕਰਨ ਲਈ ਕੋਈ ਖਾਸ ਦਿਨ ਨਿਰਧਾਰਤ ਨਹੀਂ ਕੀਤਾ ਗਿਆ। ਕਿਸੇ ਵੀ ਦਿਨ ਕੋਈ ਵੀ ਪ੍ਰੀਵਾਰ ਨਾਲ ਦੁੱਖ ਸਾਂਝਾ ਕਰਨ ਲਈ ਆ ਸਕਦਾ ਹੈ। ਉਨ੍ਹਾਂ ਦੱਸਿਆ ਕਿ ਮਾਤਾ ਜੀ ਦੇ ਨਮਿਤ ਅੰਤਿਮ ਅਰਦਾਸ 29 ਨਵੰਬਰ ਦਿਨ ਐਤਵਾਰ ਨੂੰ ਉਨ੍ਹਾਂ ਦੇ ਗ੍ਰਹਿ ਪਿੰਡ ਅਗੰਮ ਪੁਰ ਵਿਖੇ ਕਰਵਾਈ ਜਾਵੇਗੀ।

ਜਨਮ ਦਿਨ ਮੁਬਾਰਕ



ਨਾਮ - ਜਗਪ੍ਰੀਤ ਸਿੰਘ, ਪਿਤਾ - ਜਗਦੀਪ ਸਿੰਘ, ਮਾਤਾ - ਗੁਰਪ੍ਰੀਤ ਕੌਰ, ਪਿੰਡ ਤੇ ਡਾਕ. ਮਸੀਤਾਂ (ਸਿਰਸਾ)

ਸੱਚ ਦੀ ਪਟਾਰੀ
www.sachdipattari.com

ਭਗਤ ਨਾਮਦੇਵ ਜੀ ਦੇ ਜਨਮ ਦਿਨ ਸਬੰਧੀ ਸੂਬਾ ਪੱਧਰੀ ਸਮਾਗਮ 22 ਨਵੰਬਰ ਨੂੰ

ਜਲੰਧਰ, 18 ਨਵੰਬਰ (ਪ.ਪ)

ਸ੍ਰੋਮਣੀ ਭਗਤ ਨਾਮਦੇਵ ਜੀ ਦਾ ਸੂਬਾ ਪੱਧਰੀ 756ਵਾਂ ਜਨਮ ਦਿਨ ਏਥੇ ਮਾਡਲ ਹਾਊਸ ਸਥਿਤ ਸੰਤ ਨਾਮਦੇਵ ਭਵਨ ਵਿਖੇ 22 ਨਵੰਬਰ ਦਿਨ ਐਤਵਾਰ ਨੂੰ ਬੜੀ ਸਰਧਾ ਤੇ ਉਤਸਾਹ ਨਾਲ ਮਨਾਇਆ ਜਾ ਰਿਹਾ ਹੈ। ਟਾਂਕ ਕਸ਼ੱਤਰੀ ਸਭਾ ਜ਼ਿਲ੍ਹਾ ਜਲੰਧਰ ਦੇ ਪ੍ਰਧਾਨ ਸ੍ਰੀ ਮਨੋਹਰ ਲਾਲ ਨੇ ਸਮਾਗਮ ਬਾਰੇ ਦੱਸਿਆ ਕਿ ਇਸ ਮੌਕੇ ਸ੍ਰੀ ਗੁਰੂ ਗ੍ਰੰਥ ਸਾਹਿਬ ਜੀ ਦੀ ਛੱਤਰ-ਛਾਇਆ ਹੇਠ ਭਾਈ ਅਮਰਜੀਤ ਸਿੰਘ ਮਹਿਤਾਬ ਦਿੱਲੀ ਵਾਲੇ ਗੁਰਬਾਣੀ ਕੀਰਤਨ ਦੁਆਰਾ ਸੰਗਤਾਂ ਨੂੰ ਨਿਹਾਲ ਕਰਨਗੇ ਜਦਕਿ ਮਹਾਂ ਮੰਡਲੇਸਵਰ ਸਵਾਮੀ ਸਾਂਤਾ ਨੰਦ ਜੀ ਕਥਾ ਰਾਹੀਂ ਭਗਤ ਨਾਮਦੇਵ ਜੀ ਦੇ ਉਪਦੇਸਾਂ ਤੋਂ ਸੰਗਤ ਨੂੰ ਜਾਣੂੰ ਕਰਵਾਉਣਗੇ। ਡਾ. ਮਿਹਰਬਾਨ ਸਿੰਘ ਭਗਤ ਜੀ ਦੇ ਜੀਵਨ ਅਤੇ ਉਨ੍ਹਾਂ ਦੀ ਬਾਣੀ ਬਾਰੇ ਆਪਣੇ ਵਿਚਾਰ ਪੇਸ਼ ਕਰਨਗੇ। ਉਨ੍ਹਾਂ ਦਸਿਆ ਕਿ ਇਸ ਮੌਕੇ ਲੋੜਵੰਦ ਔਰਤਾਂ ਨੂੰ ਮਸ਼ੀਨਾਂ ਵੀ ਦਿੱਤੀਆਂ ਜਾਂਦੀਆਂ ਹਨ ਅਤੇ ਪੜ੍ਹਨ 'ਚ ਲਾਇਕ ਵਿਦਿਆਰਥੀਆਂ ਨੂੰ ਸਨਮਾਨਿਤ ਵੀ ਕੀਤਾ ਜਾਵੇਗਾ । ਉਮਰ ਦੇ ਅੱਠ ਦਹਾਕੇ ਪਾਰ ਕਰਨ ਵਾਲੇ ਮੈਂਬਰਾਂ ਨੂੰ ਵੀ ਸਨਮਾਨਿਤ ਕੀਤਾ ਜਾਵੇਗਾ। ਸਮਾਗਮ ਦੀ ਸਮਾਪਤੀ ਉਪਰੰਤ ਗੁਰੂ ਕਾ ਲੰਗਰ ਅਤੁੱਟ ਵਰਤੇਗਾ।

ਸੱਚਾਈ ਦੀ ਤਲਾਸ਼ ਵਿੱਚ ਜੋਖਮ : ਪੱਤਰਕਾਰੀ ਕਿਉਂ ਬਣ ਗਈ ਹੈ ਚੁਣੌਤੀ?

ਪੱਤਰਕਾਰੀ ਨੂੰ ਲੋਕਤੰਤਰ ਦਾ ਚੌਥਾ ਥੰਮ?ਹ ਮੰਨਿਆ ਜਾਂਦਾ ਹੈ।

ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਮਰਗੜ੍ਹ ਨੇ ਪਹਿਲਾ, ਲਸੋਈ ਨੇ ਦੂਜਾ ਅਤੇ ਕੁਠਾਲਾ ਨੇ ਤੀਜਾ ਸਥਾਨ ਹਾਸਲ ਕੀਤਾ

ਮਾਲੇਰਕੋਟਲਾ, 18 ਨਵੰਬਰ (ਪ.ਪ)

ਸਕੂਲ ਸਿੱਖਿਆ ਵਿਭਾਗ ਪੰਜਾਬ ਵੱਲੋਂ 'ਮਿਸ਼ਨ ਰਫ਼ਤਾਰ' ਤਹਿਤ ਸਰਕਾਰੀ ਹਾਈ ਸਕੂਲ ਭੂਦਨ ਵਿਖੇ ਕਰਵਾਏ ਜ਼ਿਲ੍ਹਾ ਪੱਧਰੀ ਡਿਜੀਟਲ ਇਨੋਵੇਸ਼ਨ ਮੇਲੇ (ਟੈੱਕ ਫੇਅਰ 2026-27) ਦੌਰਾਨ ਵਿਦਿਆਰਥੀਆਂ ਨੇ ਆਪਣੀ ਸਿਰਜਣਾਤਮਕ ਸੋਚ ਅਤੇ ਤਕਨੀਕੀ ਹੁਨਰ ਦਾ ਸ਼ਾਨਦਾਰ ਪ੍ਰਦਰਸ਼ਨ ਕੀਤਾ। ਮੇਲੇ ਵਿੱਚ 7 ਪੀ.ਐਮ. ਸ਼੍ਰੀ ਸਕੂਲਾਂ ਅਤੇ 4 ਸਰਕਾਰੀ ਸੀਨੀਅਰ ਸੈਕੰਡਰੀ ਸਕੂਲਾਂ ਦੇ ਵਿਦਿਆਰਥੀਆਂ ਨੇ 35 ਨਵੀਨਤਾਕਾਰੀ ਡਿਜੀਟਲ ਮਾਡਲ ਪੇਸ਼ ਕੀਤੇ। ਮੁਕਾਬਲੇ ਵਿੱਚ ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਅਮਰਗੜ੍ਹ ਨੇ ਪਹਿਲਾ, ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਲਸੋਈ ਨੇ ਦੂਜਾ ਅਤੇ ਪੀ.ਐਮ. ਸ਼੍ਰੀ ਸਰਕਾਰੀ ਸੀਨੀਅਰ ਸੈਕੰਡਰੀ ਸਕੂਲ ਕੁਠਾਲਾ ਨੇ ਤੀਜਾ ਸਥਾਨ ਹਾਸਲ ਕੀਤਾ। ਇਸ ਮੌਕੇ ਵਿਦਿਆਰਥੀਆਂ ਦੇ ਰੂਬਰੂ ਹੁੰਦਿਆਂ ਉਪ ਜ਼ਿਲ੍ਹਾ ਸਿੱਖਿਆ ਅਫ਼ਸਰ ਕਮਲੇਸ਼ ਨੇ ਕਿਹਾ ਕਿ ਤੇਜ਼ੀ ਨਾਲ ਬਦਲ ਰਹੇ ਤਕਨੀਕੀ ਯੁੱਗ ਵਿੱਚ ਕਿਤਾਬੀ ਗਿਆਨ ਦੇ ਨਾਲ ਵਿਗਿਆਨਕ ਨਜ਼ਰੀਆ, ਨਵੀਨਤਾਕਾਰੀ ਸੋਚ ਅਤੇ ਵਿਹਾਰਕ ਹੁਨਰ ਵਿਕਸਤ ਕਰਨਾ ਸਮੇਂ ਦੀ ਲੋੜ ਹੈ। ਵਿਦਿਆਰਥੀਆਂ ਨੂੰ ਤਕਨਾਲੋਜੀ ਦੇ ਕੇਵਲ ਵਰਤੋਂਕਾਰ ਬਣਨ ਦੀ ਬਜਾਏ ਨਵੀਆਂ ਖੋਜਾਂ ਦੇ ਸਿਰਜਣਹਾਰ ਬਣਨਾ ਚਾਹੀਦਾ ਹੈ। ਉਨ੍ਹਾਂ



ਪ੍ਰੇਰਿਤ ਕਰਦਿਆਂ ਕਿਹਾ ਕਿ "ਹਰ ਵੱਡੀ ਖੋਜ ਦੀ ਸ਼ੁਰੂਆਤ ਇੱਕ ਛੋਟੇ ਜਿਹੇ ਵਿਚਾਰ ਤੋਂ ਹੁੰਦੀ ਹੈ। ਸਫ਼ਲਤਾ ਲਈ ਵੱਡੇ ਸਾਧਨਾਂ ਨਾਲੋਂ ਦ੍ਰਿੜ੍ਹ ਇਰਾਦੇ, ਮਿਹਨਤ ਅਤੇ ਕੁਝ ਨਵਾਂ ਕਰਨ ਦਾ ਜਜ਼ਬਾ ਵਧੇਰੇ ਮਹੱਤਵਪੂਰਨ ਹੈ। ਵਿਦਿਆਰਥੀ ਅਸਫ਼ਲਤਾ ਤੋਂ ਘਬਰਾਉਣ ਦੀ ਬਜਾਏ ਉਸ ਤੋਂ ਸਿੱਖਣ ਅਤੇ ਨਵੇਂ ਪ੍ਰਯੋਗ ਕਰਨ ਦਾ ਹੌਸਲਾ ਰੱਖਣ। ਜ਼ਿਲ੍ਹਾ ਨੋਡਲ ਅਫ਼ਸਰ ਦਵਿੰਦਰ ਸਿੰਘ ਨੇ ਕਿਹਾ ਕਿ ਆਰਟੀਫ਼ੀਸ਼ੀਅਲ ਇੰਟੈਲੀਜੈਂਸ, ਰੋਬੋਟਿਕਸ ਅਤੇ ਡਿਜੀਟਲ ਤਕਨਾਲੋਜੀ ਵਰਗੇ ਖੇਤਰ ਨਵੀਆਂ ਸੰਭਾਵਨਾਵਾਂ ਦੇ ਦਰਵਾਜ਼ੇ ਖੋਲ੍ਹ ਰਹੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਮੋਬਾਈਲ, ਕੰਪਿਊਟਰ ਅਤੇ ਇੰਟਰਨੈੱਟ ਦੀ ਵਰਤੋਂ ਗਿਆਨ, ਖੋਜ ਅਤੇ ਹੁਨਰ ਵਿਕਾਸ ਲਈ ਕਰਨ ਦਾ ਸੱਦਾ ਦਿੱਤਾ। ਉਨ੍ਹਾਂ ਕਿਹਾ ਕਿ 'ਮਿਸ਼ਨ ਰਫ਼ਤਾਰ' ਵਰਗੇ ਉਪਰਾਲੇ ਵਿਦਿਆਰਥੀਆਂ ਵਿੱਚ ਆਤਮ-ਵਿਸ਼ਵਾਸ, ਸਿਰਜਣਾਤਮਕਤਾ ਅਤੇ ਤਕਨੀਕੀ ਸਮਰੱਥਾ ਵਿਕਸਤ ਕਰਕੇ ਉਨ੍ਹਾਂ ਨੂੰ ਭਵਿੱਖ ਦੀਆਂ ਚੁਣੌਤੀਆਂ ਲਈ ਤਿਆਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਣਗੇ। ਇਸ ਮੌਕੇ ਸਹਾਇਕ ਲੋਕ ਸੰਪਰਕ ਅਫ਼ਸਰ ਦੀਪਕ ਕਪੂਰ, ਜ਼ਿਲ੍ਹਾ ਸੂਚਨਾ ਤੇ ਵਿਗਿਆਨ ਅਫ਼ਸਰ ਸਾਈਨ ਕਮਲ, ਸਤਿੰਦਰ ਸਿੰਘ ਕੁਠਾਲਾ ਅਤੇ ਮੁੱਖ ਅਧਿਆਪਕਾ ਰਾਜਵੀਰ ਕੌਰ ਤੋਂ ਇਲਾਵਾ ਵੱਖ-ਵੱਖ ਸਕੂਲਾਂ ਦੇ ਪ੍ਰਿੰਸੀਪਲ ਅਤੇ ਅਧਿਆਪਕ ਮੌਜੂਦ ਸਨ।

ਤੁਲਸੀ ਵਿਆਹ ਸ਼ਰਧਾ, ਪਵਿੱਤਰਤਾ ਅਤੇ ਪਰਿਵਾਰਕ ਸੁਖ-ਸਮ੍ਰਿੱਧੀ ਦਾ ਪ੍ਰਤੀਕ : ਐਸਟਰੋਲੋਜਿਸਟ ਹਰੀਸ਼ ਸ਼ਰਮਾ

21 ਨਵੰਬਰ ਨੂੰ ਮਨਾਇਆ ਜਾਵੇਗਾ ਤੁਲਸੀ ਵਿਆਹ ਦਾ ਪਵਿੱਤਰ ਤਿਉਹਾਰ

ਨੂਰਪੁਰ ਬੇਦੀ 18 (ਪ.ਪ)

ਹਿੰਦੂ ਪੰਚਾਗ ਦੇ ਅਨੁਸਾਰ 21 ਨਵੰਬਰ, ਸ਼ਨੀਵਾਰ ਨੂੰ ਹਿੰਦੂ ਧਰਮ ਦਾ ਵਿਸ਼ੇਸ਼ ਮਹੱਤਵ ਰੱਖਣ ਵਾਲਾ ਤੁਲਸੀ ਵਿਆਹ ਦਾ ਪਵਿੱਤਰ ਤਿਉਹਾਰ ਸ਼ਰਧਾ ਅਤੇ ਉਤਸ਼ਾਹ ਨਾਲ ਮਨਾਇਆ ਜਾਵੇਗਾ। ਇਸ ਦਿਨ ਮਾਤਾ ਤੁਲਸੀ ਅਤੇ ਭਗਵਾਨ ਸ਼ਾਲੀਗ੍ਰਾਮ ਦੇ ਵਿਆਹ ਦੀ ਰਸਮ ਪੂਰੀਆਂ ਧਾਰਮਿਕ ਮਰਿਆਦਾਵਾਂ ਅਤੇ ਗੀਤੀ-ਰਿਵਾਜਾਂ ਅਨੁਸਾਰ ਨਿਭਾਈ ਜਾਂਦੀ ਹੈ। ਇਹ ਤਿਉਹਾਰ ਸ਼ਰਧਾ, ਵਿਸ਼ਵਾਸ, ਪਵਿੱਤਰਤਾ ਅਤੇ ਕੁਦਰਤ ਪ੍ਰਤੀ ਸਤਿਕਾਰ ਦਾ ਸੰਦੇਸ਼ ਦਿੰਦਾ ਹੈ। ਇਸ ਸਬੰਧੀ ਜਾਣਕਾਰੀ ਸਾਂਝੀ ਕਰਦਿਆਂ ਐਸਟਰੋਲੋਜਿਸਟ ਹਰੀਸ਼ ਸ਼ਰਮਾ ਸੇਗੀ ਵਾਲਿਆਂ ਨੇ ਦੱਸਿਆ ਕਿ ਹਿੰਦੂ ਧਾਰਮਿਕ ਮਾਨਤਾਵਾਂ ਅਨੁਸਾਰ ਮਾਤਾ ਤੁਲਸੀ ਨੂੰ ਮਾਂ ਲਕਸ਼ਮੀ ਦਾ ਸਰੂਪ ਮੰਨਿਆ ਜਾਂਦਾ ਹੈ, ਜਦਕਿ ਭਗਵਾਨ ਸ਼ਾਲੀਗ੍ਰਾਮ ਨੂੰ ਭਗਵਾਨ ਵਿਸ਼ਨੂੰ ਦਾ ਪ੍ਰਤੀਕ ਮੰਨਿਆ ਜਾਂਦਾ ਹੈ। ਤੁਲਸੀ ਵਿਆਹ ਦਾ ਆਯੋਜਨ ਕਾਰਤਿਕ ਮਹੀਨੇ ਦੇ ਸ਼ੁਕਲ ਪੱਖ ਦੀ ਦਵਾਦਸ਼ੀ ਤਿਥੀ ਨੂੰ ਕੀਤਾ ਜਾਂਦਾ ਹੈ। ਇਸ ਤਿਉਹਾਰ ਨੂੰ ਦੇਵ ਉਠਨੀ ਇਕਾਦਸ਼ੀ ਤੋਂ ਬਾਅਦ ਵਿਸ ਮਹੱਤਵ ਪ੍ਰਾਪਤ ਹੈ। ਧਾਰਮਿਕ



ਮਾਨਤਾਵਾਂ ਅਨੁਸਾਰ ਇਸ ਦਿਨ ਤੋਂ ਹਿੰਦੂ ਧਰਮ ਵਿੱਚ ਵਿਆਹ ਵਰਗੇ ਸ਼ੁਭ ਕਾਰਜਾਂ ਦੀ ਸ਼ੁਰੂਆਤ ਵੀ ਮੰਨੀ ਜਾਂਦੀ ਹੈ। ਉਨ੍ਹਾਂ ਦੱਸਿਆ ਕਿ ਇਸ ਮੌਕੇ ਘਰਾਂ ਅਤੇ ਮੰਦਰਾਂ ਵਿੱਚ ਤੁਲਸੀ ਦੇ ਪੌਦੇ ਨੂੰ ਵਿਸ਼ੇਸ਼ ਤੌਰ 'ਤੇ ਸਜਾਇਆ ਜਾਂਦਾ ਹੈ। ਮਾਤਾ ਤੁਲਸੀ ਨੂੰ ਸੁਹਾਗ ਦਾ ਸਮਾਨ, ਚੁੰਨੀ ਅਤੇ ਫੁੱਲਾਂ ਨਾਲ ਸਜਾ ਕੇ ਭਗਵਾਨ ਸ਼ਾਲੀਗ੍ਰਾਮ ਨਾਲ ਵਿਆਹ ਦੀ ਰਸਮ ਨਿਭਾਈ ਜਾਂਦੀ ਹੈ। ਇਸ ਦੌਰਾਨ ਮੰਤਰਾਂ ਦਾ ਉਚਾਰਨ, ਭਜਨ-ਕੀਰਤਨ, ਆਰਤੀ ਅਤੇ ਪ੍ਰਸਾਦ ਵੰਡਿਆ ਜਾਂਦਾ ਹੈ। ਸ਼ਰਧਾਲੂ ਆਪਣੇ ਪਰਿਵਾਰ ਦੀ ਖੁਸ਼ਹਾਲੀ, ਸੁਖ-ਸ਼ਾਂਤੀ ਅਤੇ ਚੰਗੇ ਭਵਿੱਖ ਲਈ ਪ੍ਰਾਰਥਨਾ ਕਰਦੇ ਹਨ। ਐਸਟਰੋਲੋਜਿਸਟ ਹਰੀਸ਼ ਸ਼ਰਮਾ ਨੇ ਕਿਹਾ ਕਿ ਤੁਲਸੀ ਦਾ ਪੌਦਾ ਧਾਰਮਿਕ ਮਹੱਤਵ ਦੇ ਨਾਲ-ਨਾਲ ਵਾਤਾਵਰਣ ਅਤੇ ਸਿਹਤ ਪੱਖੋਂ ਵੀ ਅਹਿਮ ਸਥਾਨ ਰੱਖਦਾ ਹੈ। ਸਾਨੂੰ ਆਪਣੇ ਘਰਾਂ ਵਿੱਚ ਤੁਲਸੀ ਸਮੇਤ ਹੋਰ ਪੌਦੇ ਲਗਾ ਕੇ ਕੁਦਰਤ ਦੀ ਸੰਭਾਲ ਵਿੱਚ ਯੋਗਦਾਨ ਪਾਉਣਾ ਚਾਹੀਦਾ ਹੈ। ਉਨ੍ਹਾਂ ਕਿਹਾ ਕਿ ਅਜਿਹੇ ਧਾਰਮਿਕ ਤਿਉਹਾਰ ਨਵੀਂ ਪੀੜ੍ਹੀ ਨੂੰ ਆਪਣੇ ਸੱਭਿਆਚਾਰ, ਧਾਰਮਿਕ ਪਰੰਪਰਾਵਾਂ ਅਤੇ ਸੰਸਕਾਰਾਂ ਨਾਲ ਜੋੜਨ ਦਾ ਵਧੀਆ ਮੌਕਾ ਪ੍ਰਦਾਨ ਕਰਦੇ ਹਨ।

ਬਾਬਾ ਸਿੱਧ ਚਾਨੋ ਜੀ ਦਾ 16ਵਾਂ ਸਾਲਾਨਾ ਭੰਡਾਰਾ ਤੇ ਦਹਾਜਾ ਸ਼ਰਧਾ ਤੇ ਉਤਸ਼ਾਹ ਨਾਲ ਕਰਵਾਇਆ

ਸਾਬਕਾ ਸਪੀਕਰ ਰਾਣਾ ਕੇ.ਪੀ. ਸਿੰਘ ਨੇ ਭਰੀ ਹਾਜਰੀ

ਕੀਰਤਪੁਰ ਸਾਹਿਬ 18 ਨਵੰਬਰ(ਪ.ਪ)

ਸ੍ਰੀ ਕੀਰਤਪੁਰ ਸਾਹਿਬ ਵਿਖੇ ਹਰ ਸਾਲ ਦੀ ਤਰ੍ਹਾਂ ਇਸ ਸਾਲ ਵੀ ਬਾਬਾ ਸਿੱਧ ਚਾਨੋ ਜੀ ਦਾ ਸਾਲਾਨਾ ਭੰਡਾਰਾ ਅਤੇ ਦਹਾਜਾ ਬਾਬਾ ਬੁੱਧਗੀਰੀ ਵੱਲੋਂ ਇਲਾਕੇ ਦੇ ਸਹਿਯੋਗ ਨਾਲ ਕਰਵਾਇਆ ਗਿਆ। ਇਸ ਮੌਕੇ ਵੱਡੀ ਗਿਣਤੀ ਵਿੱਚ ਸੰਗਤਾਂ ਨੇ ਹਾਜ਼ਰੀ ਲਗਵਾ ਕੇ ਬਾਬਾ ਜੀ ਦਾ ਆਸ਼ੀਰਵਾਦ ਪ੍ਰਾਪਤ ਕੀਤਾ। ਇਸ ਸਬੰਧੀ ਵਧੇਰੇ ਜਾਣਕਾਰੀ ਦਿੰਦਿਆਂ ਬਾਬਾ ਬੁੱਧਗੀਰੀ ਜੀ ਨੇ ਦੱਸਿਆ ਕਿ ਹਰ ਸਾਲ ਦੀ ਤਰ੍ਹਾਂ ਇਸ ਵਾਰ ਵੀ ਬਾਬਾ ਸਿੱਧ ਚਾਨੋ ਜੀ ਦਾ 16ਵਾਂ ਸਾਲਾਨਾ ਭੰਡਾਰਾ ਅਤੇ ਦਹਾਜਾ ਕਰਵਾਇਆ ਗਿਆ। ਇਸ ਮੌਕੇ ਦਹਾਜਾ ਪਾਰਟੀ ਸਮੈਲੇ ਵਾਲੇ ਭਗਤ ਦੁਰਗਾ ਦਾਸ ਜੀ ਵੱਲੋਂ ਦਹਾਜਾ ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਸੰਗਤਾਂ ਦੇ ਸਹਿਯੋਗ ਨਾਲ ਸ਼ਰਧਾਲੂਆਂ ਲਈ ਚਾਹ-ਪਕੌੜਿਆਂ ਅਤੇ ਗੁਰੂ ਕਾ ਲੰਗਰ ਦਾ ਵਿਸ਼ੇਸ਼ ਪ੍ਰਬੰਧ ਕੀਤਾ ਗਿਆ ਸੀ। ਇਸ ਮੌਕੇ ਵਿਸ਼ੇਸ਼ ਤੌਰ 'ਤੇ ਪੰਜਾਬ ਵਿਧਾਨ ਸਭਾ ਦੇ ਸਾਬਕਾ ਸਪੀਕਰ ਰਾਣਾ ਕੇ.ਪੀ. ਸਿੰਘ ਨੇ ਵੀ ਪਹੁੰਚ ਕੇ ਆਪਣੀ ਹਾਜ਼ਰੀ ਲਗਵਾਈ। ਇਸ ਮੌਕੇ ਰਾਣਾ ਕੇ.ਪੀ. ਸਿੰਘ ਨੇ ਕਿਹਾ ਕਿ



ਅਜਿਹੇ ਧਾਰਮਿਕ ਸਮਾਗਮ ਸਾਡੀ ਵਿਰਾਸਤ ਅਤੇ ਸਾਂਝੀਵਾਲਤਾ ਦੀ ਭਾਵਨਾ ਨੂੰ ਮਜ਼ਬੂਤ ਕਰਦੇ ਹਨ। ਸਾਨੂੰ ਸਾਰਿਆਂ ਨੂੰ ਅਜਿਹੇ ਸਮਾਗਮਾਂ ਵਿੱਚ ਵੱਧ-ਚੜ੍ਹ ਕੇ ਸ਼ਮੂਲੀਅਤ ਕਰਨੀ ਚਾਹੀਦੀ ਹੈ ਅਤੇ ਆਪਸੀ ਭਾਈਚਾਰਕ ਸਾਂਝ ਤੇ ਪ੍ਰੇਮ-ਪਿਆਰ ਨੂੰ ਕਾਇਮ ਰੱਖਣਾ ਚਾਹੀਦਾ ਹੈ। ਇਸ ਮੌਕੇ ਬਾਬਾ ਬੁੱਧਗੀਰੀ ਅਤੇ ਪ੍ਰਬੰਧਕਾਂ ਵੱਲੋਂ ਸਾਬਕਾ ਸਪੀਕਰ ਰਾਣਾ ਕੇ.ਪੀ. ਸਿੰਘ ਦਾ ਵਿਸ਼ੇਸ਼ ਸਨਮਾਨ ਵੀ ਕੀਤਾ ਗਿਆ। ਇਸ ਮੌਕੇ ਹਿਮਾਂਸ਼ੂ ਟੰਡਨ ਪ੍ਰਧਾਨ ਬਲਾਕ ਕਾਂਗਰਸ, ਸੁਰਿੰਦਰ ਪਾਲ ਕੋੜਾ, ਡਾਕਟਰ ਸਰਵਣ ਸਿੰਘ ਸੈਣੀ, ਦਵਿੰਦਰ ਸਿੰਘ ਛੰਮਾ ਸੈਣੀ, ਬਿੰਦੀ ਰਾਣਾ, ਮਨਿੰਦਰ ਸਿੰਘ ਸਾਹਿਬ,ਹਰਬੰਸ ਸਿੰਘ, ਅਮਨਦੀਪ ਸਿੰਘ, ਕ੍ਰਿਸ਼ਨਾ ਲਾਲ, ਸ਼ਿਵ ਕੁਮਾਰ ਅਟਵਾਲ, ਰਘਵੀਰ ਸਿੰਘ, ਬਲਵੀਰ ਸਿੰਘ, ਦੀਪਕ ਅੱਤਰੀ, ਆਦਿ ਤੋਂ ਇਲਾਵਾ ਵੱਡੀ ਗਿਣਤੀ ਵਿੱਚ ਸ਼ਰਧਾਲੂ ਹਾਜ਼ਰ ਸਨ।

ਖੇਡਾਂ ਵਤਨ ਪੰਜਾਬ ਦੀਆਂ-2026 : ਮਾਲੇਰਕੋਟਲਾ ਵਿਖੇ ਰਾਜ ਪੱਧਰੀ ਬਾਕਸਿੰਗ ਮੁਕਾਬਲਿਆਂ ਦੌਰਾਨ ਖਿਡਾਰੀਆਂ ਨੇ ਦਿਖਾਈ ਸ਼ਾਨਦਾਰ ਖੇਡ ਪ੍ਰਤਿਭਾ

ਖੇਡਾਂ ਨੌਜ਼ਵਾਨਾਂ ਨੂੰ ਤੰਦਰੁਸਤ ਜੀਵਨ-ਸ਼ੈਲੀ ਅਪਣਾਉਣ ਅਤੇ ਨਸ਼ਿਆਂ ਤੋਂ ਦੂਰ ਰਹਿਣ ਦਾ ਦੇ ਰਹੀਆਂ ਹਨ ਸੁਨੇਹਾ : ਜ਼ਿਲ੍ਹਾ ਖੇਡ ਅਫ਼ਸਰ

ਮਾਲੇਰਕੋਟਲਾ, 18 ਨਵੰਬਰ (ਪ.ਪ))

ਪੰਜਾਬ ਸਰਕਾਰ ਵੱਲੋਂ ਸੂਬੇ ਵਿੱਚ ਖੇਡ ਸੱਭਿਆਚਾਰ ਨੂੰ ਪ੍ਰਫੁੱਲਿਤ ਕਰਨ, ਨੌਜਵਾਨਾਂ ਨੂੰ ਖੇਡਾਂ ਨਾਲ ਜੋੜਨ ਅਤੇ ਉਨ੍ਹਾਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਤੋਂ ਦੂਰ ਰੱਖਣ ਦੇ ਉਦੇਸ਼ ਨਾਲ ਕਰਵਾਈਆਂ ਜਾ ਰਹੀਆਂ 'ਖੇਡਾਂ ਵਤਨ ਪੰਜਾਬ ਦੀਆਂ-2026' ਤਹਿਤ ਜ਼ਿਲ੍ਹਾ ਮਾਲੇਰਕੋਟਲਾ ਵਿਖੇ ਰਾਜ ਪੱਧਰੀ ਬਾਕਸਿੰਗ ਮੁਕਾਬਲੇ ਕਰਵਾਏ ਜਾ ਰਹੇ ਹਨ। ਜ਼ਿਲਾ ਖੇਡ ਅਫਸਰ ਕੁਲਦੀਪ ਚੁੱਘ ਨੇ ਕਿਹਾ ਕਿ 16 ਨਵੰਬਰ ਤੋਂ 23 ਨਵੰਬਰ ਤੱਕ ਕਰਵਾਏ ਜਾਣ ਵਾਲੇ ਇਨ੍ਹਾਂ ਮੁਕਾਬਲਿਆਂ ਦੇ ਦੂਜੇ ਦਿਨ ਵੱਖ-ਵੱਖ ਭਾਰ ਵਰਗਾਂ ਵਿੱਚ ਖਿਡਾਰੀਆਂ ਨੇ ਪੂਰੇ ਜੋਸ਼, ਉਤਸ਼ਾਹ ਅਤੇ ਖੇਡ ਭਾਵਨਾ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਉਨ੍ਹਾਂ ਮੁਕਾਬਲਿਆਂ ਦੇ ਨਤੀਜਿਆਂ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਲੜਕੀਆਂ ਦੇ 65 ਤੋਂ 70 ਕਿਲੋਗ੍ਰਾਮ ਭਾਰ ਵਰਗ ਵਿੱਚ ਸੰਗਰੂਰ ਦੀ ਹਰਸਿਮਰਨਜੋਤ ਨੇ ਫਿਰੋਜ਼ਪੁਰ ਦੀ ਰਿਤਿਕਾ ਨੂੰ ਹਰਾ ਕੇ ਜਿੱਤ ਦਰਜ ਕੀਤੀ। ਇਸੇ ਤਰ੍ਹਾਂ 70 ਤੋਂ 75 ਕਿਲੋਗ੍ਰਾਮ ਭਾਰ ਵਰਗ ਵਿੱਚ ਮਾਲੇਰਕੋਟਲਾ ਦੀ ਜਸਲੀਨ ਨੇ ਬਰਨਾਲਾ ਦੀ ਨੂਰ ਕੌਰ ਨੂੰ ਹਰਾ ਕੇ ਜਿੱਤ ਹਾਸਲ ਕੀਤੀ। ਇਸ ਤੋਂ ਇਲਾਵਾ 75 ਤੋਂ 80 ਕਿਲੋਗ੍ਰਾਮ ਭਾਰ ਵਰਗ ਵਿੱਚ ਹੁਸ਼ਿਆਰਪੁਰ ਦੀ ਗੁਰਵੀਰ ਕੌਰ ਨੇ ਬਰਨਾਲਾ ਦੀ ਗੁਰਮਨਪ੍ਰੀਤ ਨੂੰ ਹਰਾ ਕੇ ਜਿੱਤ ਪ੍ਰਾਪਤ ਕੀਤੀ, ਜਦਕਿ ਗੁਰਦਾਸਪੁਰ ਦੀ ਗੁਰਲੀਨ ਨੇ ਫਿਰੋਜ਼ਪੁਰ ਦੀ ਸਿਮਰਨ ਨੂੰ







ਹਰਾ ਕੇ ਮੁਕਾਬਲਾ ਆਪਣੇ ਨਾਮ ਕੀਤਾ। ਉਨ੍ਹਾਂ ਕਿਹਾ ਕਿ 'ਖੇਡਾਂ ਵਤਨ ਪੰਜਾਬ ਦੀਆਂ' ਸਿਰਫ਼ ਖੇਡ ਮੁਕਾਬਲੇ ਹੀ ਨਹੀਂ, ਸਗੋਂ ਨੌਜਵਾਨਾਂ ਨੂੰ ਤੰਦਰੁਸਤ ਜੀਵਨ-ਸ਼ੈਲੀ ਅਪਣਾਉਣ, ਅਨੁਸ਼ਾਸਨ ਅਤੇ ਟੀਮ ਭਾਵਨਾ ਵਿਕਸਿਤ ਕਰਨ ਦੇ ਨਾਲ-ਨਾਲ ਨਸ਼ਿਆਂ ਤੋਂ ਦੂਰ ਰਹਿਣ ਲਈ ਵੀ ਪ੍ਰੇਰਿਤ ਕਰ ਰਹੀਆਂ ਹਨ। ਉਨ੍ਹਾਂ ਕਿਹਾ ਕਿ ਅਜਿਹੇ ਖੇਡ ਮੁਕਾਬਲੇ ਨੌਜਵਾਨ ਖਿਡਾਰੀਆਂ ਨੂੰ ਆਪਣੀ ਪ੍ਰਤਿਭਾ ਦਿਖਾਉਣ ਅਤੇ ਖੇਡਾਂ ਵਿੱਚ ਅੱਗੇ ਵਧਣ ਲਈ ਵਧੀਆ ਮੰਚ ਪ੍ਰਦਾਨ ਕਰਦੇ ਹਨ। ਇਸ ਮੌਕੇ ਡੀ.ਐੱਮ. ਸਪੋਰਟਸ ਵਰਿੰਦਰ ਸਿੰਘ, ਹੈਂਡ ਮਾਸਟਰ ਮੁਹੰਮਦ ਯਾਕੂਬ, ਸੀਨੀਅਰ ਬਾਕਸਿੰਗ ਕੋਚ ਮੁਹੰਮਦ ਹਬੀਬ, ਬਾਕਸਿੰਗ ਕੋਚ ਹਰਪ੍ਰੀਤ ਸਿੰਘ, ਬਾਕਸਿੰਗ ਕੋਚ ਜਸਪ੍ਰੀਤ ਸਿੰਘ ਅਤੇ ਬਾਕਸਿੰਗ ਕੋਚ ਸਨੀ ਸਮੇਤ ਹੋਰ ਅਧਿਕਾਰੀ ਅਤੇ ਖੇਡ ਪ੍ਰੇਮੀ ਮੌਜੂਦ ਸਨ।

ਮਮਤਾ ਦਿਵਸ ਮੌਕੇ ਬੱਚਿਆਂ ਦਾ ਟੀਕਾਕਰਨ ਕੀਤਾ ਅਤੇ ਮਾਵਾਂ ਨੂੰ ਦਿੱਤੀ ਸਿਹਤ ਜਾਣਕਾਰੀ

ਪਰਿਵਾਰ ਨਿਯੋਜਨ ਮਾਂ ਅਤੇ ਬੱਚੇ ਦੀ ਸਿਹਤ ਲਈ ਬੇਹੱਦ ਜ਼ਰੂਰੀ - ਡਾ. ਅਪਰਾਜਿਤਾ ਧਰਮਾਣੀ

ਸ੍ਰੀ ਅਨੰਦਪੁਰ ਸਾਹਿਬ 18 ਨਵੰਬਰ : (ਪ.ਪ)

ਸਿਹਤ ਵਿਭਾਗ ਪੰਜਾਬ ਸਰਕਾਰ ਦੀਆਂ ਹਦਾਇਤਾਂ ਅਤੇ ਸਿਵਲ ਸਰਜਨ ਰੂਪਨਗਰ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਡਾ. ਹਰਿੰਦਰ ਸਿੰਘ ਸੀਨੀਅਰ ਮੈਡੀਕਲ ਅਫ਼ਸਰ, ਭਾਈ ਜੈਤਾ ਜੀ ਸਿਵਲ ਹਸਪਤਾਲ ਸ੍ਰੀ ਅਨੰਦਪੁਰ ਸਾਹਿਬ ਦੀ ਅਗਵਾਈ ਹੇਠ ਹਫ਼ਤਾਵਾਰੀ ਟੀਕਾਕਰਨ ਪ੍ਰੋਗਰਾਮ ਤਹਿਤ ਮਮਤਾ ਦਿਵਸ ਮਨਾਇਆ ਗਿਆ। ਇਸ ਮੌਕੇ ਬੱਚਿਆਂ ਨੂੰ ਵੱਖ-ਵੱਖ ਬਿਮਾਰੀਆਂ ਤੋਂ ਬਚਾਅ ਲਈ ਲੋੜੀਂਦੇ ਟੀਕੇ ਲਗਾਏ ਗਏ ਅਤੇ ਮਾਵਾਂ ਨੂੰ ਬੱਚਿਆਂ ਦੀ ਸਿਹਤ, ਪੋਸ਼ਣ ਅਤੇ ਸਹੀ ਦੇਖਭਾਲ ਸਬੰਧੀ ਜ਼ਰੂਰੀ ਜਾਣਕਾਰੀ ਦਿੱਤੀ ਗਈ। ਇਸ ਮੌਕੇ ਡਾ. ਅਪਰਾਜਿਤਾ ਧਰਮਾਣੀ ਨੇ ਆਮ ਲੋਕਾਂ ਨੂੰ ਪਰਿਵਾਰ ਨਿਯੋਜਨ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਉਨ੍ਹਾਂ ਦੱਸਿਆ ਕਿ ਪਰਿਵਾਰ ਨਿਯੋਜਨ ਅਜਿਹਾ ਮਹੱਤਵਪੂਰਨ ਕਦਮ ਹੈ, ਜਿਸ ਰਾਹੀਂ ਜੋੜੇ ਆਪਣੀ ਇੱਛਾ ਅਨੁਸਾਰ ਬੱਚਿਆਂ ਦੀ ਗਿਣਤੀ ਤੈਅ ਕਰ ਸਕਦੇ ਹਨ



ਅਤੇ ਦੋ ਬੱਚਿਆਂ ਦੇ ਜਨਮ ਵਿਚਕਾਰ ਉਚਿਤ ਸਮੇਂ ਦਾ ਫ਼ਾਸਲਾ ਰੱਖ ਸਕਦੇ ਹਨ। ਉਨ੍ਹਾਂ ਕਿਹਾ ਕਿ ਪਰਿਵਾਰ ਨਿਯੋਜਨ ਦਾ ਮੁੱਖ ਉਦੇਸ਼ ਮਾਂ ਅਤੇ ਬੱਚੇ ਦੀ ਸਿਹਤ ਨੂੰ ਸੁਰੱਖਿਅਤ ਰੱਖਣਾ ਅਤੇ ਪਰਿਵਾਰ ਨੂੰ ਆਰਥਿਕ ਤੌਰ 'ਤੇ ਮਜ਼ਬੂਤ ਬਣਾਉਣਾ ਹੈ। ਇਸ ਨਾਲ ਔਰਤਾਂ ਨੂੰ ਜਣੇਪੇ ਦੌਰਾਨ ਹੋਣ ਵਾਲੇ ਸਿਹਤ ਖ਼ਤਰਿਆਂ ਨੂੰ ਘਟਾਉਣ ਦੇ ਨਾਲ-ਨਾਲ ਬੱਚਿਆਂ

ਮੋਹਾਲੀ ਵਿੱਚ 22 ਨਵੰਬਰ ਨੂੰ ਹੋਵੇਗਾ 8ਵਾਂ ਸਾਲਾਨਾ 'ਭੰਗੜਾ ਉਤਸਵ', ਪੰਜਾਬੀ ਲੋਕ ਨਾਚਾਂ ਦੀਆਂ ਪੇਸ਼ਕਾਰੀਆਂ ਨਾਲ ਬੱਝੇਗਾ ਰੰਗ

☛ਵਿਸ਼ੇਸ਼ ਬੱਚਿਆਂ ਸਮੇਤ ਹਰ ਉਮਰ ਵਰਗ ਦੇ ਕਲਾਕਾਰ ਦਿਖਾਉਣਗੇ ਆਪਣੀ ਪ੍ਰਤਿਭਾ, ਫੈਸ਼ਨ ਸ਼ੋਅ ਵੀ ਹੋਵੇਗਾ ਖ਼ਾਸ ਆਕਰਸ਼ਣ ☛ ਭੰਗੜੇ ਨੇ ਬਹੁਤ ਮਾਣ-ਇੱਜ਼ਤ ਬਖ਼ਸ਼ੀ : ਪੀਟਰ ਸੋਢੀ

ਮੋਹਾਲੀ, 18 ਨਵੰਬਰ (ਪ.ਪ)

ਪੰਜਾਬ ਦੀ ਅਮੀਰ ਸੱਭਿਆਚਾਰਕ ਵਿਰਾਸਤ ਅਤੇ ਵਿਰਾਸਤੀ ਲੋਕ ਨਾਚਾਂ ਨੂੰ ਪ੍ਰਫੁੱਲਿਤ ਕਰਨ ਦੇ ਉਦੇਸ਼ ਨਾਲ ਨਿਊ ਥੀਏਟਰ ਵੱਲੋਂ ਚੰਡੀਗੜ੍ਹ ਸੰਗੀਤ ਨਾਟਕ ਅਕਾਦਮੀ ਦੇ ਸਹਿਯੋਗ ਨਾਲ 8ਵਾਂ ਸਾਲਾਨਾ 'ਭੰਗੜਾ ਉਤਸਵ' 22 ਨਵੰਬਰ 2026 ਨੂੰ ਕਰਵਾਇਆ ਜਾ ਰਿਹਾ ਹੈ। ਇਹ ਸਮਾਗਮ ਸੈਕਟਰ-68 ਸਥਿਤ ਸਿਟੀ ਪਾਰਕ ਦੇ ਓਪਨ ਆਡੀਟੋਰੀਅਮ ਵਿਖੇ ਦੁਪਹਿਰ 3 ਤੋਂ ਸ਼ਾਮ 6 ਵਜੇ ਤੱਕ ਹੋਵੇਗਾ। ਇਸ ਮੌਕੇ ਫੈਸ਼ਨ ਸ਼ੋਅ ਵੀ ਕਰਵਾਇਆ ਜਾਵੇਗਾ।ਸਥਾਨਕ ਮੋਹਾਲੀ ਪ੍ਰੈਸ ਕਲੱਬ ਵਿਚ ਇਕ ਪ੍ਰੈਸ ਕਾਨਫਰੰਸ ਦੌਰਾਨ ਸ. ਪ੍ਰਿਤਪਾਲ ਸਿੰਘ (ਪੀਟਰ ਸੋਢੀ) ਨੇ ਦੱਸਿਆ ਕਿ ਇਸ ਸਮਾਗਮ ਵਿੱਚ ਬੱਚਿਆਂ, ਨੌਜਵਾਨਾਂ, ਕੰਮਕਾਜੀ ਪੇਸ਼ੇਵਰਾਂ ਅਤੇ ਸੀਨੀਅਰ ਸਿਟੀਜ਼ਨਾਂ ਸਮੇਤ ਹਰ ਉਮਰ ਵਰਗ ਦੇ ਕਲਾਕਾਰ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕਰਨਗੇ। ਪੁਰਾਤਨ ਭੰਗੜਾ, ਗਿੱਧਾ, ਝੂਮਰ ਅਤੇ ਲੁੱਡੀ ਵਰਗੇ ਪੰਜਾਬ ਦੇ ਰਵਾਇਤੀ ਲੋਕ ਨਾਚ ਦਰਸ਼ਕਾਂ ਲਈ ਖ਼ਾਸ ਖਿੱਚ ਦਾ ਕੇਂਦਰ ਹੋਣਗੇ। ਸ. ਸੋਢੀ ਨੇ ਦੱਸਿਆ ਕਿ ਸਮਾਗਮ ਵਿਚ ਬੌਧਿਕ ਅਸਮਰੱਥਾ ਵਾਲੇ ਵਿਦਿਆਰਥੀ, ਸੁਣਨ ਅਤੇ ਬੋਲਣ ਤੋਂ ਅਸਮਰੱਥ ਬੱਚੇ, ਹੋਰ ਵਿਸ਼ੇਸ਼ ਲੋੜਾਂ ਵਾਲੇ ਬੱਚੇ ਅਤੇ ਝੁੱਗੀਆਂ ਵਿੱਚ ਰਹਿਣ ਵਾਲੇ ਬੱਚੇ ਆਪਣੀਆਂ ਪੇਸ਼ਕਾਰੀਆਂ ਦੇਣਗੇ। ਖਾਲਸਾ ਕਾਲਜ ਆਫ਼ ਟੈਕਨਾਲੋਜੀ ਐਂਡ ਬਿਜ਼ਨਸ ਸਟੱਡੀਜ਼ ਦੇ ਵਿਦਿਆਰਥੀ ਵੀ ਹਿੱਸਾ ਲੈਣਗੇ। ਉਹਨਾਂ ਕਿਹਾ ਕਿ ਭੰਗੜਾ,



ਸਿਹਤ ਅਤੇ ਮੈਡੀਟੇਸ਼ਨ ਲਈ ਬਹੁਤ ਹੀ ਲਾਹੇਵੰਦ ਹੈ ਅਤੇ ਇਹ ਸਮਾਗਮ ਕਰੀਬ 14-15 ਸਾਲਾਂ ਤੋਂ ਲਗਾਤਾਰ ਕਰਵਾ ਰਹੇ ਹਨ।ਉਹਨਾਂ ਅੱਗੇ ਦੱਸਿਆ ਕਿ ਇਸ ਮੌਕੇ ਡਾ. ਸੁਖਮਿੰਦਰ ਕੌਰ ਬਰਾੜ, ਚੇਅਰਪਰਸਨ ਸੰਗੀਤ ਨਾਟਕ ਅਕਾਦਮੀ ਚੰਡੀਗੜ੍ਹ, ਸਮਾਜ ਸੇਵੀ ਫੂਲ ਰਾਜ ਸਿੰਘ, ਬਾਲੀਵੁੱਡ ਅਤੇ ਪਾਲੀਵੁੱਡ ਦੇ ਅਦਾਕਾਰ, ਨਿਰਦੇਸ਼ਕ ਤੇ ਗਾਇਕ ਦਰਸ਼ਨ ਔਲਖ ਅਤੇ ਅਮਰੀਕਾ ਤੋਂ ਲੋਕ ਕਲਾ ਪ੍ਰਮੋਟਰ ਅਸ਼ਵਨੀ ਟੈਨੀ ਵਿਸ਼ੇਸ਼ ਮਹਿਮਾਨ ਵਜੋਂ ਸ਼ਿਰਕਤ ਕਰਨਗੇ। ਉਹਨਾਂ ਦਸਿਆ ਕਿ ਇਸ ਸਮਾਗਮ ਵਿੱਚ ਪੰਜਾਬ ਦੇ ਪ੍ਰਸਿੱਧ ਲੋਕ ਭੰਗੜਾ ਕਲਾਕਾਰਾਂ ਦੀਆਂ ਪੇਸ਼ਕਾਰੀਆਂ ਵੀ ਹੋਣਗੀਆਂ। ਪਹਿਲਾਂ ਇਸ ਮੰਚ 'ਤੇ ਪੰਮੀ ਬਾਈ, ਭੁਪਿੰਦਰ ਬੱਬਲ, ਮਾਸਟਰ ਹਰਭਜਨ, ਜਸਬੀਰ ਪੰਨੂ ਅਤੇ ਹੋਰ ਨਾਮਵਰ ਕਲਾਕਾਰ ਵੀ ਆਪਣੀ ਕਲਾ ਦਾ ਪ੍ਰਦਰਸ਼ਨ ਕਰ ਚੁੱਕੇ ਹਨ।ਇਸ ਦੌਰਾਨ ਅਮਨਦੀਪ ਸਿੰਘ ਨੇ ਦੱਸਿਆ ਕਿ ਰਵਾਇਤੀ ਭੰਗੜਾ ਸਾਡੀ ਸਿਹਤ ਦੇ ਨਾਲ ਨਾਲ ਧਿਆਨ ਕੇਂਦਰਿਤ ਕਰਨ ਲਈ ਵੀ ਸਹਾਈ ਸਿੱਧ ਹੁੰਦਾ ਹੈ।ਇਥੇ ਦੱਸਣਯੋਗ ਹੈ ਕਿ ਨਿਊ ਥੀਏਟਰ ਦੇ ਡਾਇਰੈਕਟਰ ਪ੍ਰਿਤਪਾਲ ਸਿੰਘ (ਪੀਟਰ ਸੋਢੀ) ਨੇ ਹੁਣ ਤੱਕ 50 ਹਜ਼ਾਰ ਤੋਂ ਵੱਧ ਵਿਦਿਆਰਥੀਆਂ ਨੂੰ ਸਿਖਲਾਈ ਦਿੱਤੀ ਹੈ, 2 ਹਜ਼ਾਰ ਤੋਂ ਵੱਧ ਸਟੇਜ ਪ੍ਰਦਰਸ਼ਨ ਕੀਤੇ ਹਨ ਅਤੇ 200 ਤੋਂ ਵੱਧ ਮੇਲੇ ਕਰਵਾਏ ਹਨ। ਉਹ ਵਰਲਡ ਭੰਗੜਾ ਕੌਂਸਲ ਦੇ ਪ੍ਰਧਾਨ ਅਤੇ ਵੈਨਕੂਵਰ ਦੇ ਵਰਲਡ ਫੋਕ ਫੈਸਟੀਵਲ ਦੇ ਸਲਾਹਕਾਰ ਵੀ ਹਨ। ਇਸ ਮੌਕੇ ਉਪਰੋਕਤ ਤੋਂ ਇਲਾਵਾ ਅਸ਼ਵਨੀ ਟੈਨੀ (ਅਮਰੀਕਾ), ਅਮਨਦੀਪ ਸਿੰਘ, ਯਾਸ਼ਿਕਾ ਸ਼ਰੀਨ, ਸ੍ਰੀਮਤੀ ਪੂਨਮ ਚੌਧਰੀ ਪ੍ਰਿੰਸੀਪਲ ਡਿਸਕਵਰ ਅਬਿਲਿਟੀ ਸਕੂਲ, ਆਂਚਲ ਵਰਮਾ ਸਮੇਤ ਹੋਰ ਸਹਿਯੋਗੀ ਹਾਜ਼ਰ ਸਨ।

ਵਿਦਿਆਰਥੀ ਨਸ਼ਿਆਂ ਵਿਰੁੱਧ ਸਮਾਜਿਕ ਜਾਗਰੂਕਤਾ ਦਾ ਹਿੱਸਾ ਬਣਨ ਅਤੇ ਆਪਣੀ ਰੁਚੀ, ਯੋਗਤਾ ਅਤੇ ਸਮਰੱਥਾ ਅਨੁਸਾਰ ਕਿੱਤੇ ਦੀ ਚੋਣ ਕਰਨ- ਮੁਕੇਸ਼ ਵਰਮਾ

ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਲਾਕ ਧਿਆਨਪੁਰ ਦੇ ਵੱਖ-ਵੱਖ ਸਕੂਲਾਂ ਦਾ ਦੌਰਾ





ਬਟਾਲਾ , 18 ਨਵੰਬਰ (ਪ.ਪ)

ਜ਼ਿਲ੍ਹਾ ਸਿੱਖਿਆ ਅਫ਼ਸਰ ਗੁਰਦਾਸਪੁਰ ਰਾਜੇਸ਼ ਸ਼ਰਮਾ ਦੇ ਦਿਸ਼ਾ-ਨਿਰਦੇਸ਼ਾਂ ਤਹਿਤ ਜ਼ਿਲ੍ਹਾ ਗਾਈਡੈਂਸ ਕੌਂਸਲਰ ਮੁਕੇਸ਼ ਵਰਮਾ ਵੱਲੋਂ ਬਲਾਕ ਧਿਆਨਪੁਰ ਦੇ ਵੱਖ-ਵੱਖ ਸਰਕਾਰੀ ਸਕੂਲਾਂ ਦਾ ਵਿਸ਼ੇਸ਼ ਦੌਰਾ ਕੀਤਾ ਗਿਆ। ਇਸ ਦੌਰਾਨ ਉਨ੍ਹਾਂ ਨੇ ਵਿਦਿਆਰਥੀਆਂ ਨੂੰ ਕਿੱਤਾ ਮੁਖੀ ਸਿੱਖਿਆ, ਵੱਖ-ਵੱਖ ਕਿੱਤਾ ਮੁਖੀ ਕੋਰਸਾਂ ਅਤੇ ਆਉਣ ਵਾਲੀਆਂ ਪ੍ਰਯੋਗੀ ਪ੍ਰੀਖਿਆਵਾਂ ਸਬੰਧੀ ਵਿਸਥਾਰਪੂਰਵਕ ਜਾਣਕਾਰੀ ਦੇ ਕੇ ਉਨ੍ਹਾਂ ਦਾ ਮਾਰਗਦਰਸ਼ਨ ਕੀਤਾ। ਇਸ ਸਬੰਧੀ ਜਾਣਕਾਰੀ ਦਿੰਦਿਆਂ ਸ੍ਰੀ ਮੁਕੇਸ਼ ਵਰਮਾ ਨੇ ਦੱਸਿਆ ਕਿ ਉਨ੍ਹਾਂ ਵੱਲੋਂ ਸਰਕਾਰੀ ਹਾਈ ਸਕੂਲ ਧਰਮਕੋਟ ਬੱਗਾ, ਸਰਕਾਰੀ ਹਾਈ ਸਕੂਲ ਦਾਲਮ ਅਤੇ ਸਰਕਾਰੀ ਹਾਈ ਸਕੂਲ ਜੌੜਾ ਸਿੰਘਾ ਸਮੇਤ ਬਲਾਕ ਦੇ ਹੋਰਨਾਂ ਸਕੂਲਾਂ ਦਾ ਦੌਰਾ ਕੀਤਾ ਗਿਆ। ਇਸ ਮੌਕੇ ਉਨ੍ਹਾਂ ਨੇ ਵਿਦਿਆਰਥੀਆਂ ਨਾਲ ਸਿੱਧਾ ਸੰਵਾਦ ਕਰਦਿਆਂ ਉਨ੍ਹਾਂ ਨੂੰ ਭਵਿੱਖ ਦੀ ਪੜ੍ਹਾਈ ਅਤੇ ਕਰੀਅਰ ਸਬੰਧੀ ਸਹੀ ਫ਼ੈਸਲੇ ਲੈਣ ਲਈ ਪ੍ਰੇਰਿਤ ਕੀਤਾ। ਇਸ ਮੌਕੇ ਮੁਕੇਸ਼ ਵਰਮਾ ਪੰਜਾਬ ਸਰਕਾਰ ਦੀ 'ਯੁੱਧ ਨਸ਼ਿਆਂ ਵਿਰੁੱਧ' ਮੁਹਿੰਮ ਦਾ ਜ਼ਿਕਰ ਕਰਦਿਆਂ ਵਿਦਿਆਰਥੀਆਂ ਨੂੰ ਨਸ਼ਿਆਂ ਦੇ ਮਾੜੇ ਪ੍ਰਭਾਵਾਂ ਬਾਰੇ ਆਪਣੇ ਆਲੇ-ਦੁਆਲੇ ਦੇ ਲੋਕਾਂ ਨੂੰ ਜਾਗਰੂਕ ਕਰਨ ਲਈ ਪ੍ਰੇਰਿਤ ਕੀਤਾ। ਉਨ੍ਹਾਂ ਕਿਹਾ ਕਿ ਨੌਜਵਾਨ ਵਰਗ ਸਮਾਜ ਦੀ ਸਭ ਤੋਂ ਵੱਡੀ ਤਾਕਤ ਹੈ ਅਤੇ ਵਿਦਿਆਰਥੀ ਨਸ਼ਾ ਮੁਕਤ ਸਮਾਜ ਦੀ ਸਿਰਜਣਾ ਵਿੱਚ ਅਹਿਮ ਯੋਗਦਾਨ ਪਾ ਸਕਦੇ ਹਨ। ਨਸ਼ਿਆਂ ਦੀ ਲਪੇਟ ਵਿੱਚ ਆਏ ਵਿਅਕਤੀਆਂ ਨਾਲ ਨਫ਼ਰਤ ਕਰਨ ਦੀ ਬਜਾਏ ਉਨ੍ਹਾਂ ਨੂੰ ਹਮਦਰਦੀ, ਸਹਿਯੋਗ ਅਤੇ ਸਹੀ ਮਾਰਗਦਰਸ਼ਨ ਰਾਹੀਂ ਮੁੜ ਸਮਾਜ ਦੀ ਮੁੱਖ ਧਾਰਾ ਵਿੱਚ ਲਿਆਉਣ ਲਈ ਯਤਨ ਕਰਨੇ ਚਾਹੀਦੇ ਹਨ। ਉਨ੍ਹਾਂ ਵਿਦਿਆਰਥੀਆਂ ਨੂੰ ਅਪੀਲ ਕੀਤੀ ਕਿ ਉਹ ਖੁਦ ਨਸ਼ਿਆਂ ਤੋਂ ਦੂਰ ਰਹਿਣ ਦੇ ਨਾਲ-ਨਾਲ ਆਪਣੇ ਪਰਿਵਾਰਾਂ ਅਤੇ ਸਮਾਜ ਵਿੱਚ ਵੀ ਨਸ਼ਾ ਵਿਰੋਧੀ ਜਾਗਰੂਕਤਾ ਫੈਲਾਉਣ ਅਤੇ ਇੱਕ ਸਿਹਤਮੰਦ, ਸਿੱਖਿਅਤ ਤੇ ਨਸ਼ਾ ਮੁਕਤ ਸਮਾਜ ਦੀ ਉਸਾਰੀ ਵਿੱਚ ਆਪਣੀ ਭੂਮਿਕਾ ਨਿਭਾਉਣ। ਉਨ੍ਹਾਂ ਅੱਗੇ ਕਿਹਾ ਕਿ ਅੱਜ ਦੇ ਮੁਕਾਬਲੇ ਭਰੇ ਯੁੱਗ ਵਿੱਚ ਸਿਰਫ਼ ਵਿੱਦਿਅਕ ਡਿਗਰੀਆਂ ਹਾਸਲ ਕਰਨਾ ਹੀ ਕਾਫ਼ੀ ਨਹੀਂ, ਸਗੋਂ ਵਿਦਿਆਰਥੀਆਂ ਲਈ ਆਪਣੀ ਰੁਚੀ, ਯੋਗਤਾ ਅਤੇ ਸਮਰੱਥਾ ਅਨੁਸਾਰ ਸਹੀ ਕਿੱਤੇ ਦੀ ਚੋਣ ਕਰਨਾ ਵੀ ਬੇਹੱਦ ਜ਼ਰੂਰੀ ਹੈ। ਕਿੱਤਾ ਮੁਖੀ ਸਿੱਖਿਆ ਵਿਦਿਆਰਥੀਆਂ ਨੂੰ ਆਤਮ-ਨਿਰਭਰ ਬਣਾਉਣ, ਰੁਜ਼ਗਾਰ ਦੇ ਮੌਕੇ ਪ੍ਰਾਪਤ ਕਰਨ ਅਤੇ ਆਪਣੇ ਸੁਪਨਿਆਂ ਨੂੰ ਸਾਕਾਰ ਕਰਨ ਵਿੱਚ ਅਹਿਮ ਭੂਮਿਕਾ ਨਿਭਾਉਂਦੀ ਹੈ। ਇਸ ਲਈ ਹਰ ਵਿਦਿਆਰਥੀ ਨੂੰ ਉਪਲਬਧ ਕੋਰਸਾਂ, ਪ੍ਰੀਖਿਆਵਾਂ ਅਤੇ ਭਵਿੱਖ ਦੇ ਕਰੀਅਰ ਵਿਕਲਪਾਂ ਬਾਰੇ ਸਮੇਂ ਸਿਰ ਜਾਣਕਾਰੀ ਹਾਸਲ ਕਰਨੀ ਚਾਹੀਦੀ ਹੈ। ਇਸ ਮੌਕੇ ਬਲਾਕ ਗਾਈਡੈਂਸ ਕੌਂਸਲਰ ਧਿਆਨਪੁਰ ਸਰਬਜੀਤ ਸਿੰਘ ਚੱਠਾ ਅਤੇ ਬਲਾਕ ਧਿਆਨਪੁਰ ਦੇ ਬਲਾਕ ਨੋਡਲ ਅਫ਼ਸਰ ਨਵਦੀਪ ਸਿੰਘ ਵੀ ਵਿਸ਼ੇਸ਼ ਤੌਰ 'ਤੇ ਮੌਜੂਦ ਰਹੇ। ਇਸ ਤੋਂ ਇਲਾਵਾ ਮੁੱਖ ਅਧਿਆਪਕ ਸੁਭਾਸ਼ ਚੰਦਰ, ਗਾਈਡੈਂਸ ਕੌਂਸਲਰ ਬਿਕਰਮਜੀਤ, ਜਸਪਾਲ ਸਿੰਘ, ਆਸ਼ਾ ਸਿੰਘ ਸਮੇਤ ਹੋਰ ਅਧਿਆਪਕ ਸਾਹਿਬਾਨ ਵੀ ਹਾਜ਼ਰ ਸਨ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

253 ਅਧਿਆਪਕਾਂ ਨੂੰ ਵੱਡੀ ਰਾਹਤ, ਸੇਵਾਵਾਂ ਖਤਮ ਕਰਨ ਦੇ ਹੁਕਮਾਂ 'ਤੇ ਲੱਗੀ ਰੋਕ ਦਾ ਸਵਾਗਤ

ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਖ਼ਲ ਨਾਲ 4161 ਮਾਸਟਰ ਕੇਡਰ ਭਰਤੀ ਨਾਲ ਸਬੰਧਤ ਅਧਿਆਪਕਾਂ ਨੂੰ ਮਿਲੀ ਰਾਹਤ

ਸ੍ਰੀ ਅਨੰਦਪੁਰ ਸਾਹਿਬ 18 ਨਵੰਬਰ (ਪ.ਪ)



4161 ਮਾਸਟਰ ਕੇਡਰ ਭਰਤੀ ਵਿੱਚ ਮੈਰਿਟ ਦੀ ਮੁੜ ਗਿਣਤੀ (ਰੀ-ਕਾਸਟ) ਹੋਣ ਕਾਰਨ ਸਿਲੈਕਸ਼ਨ ਜ਼ੋਨ ਤੋਂ ਬਾਹਰ ਹੋਏ 253 ਅਧਿਆਪਕਾਂ ਦੀਆਂ ਸੇਵਾਵਾਂ ਖਤਮ ਕਰਨ ਸਬੰਧੀ ਕਾਰਵਾਈ 'ਤੇ ਅਗਲੇ ਹੁਕਮਾਂ ਤੱਕ ਰੋਕ ਲਗਾਉਣ ਦੇ ਫੈਸਲੇ ਦਾ ਬਲਾਕ ਪ੍ਰਾਇਮਰੀ ਸਿੱਖਿਆ ਅਫਸਰ ਸ੍ਰੀ ਅਨੰਦਪੁਰ ਸਾਹਿਬ ਮਨਜੀਤ ਸਿੰਘ ਮਾਵੀ ਅਤੇ ਅਧਿਆਪਕ ਆਗੂ ਮਨਿੰਦਰ ਸਿੰਘ ਰਾਣਾ ਵੱਲੋਂ ਸਵਾਗਤ ਕੀਤਾ ਗਿਆ ਹੈ। ਇਸ ਸਬੰਧੀ ਗੱਲਬਾਤ ਕਰਦਿਆਂ ਮਨਜੀਤ ਸਿੰਘ ਮਾਵੀ ਨੇ ਕਿਹਾ ਕਿ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਵੱਲੋਂ ਇਸ ਗੰਭੀਰ ਮਾਮਲੇ ਵਿੱਚ ਦਖ਼ਲ ਦੇ ਕੇ 253 ਅਧਿਆਪਕਾਂ ਦੀਆਂ ਸੇਵਾਵਾਂ ਖਤਮ ਕਰਨ ਦੀ ਕਾਰਵਾਈ 'ਤੇ ਰੋਕ ਲਗਵਾਉਣਾ ਸ਼ਲਾਘਾਯੋਗ ਕਦਮ ਹੈ। ਇਸ ਫੈਸਲੇ ਨਾਲ ਪ੍ਰਭਾਵਿਤ ਅਧਿਆਪਕਾਂ ਨੂੰ ਵੱਡੀ ਰਾਹਤ ਮਿਲੀ ਹੈ। ਉਨ੍ਹਾਂ ਕਿਹਾ ਕਿ ਅਧਿਆਪਕ ਸਿੱਖਿਆ ਪ੍ਰਣਾਲੀ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਦੇ ਰੁਜ਼ਗਾਰ ਤੇ ਭਵਿੱਖ ਨਾਲ ਜੁੜੇ ਮਾਮਲਿਆਂ ਨੂੰ ਹਮਦਰਦੀ ਅਤੇ ਗੰਭੀਰਤਾ ਨਾਲ ਵਿਚਾਰਿਆ ਜਾਣਾ ਚਾਹੀਦਾ ਹੈ। ਉਹਨਾਂ ਨੇ ਵੀ ਇਸ ਫੈਸਲੇ ਦਾ ਸਵਾਗਤ ਕਰਦਿਆਂ ਕਿਹਾ ਕਿ 253 ਅਧਿਆਪਕਾਂ ਦੇ ਸਿਰ 'ਤੇ ਸੇਵਾਵਾਂ ਖਤਮ ਹੋਣ ਦੀ ਲਟਕ ਰਹੀ ਤਲਵਾਰ ਕਾਰਨ ਚਿੰਤਾ ਦਾ ਮਾਹੌਲ ਸੀ। ਤੇ ਸਿੱਖਿਆ ਮੰਤਰੀ ਹਰਜੋਤ ਸਿੰਘ ਬੈਂਸ ਦੇ ਦਖਲ ਤੋਂ ਬਾਅਦ ਕਾਰਵਾਈ 'ਤੇ ਰੋਕ ਲਗਾਉਣ ਨਾਲ ਅਧਿਆਪਕਾਂ ਨੂੰ ਰਾਹਤ ਮਿਲੀ ਹੈ। ਜ਼ਿਕਰਯੋਗ ਹੈ ਕਿ ਡਾਇਰੈਕਟੋਰੇਟ ਆਫ ਸਕੂਲ ਐਜੂਕੇਸ਼ਨ (ਸੈਕੰਡਰੀ), ਪੰਜਾਬ ਵੱਲੋਂ 18 ਨਵੰਬਰ 2026 ਨੂੰ ਜਾਰੀ ਪੱਤਰ ਅਨੁਸਾਰ 253 ਮਾਸਟਰ ਕੇਡਰ ਅਧਿਆਪਕਾਂ ਨੂੰ ਸੇਵਾਵਾਂ ਤੋਂ ਰਿਵਰਟ ਕਰਨ ਸਬੰਧੀ ਕਾਰਵਾਈ 'ਤੇ ਸਿੱਖਿਆ ਮੰਤਰੀ ਪੰਜਾਬ ਸਰਦਾਰ ਹਰਜੋਤ ਸਿੰਘ ਬੈਂਸ ਦੇ ਪ੍ਰਾਪਤ ਆਦੇਸ਼ਾਂ ਤਹਿਤ ਅਗਲੇ ਹੁਕਮਾਂ ਤੱਕ ਰੋਕ ਲਗਾ ਦਿੱਤੀ ਗਈ ਹੈ। ਇਸ ਮੌਕੇ ਉਪਰੋਕਤ ਤੋਂ ਇਲਾਵਾ ਸੁਬੋਧ ਕੁਮਾਰ, ਮਦਨ ਲਾਲ ਪੱਟੀ, ਰਾਜ ਕੁਮਾਰ, ਰਾਜੀਵ ਕੁਮਾਰ, ਜਸਵੀਰ ਸਿੰਘ , ਕੁਲਦੀਪ ਸਿੰਘ ,ਜੋਗਿੰਦਰ ਸਿੰਘ ਅਤੇ ਤਰਲੋਚਨ ਸਿੰਘ ਨਵਾਂਸ਼ਹਿਰ ਆਦਿ ਅਧਿਆਪਕ ਆਗੂ ਹਾਜ਼ਰ ਸਨ।

ਟੀ ਬੀ ਦੇ ਮਰੀਜ਼ਾਂ ਨੂੰ ਖੁਰਾਕ ਕਿੱਟਾਂ ਦਿੱਤੀਆਂ , ਸਮਾਜ ਸੇਵੀਆਂ ਨੇ ਚੁੱਕਿਆ ਟੀ. ਬੀ ਦੇ ਮਰੀਜ਼ਾਂ ਦੀ ਸੇਵਾ ਦਾ ਬੀੜਾ

ਮਾਲੇਰਕੋਟਲਾ, 18 ਨਵੰਬਰ (ਪ.ਪ)



ਸਮਾਜ ਸੇਵੀ ਅਤੇ ਸਿਹਤ ਕਰਮਚਾਰੀ ਸ੍ਰੀ ਰਾਜੇਸ਼ ਰਿਖੀ ਪੰਜਗਰਾਈਆਂ ਦੀ ਪ੍ਰੇਰਨਾ ਸਦਕਾ ਭਾਰਤ ਵਿਕਾਸ ਪ੍ਰੀਸ਼ਦ ਮਾਲੇਰਕੋਟਲਾ ਅਤੇ ਟੀਮ ਰੌਸ਼ਨੀ ਪਿੰਡ ਪੰਜਗਰਾਈਆਂ ਦੇ ਵੱਲੋਂ ਵਿਸ਼ੇਸ਼ ਉੱਦਮ ਸਦਕਾ ਸਿਹਤ ਬਲਾਕ ਫਤਿਹਗੜ੍ਹ ਪੰਜਗਰਾਈਆਂ ਅਧੀਨ ਆਉਂਦੇ ਪਿੰਡਾਂ ਦੇ ਵਿੱਚ ਟੀ. ਬੀ ਨਾਲ ਪੀੜਤ ਲੋੜਵੰਦ ਮਰੀਜਾਂ ਦੀ ਸੇਵਾ ਦਾ ਬੀੜਾ ਚੁੱਕਿਆ ਗਿਆ ਹੈ ਇਸ ਮੁਹਿੰਮ ਤਹਿਤ ਲੋੜਵੰਦ ਮਰੀਜਾਂ ਨੂੰ ਜਲਦੀ ਸਿਹਤਯਾਬੀ ਲਈ ਖੁਰਾਕ ਕਿੱਟਾਂ ਦਿੱਤੀਆਂ ਜਾ ਰਹੀਆਂ ਹਨ, ਬਲਾਕ ਬੀ ਈ ਈ ਹਰਪ੍ਰੀਤ ਕੌਰ ਨੇ ਦੱਸਿਆ ਕਿ ਸਿਵਲ ਸਰਜਨ ਡਾ.ਅਮਨ ਸੂਦ ਅਤੇ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ ਐਸ ਭਿੰਡਰ ਦੀ ਅਗਵਾਈ ਹੇਠ ਕਿੱਟਾਂ ਲੋੜਵੰਦ ਮਰੀਜਾਂ ਦੇ ਪਰਿਵਾਰਾਂ ਨੂੰ ਦਿੱਤੀਆਂ ਗਈਆਂ, ਇਸ ਮੌਕੇ ਗੱਲਬਾਤ ਕਰਦਿਆਂ ਐਸ ਐਮ ਓ ਡਾ. ਜੀ ਐਸ ਭਿੰਡਰ ਨੇ ਕਿਹਾ ਕਿ ਟੀ. ਬੀ ਦੇ ਮਰੀਜ ਨੂੰ ਚੰਗੀ ਖੁਰਾਕ ਦੀ ਲੋੜ ਹੁੰਦੀ ਹੈ ਇਸ ਲਈ ਉਹਨਾਂ ਦੀ ਮੱਦਦ ਲਈ ਰਾਜੇਸ਼ ਰਿਖੀ ਅਤੇ ਹੋਰ ਦਾਨੀ ਸੱਜਣਾਂ ਵੱਲੋਂ ਇਹ ਸੇਵਾ ਕੀਤੀ ਜਾ ਰਹੀ ਹੈ, ਜਿਸਨੂੰ ਨਿਕਸ਼ੇ ਮਿੱਤਰ ਸਕੀਮ ਤਹਿਤ ਰਜਿਸਟਰਡ ਕੀਤਾ ਜਾਵੇਗਾ, ਉਹਨਾਂ ਕਿਹਾ ਕੇ ਹੋਰ ਵੀ ਸਮਾਜ ਸੇਵੀ ਇਸ ਸੇਵਾ ਲਈ ਅੱਗੇ ਆਉਣ, ਇਸ ਮੌਕੇ ਗੱਲਬਾਤ ਕਰਦਿਆਂ ਸ੍ਰੀ ਰਾਜੇਸ਼ ਰਿਖੀ ਨੇ ਦੱਸਿਆ ਕਿ ਸੀਨੀਅਰ ਮੈਡੀਕਲ ਅਫ਼ਸਰ ਡਾ. ਜੀ. ਐਸ ਭਿੰਡਰ ਦੀ ਅਗਵਾਈ ਹੇਠ ਟੀ ਬੀ ਮਰੀਜਾਂ ਲਈਂ ਇਹ ਸੇਵਾ ਮਾਨਵਤਾ ਦੀ ਭਲਾਈ ਦੇ ਤੌਰ ਤੇ ਕੀਤੀ ਜਾ ਰਹੀ ਹੈ, ਜੋ ਅੱਗੇ ਵੀ ਜਾਰੀ ਰਹੇਗੀ ਉਹਨਾਂ ਕਿਹਾ ਕਿ ਨਿਕਸ਼ੇ ਮਿੱਤਰਾ ਤਹਿਤ ਹੋਰ ਵੀ ਦਾਨੀ ਸੱਜਣ ਲੋੜਵੰਦ ਟੀ ਬੀ ਮਰੀਜਾਂ ਦੀ ਸੇਵਾ ਲਈਂ ਅੱਗੇ ਆ ਸਕਦੇ ਹਨ, ਇਸ ਮੌਕੇ ਬੀ ਈ ਈ ਹਰਪ੍ਰੀਤ ਕੌਰ, ਰਾਜੇਸ਼ ਰਿਖੀ, ਪਰਮਿੰਦਰ ਕੌਰ ਸਟੈਨੋ, ਐਲ ਟੀ ਅਮਰੀਕ ਸਿੰਘ, ਤੇਜਿੰਦਰ ਸਿੰਘ, ਬਸੰਤ ਸਿੰਘ ਜੱਗਾ, ਗੁਰਪ੍ਰੀਤ ਸਿੰਘ ਸਮੇਤ ਕਈ ਹਾਜ਼ਰ ਸਨ।

ਪ੍ਰੈੱਸ ਕਲੱਬ (ਰਜਿ:) ਭਦੌੜ ਦੇ ਅਹੁਦੇਦਾਰਾਂ ਨੇ ਮਾਣਮੱਤੀ ਸ਼ਖ਼ਸੀਅਤ ਮਾਸਟਰ ਰਾਮ ਕੁਮਾਰ ਦਾ ਕੀਤਾ ਵਿਸ਼ੇਸ਼ ਸਨਮਾਨ

ਭਦੌੜ 18 ਨਵੰਬਰ (ਪ.ਪ)



ਸ਼ਹੀਦ ਕਰਤਾਰ ਸਿੰਘ ਸਰਾਭਾ ਦੇ ਸ਼ਹੀਦੀ ਦਿਹਾੜੇ ਅਤੇ ਅੰਤਰਰਾਸ਼ਟਰੀ ਪੱਤਰਕਾਰਤਾ ਦਿਵਸ ਮੌਕੇ ਪ੍ਰੈੱਸ ਕਲੱਬ (ਰਜਿ:) ਭਦੌੜ ਵੱਲੋਂ ਇਲਾਕੇ ਦੀ ਮਾਣਮੱਤੀ ਸ਼ਖ਼ਸੀਅਤ ਮਾਸਟਰ ਰਾਮ ਕੁਮਾਰ ਭਦੌੜ

ਦੂਜੇ ਓਪਨ ਨੈਸ਼ਨਲ ਯੋਗਾਸਨ ਮੁਕਾਬਲੇ ਵਿੱਚ ਪੰਜਾਬ ਓਵਰਆਲ ਚੈਂਪੀਅਨ ਬਣਿਆ

ਵਿਦਿਆ ਭਵਨ ਸਕੂਲ ਵਿਖੇ 12 ਰਾਜਾਂ ਦੇ 250 ਅਥਰੀਟਾਂ ਨੇ ਲਿਆ ਭਾਗ



ਅੰਮ੍ਰਿਤਸਰ, 18 ਨਵੰਬਰ (ਪ.ਪ)

ਯੋਗਾ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਅਤੇ ਪਤੰਜਲੀ ਯੋਗ ਸਮਿਤੀ ਨੇ ਭਾਰਤੀ ਵਿਦਿਆ ਭਵਨ ਐਸ.ਐਲ. ਪਬਲਿਕ ਸਕੂਲ, ਅੰਮ੍ਰਿਤਸਰ ਵਿਖੇ ਦੂਜਾ ਓਪਨ ਨੈਸ਼ਨਲ ਯੋਗਾਸਨ ਮੁਕਾਬਲਾ ਕਰਵਾਇਆ। ਇਸ ਰਾਸ਼ਟਰੀ ਪੱਧਰੀ ਮੁਕਾਬਲੇ ਵਿੱਚ ਅਸਾਮ, ਪੱਛਮੀ ਬੰਗਾਲ, ਓਡੀਸ਼ਾ, ਮਹਾਰਾਸ਼ਟਰ, ਉੱਤਰ ਪ੍ਰਦੇਸ਼, ਮੱਧ ਪ੍ਰਦੇਸ਼, ਹਰਿਆਣਾ, ਰਾਜਸਥਾਨ, ਹਿਮਾਚਲ ਪ੍ਰਦੇਸ਼, ਦਿੱਲੀ ਅਤੇ ਪੰਜਾਬ ਸਮੇਤ 12 ਰਾਜਾਂ ਦੇ ਲਗਭਗ 250 ਐਥਲੀਟਾਂ ਨੇ ਉਤਸ਼ਾਹ ਨਾਲ ਹਿੱਸਾ ਲਿਆ। ਭਾਰਤੀ ਵਿਦਿਆ ਭਵਨ ਸਕੂਲ, ਅੰਮ੍ਰਿਤਸਰ ਦੀ ਡਾਇਰੈਕਟਰ ਅਨੀਤਾ ਭੱਲਾ ਉਦਘਾਟਨੀ ਸਮਾਰੋਹ ਵਿੱਚ ਮੁੱਖ ਮਹਿਮਾਨ ਸਨ ਅਤੇ ਸਕੂਲ ਦੀ ਪ੍ਰਿੰਸੀਪਲ ਸੋਨੀਆ ਸਹਿਦੇਵ ਵਿਸ਼ੇਸ਼ ਮਹਿਮਾਨ ਸਨ। ਸਮਾਪਤੀ ਸਮਾਰੋਹ ਵਿੱਚ ਭਾਰਤੀ ਫੌਜ ਦੇ ਲੈਫਟੀਨੈਂਟ ਕਰਨਲ ਅਜੈ ਪਾਲ ਸਿੰਘ ਮੁੱਖ ਮਹਿਮਾਨ ਵਜੋਂ ਸ਼ਾਮਲ ਹੋਏ। ਐਥਲੀਟਾਂ ਨੇ ਵੱਖ-ਵੱਖ ਯੋਗ ਆਸਣਾਂ ਦੇ ਪ੍ਰਭਾਵਸ਼ਾਲੀ ਪ੍ਰਦਰਸ਼ਨ ਨਾਲ ਆਪਣੀ ਪ੍ਰਤਿਭਾ ਦਾ ਪ੍ਰਦਰਸ਼ਨ ਕੀਤਾ। ਜੇਤੂ ਖਿਡਾਰੀਆਂ ਨੂੰ ਮੈਡਲ, ਟਰਾਫੀਆਂ ਅਤੇ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਪੰਜਾਬ ਦੀ ਟੀਮ ਨੇ ਮੁਕਾਬਲੇ ਵਿੱਚ ਸ਼ਾਨਦਾਰ ਪ੍ਰਦਰਸ਼ਨ ਕੀਤਾ, ਓਵਰਆਲ ਟਰਾਫੀ ਜਿੱਤੀ, ਜਦੋਂ ਕਿ ਹਰਿਆਣਾ ਦੀ ਟੀਮ ਦੂਜੇ ਸਥਾਨ 'ਤੇ ਰਹੀ। ਇਸ ਮੌਕੇ 'ਤੇ ਪੰਜਾਬ ਦੀ ਸੰਚਿਤ ਸ਼ਰਮਾ ਨੇ ਸਰਵੋਤਮ ਯੋਗੀ ਦਾ ਖਿਤਾਬ ਜਿੱਤਿਆ, ਅਤੇ ਸੰਪੂਰਨਾ ਨੇ ਸਰਵੋਤਮ ਯੋਗਿਨੀ ਦਾ ਖਿਤਾਬ ਜਿੱਤਿਆ। ਦੋਵਾਂ ਜੇਤੂਆਂ ਨੂੰ ਟਰਾਫੀਆਂ ਅਤੇ ਨਕਦ ਇਨਾਮਾਂ ਨਾਲ ਸਨਮਾਨਿਤ ਕੀਤਾ ਗਿਆ। ਪ੍ਰੋਗਰਾਮ ਦੇ ਅੰਤ ਵਿੱਚ ਸੰਜੇ ਕੁਮਾਰ, ਜਨਰਲ ਸਕੱਤਰ, ਅਤੇ ਧੀਰਜ ਕੁਮਾਰ, ਪ੍ਰਧਾਨ, ਯੋਗਾ ਸਪੋਰਟਸ ਡਿਵੈਲਪਮੈਂਟ ਐਸੋਸੀਏਸ਼ਨ ਨੇ ਮੁਕਾਬਲੇ ਦੀ ਸਫਲਤਾ ਵਿੱਚ ਯੋਗਦਾਨ ਪਾਉਣ ਵਾਲੇ ਸਾਰੇ ਯੋਗਾ ਕੋਚਾਂ, ਮਾਪਿਆਂ, ਖਿਡਾਰੀਆਂ ਅਤੇ ਮਹਿਮਾਨਾਂ ਦਾ ਧੰਨਵਾਦ ਕੀਤਾ।

ਐਸ.ਐਸ. ਬਾਜਵਾ ਸਕੂਲ ਵਿੱਚ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਧਾਰਮਿਕ ਪ੍ਰੀਖਿਆ ਕਰਵਾਈ ਗਈ

260 ਵਿਦਿਆਰਥੀਆਂ ਨੇ ਉਤਸ਼ਾਹ ਨਾਲ ਲਿਆ ਹਿੱਸਾ, ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲਿਆਂ ਨੂੰ ਮਿਲੇਗਾ ਵਜ਼ੀਫ਼ਾ



ਕਾਦੀਆਂ, 18 ਨਵੰਬਰ (ਪ.ਪ)

ਐੱਸ.ਐੱਸ. ਬਾਜਵਾ ਮੈਮੋਰੀਅਲ ਪਬਲਿਕ ਸਕੂਲ, ਕਾਦੀਆਂ ਵਿਖੇ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ, ਅੰਮ੍ਰਿਤਸਰ ਵੱਲੋਂ ਸਾਲਾਨਾ ਧਾਰਮਿਕ ਪ੍ਰੀਖਿਆ ਕਰਵਾਈ ਗਈ। ਇਸ ਪ੍ਰੀਖਿਆ ਵਿੱਚ ਸਕੂਲ ਦੇ ਕੁੱਲ 260 ਵਿਦਿਆਰਥੀਆਂ ਨੇ ਬੜੇ ਉਤਸ਼ਾਹ ਨਾਲ ਭਾਗ ਲਿਆ। ਜ਼ਿਕਰਯੋਗ ਹੈ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਹਰ ਸਾਲ ਵਿਦਿਆਰਥੀਆਂ ਵਿੱਚ ਧਾਰਮਿਕ ਸਿੱਖਿਆ ਅਤੇ ਗੁਰਮਤਿ ਗਿਆਨ ਨੂੰ ਉਤਸ਼ਾਹਿਤ ਕਰਨ ਦੇ ਉਦੇਸ਼ ਨਾਲ ਇਹ ਪ੍ਰੀਖਿਆ ਕਰਵਾਈ ਜਾਂਦੀ ਹੈ। ਇਸ ਮੌਕੇ ਕਮੇਟੀ ਵੱਲੋਂ ਆਏ ਸਟਾਫ਼ ਮੈਂਬਰਾਂ ਨੇ ਪ੍ਰੀਖਿਆ ਦਾ ਸੰਚਾਲਨ ਕੀਤਾ। ਵਿਦਿਆਰਥੀਆਂ ਨੇ ਪੂਰੀ ਲਗਨ ਅਤੇ ਉਤਸ਼ਾਹ ਨਾਲ ਪ੍ਰੀਖਿਆ ਦਿੱਤੀ। ਪ੍ਰੀਖਿਆ ਉਪਰੰਤ ਵਿਦਿਆਰਥੀਆਂ ਨੇ ਖੁਸ਼ੀ ਜ਼ਾਹਰ ਕਰਦਿਆਂ ਦੱਸਿਆ ਕਿ ਉਨ੍ਹਾਂ ਦੀ ਪ੍ਰੀਖਿਆ ਬਹੁਤ ਵਧੀਆ ਹੋਈ ਹੈ। ਇਸ ਮੌਕੇ ਦੱਸਿਆ ਗਿਆ ਕਿ ਸ਼੍ਰੋਮਣੀ ਗੁਰਦੁਆਰਾ ਪ੍ਰਬੰਧਕ ਕਮੇਟੀ ਵੱਲੋਂ ਪ੍ਰੀਖਿਆ ਵਿੱਚ ਸ਼ਾਨਦਾਰ ਪ੍ਰਦਰਸ਼ਨ ਕਰਨ ਵਾਲੇ ਵਿਦਿਆਰਥੀਆਂ ਨੂੰ ਵਜ਼ੀਫ਼ੇ ਪ੍ਰਦਾਨ ਕੀਤੇ ਜਾਂਦੇ ਹਨ, ਤਾਂ ਜੋ ਉਨ੍ਹਾਂ ਦੀ ਅਗਲੀ ਪੜ੍ਹਾਈ ਵਿੱਚ ਆਰਥਿਕ ਸਹਾਇਤਾ ਕੀਤੀ ਜਾ ਸਕੇ। ਸਕੂਲ ਦੇ ਡਾਇਰੈਕਟਰ ਐੱਮ.ਐੱਲ. ਸ਼ਰਮਾ (ਰਾਸ਼ਟਰੀ ਪੁਰਸਕਾਰ ਵਿਜੇਤਾ), ਚੇਅਰਮੈਨ ਡਾ. ਰਾਜੇਸ਼ ਸ਼ਰਮਾ, ਕੋਆਰਡੀਨੇਟਰ ਡਾ. ਸ਼ਾਲਿਨੀ ਸ਼ਰਮਾ, ਪ੍ਰਿੰਸੀਪਲ ਅਮਿਤ ਸਿੰਘ ਨੋਗਾ ਅਤੇ ਵਾਈਸ ਪ੍ਰਿੰਸੀਪਲ ਕਪਿਲ ਸ਼ਰਮਾ ਨੇ ਪ੍ਰੀਖਿਆ ਵਿੱਚ ਭਾਗ ਲੈਣ ਵਾਲੇ ਸਾਰੇ ਵਿਦਿਆਰਥੀਆਂ ਨੂੰ ਵਧਾਈ ਦਿੱਤੀ ਅਤੇ ਉਨ੍ਹਾਂ ਦੇ ਉੱਜਵਲ ਭਵਿੱਖ ਦੀ ਕਾਮਨਾ ਕੀਤੀ। ਇਸ ਧਾਰਮਿਕ ਪ੍ਰੀਖਿਆ ਦਾ ਸਮੁੱਚਾ ਪ੍ਰਬੰਧ ਪੀ.ਟੀ.ਆਈ. ਸੂਬੇਦਾਰ ਸੁਖਜਿੰਦਰ ਸਿੰਘ ਦੀ ਦੇਖ-ਰੇਖ ਹੇਠ ਕੀਤਾ ਗਿਆ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਫੇਜ਼-7 ਦੇ ਦੁਕਾਨਦਾਰਾਂ ਨੇ ਕੁਲਜੀਤ ਸਿੰਘ ਬੇਦੀ ਨੂੰ ਦਿੱਤਾ ਸਮਰਥਨ, ਕਿਹਾ- ਮੋਹਾਲੀ ਨੂੰ ਨਵੇਂ ਆਗੂ ਦੀ ਲੋੜ

ਸਾਬਕਾ ਡਿਪਟੀ ਮੇਅਰ ਨੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਸੁਣੀਆਂ, ਕਿਹਾ- ਕਾਂਗਰਸ ਦੀ ਸਰਕਾਰ ਬਣਨ 'ਤੇ ਮੋਹਾਲੀ ਦੇ ਵਿਕਾਸ ਨੂੰ ਦਿੱਤੀ ਜਾਵੇਗੀ ਨਵੀਂ ਦਿਸ਼ਾ



ਮੋਹਾਲੀ 18 ਨਵੰਬਰ (ਪ.ਪ)

ਮੋਹਾਲੀ ਵਿਧਾਨ ਸਭਾ ਹਲਕੇ ਵਿੱਚ ਆਪਣੀਆਂ ਸਿਆਸੀ ਸਰਗਰਮੀਆਂ ਤੇਜ਼ ਕਰਦਿਆਂ ਸਾਬਕਾ ਡਿਪਟੀ ਮੇਅਰ ਕੁਲਜੀਤ ਸਿੰਘ ਬੇਦੀ ਨੇ ਫੇਜ਼-7 ਦੀ ਮਾਰਕੀਟ ਵਿੱਚ ਪਹੁੰਚ ਕੇ ਦੁਕਾਨਦਾਰਾਂ ਨਾਲ ਵਿਸ਼ੇਸ਼ ਮੀਟਿੰਗ ਕੀਤੀ। ਇਸ ਦੌਰਾਨ ਉਨ੍ਹਾਂ ਨੇ ਦੁਕਾਨਦਾਰਾਂ ਦੀਆਂ ਸਮੱਸਿਆਵਾਂ ਨੂੰ ਵਿਸਥਾਰ ਨਾਲ ਸੁਣਿਆ ਅਤੇ ਉਨ੍ਹਾਂ ਦੇ ਹੱਲ ਲਈ ਹਰ ਸੰਭਵ ਯਤਨ ਕਰਨ ਦਾ ਭਰੋਸਾ ਦਿੱਤਾ। ਮੀਟਿੰਗ ਦੌਰਾਨ ਦੁਕਾਨਦਾਰਾਂ ਨੇ ਵੀ ਕੁਲਜੀਤ ਸਿੰਘ ਬੇਦੀ ਦੀ ਲੰਬੇ ਸਮੇਂ ਤੋਂ ਸ਼ਹਿਰ ਦੇ ਮੁੱਦਿਆਂ ਨੂੰ ਉਠਾਉਣ ਅਤੇ ਲੋਕਾਂ ਦੀਆਂ ਸਮੱਸਿਆਵਾਂ ਲਈ ਸੰਘਰਸ਼ ਕਰਨ ਦੀ ਭਾਵਨਾ ਦੀ ਸ਼ਲਾਘਾ ਕਰਦਿਆਂ ਉਨ੍ਹਾਂ ਨੂੰ ਆਪਣਾ ਪੂਰਾ ਸਮਰਥਨ ਦੇਣ ਦਾ ਭਰੋਸਾ ਦਿੱਤਾ। ਮੀਟਿੰਗ ਦੌਰਾਨ ਦੁਕਾਨਦਾਰਾਂ ਨੇ ਮਾਰਕੀਟ ਵਿੱਚ ਸੁਰੱਖਿਆ ਪ੍ਰਬੰਧਾਂ ਦੀ ਘਾਟ, ਸਫ਼ਾਈ ਦੀ ਮਾੜੀ ਵਿਵਸਥਾ, ਜਨਤਕ ਪਖਾਨਿਆਂ ਦੀ ਖਸਤਾ ਹਾਲਤ, ਪਾਰਕਿੰਗ ਦੀ ਸਮੱਸਿਆ ਅਤੇ ਰੇਹੜੀ-ਫੜ੍ਹੀ ਵਾਲਿਆਂ ਕਾਰਨ ਪੈਦਾ ਹੋ ਰਹੀਆਂ ਮੁਸ਼ਕਲਾਂ ਸਮੇਤ ਕਈ ਅਹਿਮ ਮੁੱਦੇ ਉਠਾਏ। ਦੁਕਾਨਦਾਰਾਂ ਦਾ ਕਹਿਣਾ ਸੀ ਕਿ ਇਨ੍ਹਾਂ ਸਮੱਸਿਆਵਾਂ ਕਾਰਨ ਨਾ ਸਿਰਫ਼ ਉਨ੍ਹਾਂ ਦੇ ਕਾਰੋਬਾਰ ਪ੍ਰਭਾਵਿਤ ਹੋ ਰਹੇ ਹਨ, ਸਗੋਂ ਮਾਰਕੀਟ ਵਿੱਚ ਆਉਣ ਵਾਲੇ ਗਾਹਕਾਂ ਨੂੰ ਵੀ ਕਾਫ਼ੀ ਪ੍ਰੇਸ਼ਾਨੀ ਦਾ ਸਾਹਮਣਾ ਕਰਨਾ ਪੈਂਦਾ ਹੈ। ਉਨ੍ਹਾਂ ਨੇ ਮੰਗ ਕੀਤੀ ਕਿ ਮਾਰਕੀਟ ਵਿੱਚ ਸੁਰੱਖਿਆ ਦੇ ਢੁੱਕਵੇਂ ਪ੍ਰਬੰਧ ਕੀਤੇ ਜਾਣ, ਨਿਯਮਤ ਸਫ਼ਾਈ ਯਕੀਨੀ ਬਣਾਈ ਜਾਵੇ, ਪਖਾਨਿਆਂ ਦੀ ਮੁਰੰਮਤ ਕਰਵਾਈ ਜਾਵੇ ਅਤੇ ਪਾਰਕਿੰਗ ਦੀ ਸਮੱਸਿਆ ਦਾ ਪੱਕਾ ਹੱਲ ਕੱਢਿਆ ਜਾਵੇ।ਕੁਲਜੀਤ ਸਿੰਘ ਬੇਦੀ ਨੇ ਕਿਹਾ ਕਿ ਦੁਕਾਨਦਾਰ ਸ਼ਹਿਰ ਦੀ ਆਰਥਿਕਤਾ ਦਾ ਅਹਿਮ ਹਿੱਸਾ ਹਨ ਅਤੇ ਉਨ੍ਹਾਂ ਦੀਆਂ ਸਮੱਸਿਆਵਾਂ ਨੂੰ ਅਣਗੌਲਿਆ ਨਹੀਂ ਕੀਤਾ ਜਾ ਸਕਦਾ। ਉਨ੍ਹਾਂ ਕਿਹਾ ਕਿ ਜੇਕਰ ਉਨ੍ਹਾਂ ਨੂੰ ਸਰਕਾਰ ਵਿੱਚ ਸੇਵਾ ਕਰਨ ਦਾ ਮੌਕਾ ਮਿਲਦਾ ਹੈ ਤਾਂ ਫੇਜ਼-7 ਸਮੇਤ ਮੋਹਾਲੀ ਦੀਆਂ ਸਾਰੀਆਂ ਮਾਰਕੀਟਾਂ ਦੀਆਂ ਸਮੱਸਿਆਵਾਂ ਨੂੰ ਤਰਜੀਹ ਦੇ ਆਧਾਰ 'ਤੇ ਹੱਲ ਕਰਵਾਇਆ ਜਾਵੇਗਾ।ਆਪਣੀ ਸਿਆਸੀ ਦਾਅਵੇਦਾਰੀ ਬਾਰੇ ਗੱਲ ਕਰਦਿਆਂ ਕੁਲਜੀਤ ਸਿੰਘ ਬੇਦੀ ਨੇ ਕਿਹਾ ਕਿ ਉਨ੍ਹਾਂ ਨੂੰ ਪੂਰੀ ਉਮੀਦ ਹੈ ਕਿ ਕਾਂਗਰਸ ਹਾਈਕਮਾਂਡ ਮੋਹਾਲੀ ਵਿਧਾਨ ਸਭਾ ਹਲਕੇ ਤੋਂ ਉਨ੍ਹਾਂ ਨੂੰ ਪਾਰਟੀ ਦੀ ਟਿਕਟ ਦੇਵੇਗੀ। ਉਨ੍ਹਾਂ ਕਿਹਾ ਕਿ ਮੋਹਾਲੀ ਦੇ ਲੋਕਾਂ ਵੱਲੋਂ ਮਿਲ ਰਹੇ ਪਿਆਰ ਅਤੇ ਸਮਰਥਨ ਤੋਂ ਉਹ ਉਤਸ਼ਾਹਿਤ ਹਨ। ਉਨ੍ਹਾਂ ਭਰੋਸਾ ਦਿੱਤਾ ਕਿ ਪੰਜਾਬ ਵਿੱਚ ਕਾਂਗਰਸ ਦੀ ਸਰਕਾਰ ਬਣਨ 'ਤੇ ਮੋਹਾਲੀ ਨੂੰ ਵਿਕਾਸ ਦੀਆਂ ਨਵੀਆਂ ਲੀਹਾਂ 'ਤੇ ਤੋਰਿਆ ਜਾਵੇਗਾ ਅਤੇ ਸ਼ਹਿਰ ਦੇ ਬੁਨਿਆਦੀ ਢਾਂਚੇ, ਸਫ਼ਾਈ, ਪਾਰਕਿੰਗ, ਸੁਰੱਖਿਆ ਅਤੇ ਜਨਤਕ ਸਹੂਲਤਾਂ ਨੂੰ ਮਜ਼ਬੂਤ ਕਰਨ ਲਈ ਵਿਸ ਉਪਰਾਲੇ ਕੀਤੇ ਜਾਣਗੇ।

ਮਾਣਯੋਗ ਮੈਂਬਰ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ, ਭਾਰਤ ਸਰਕਾਰ ਪ੍ਰਿਯਾਂਕ ਕਾਨੂੰਨਗੋ ਕਾਦੀਆਂ ਪਹੁੰਚੇ, ਲੋਕਾਂ ਦੀਆਂ ਮੁਸ਼ਕਿਲਾਂ ਸੁਣੀਆਂ

ਕਿਹਾ- ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਸਬੰਧਤ ਅਧਿਕਾਰੀ ਨੂੰ ਦਿੱਤੀ ਜਾਵੇ



ਕਾਦੀਆਂ, 18 ਨਵੰਬਰ (ਪ.ਪ)

ਮਾਣਯੋਗ ਮੈਂਬਰ ਨੈਸ਼ਨਲ ਹਿਊਮਨ ਰਾਈਟਸ ਕਮਿਸ਼ਨ, ਭਾਰਤ ਸਰਕਾਰ ਪ੍ਰਿਯਾਂਕ ਕਾਨੂੰਨਗੋ ਕੁਲਵਿੰਦਰ ਕੌਰ ਗੁਰਾਇਆ ਮਹਿਲਾ ਮੋਰਚਾ ਦੇ ਪੰਜਾਬ ਦੇ ਮੀਤ ਪ੍ਰਧਾਨ ਦੇ ਨਿਵਾਸ ਸਥਾਨ ਕਾਦੀਆਂ ਵਿਖੇ ਵਿਸ਼ੇਸ਼ ਤੌਰ 'ਤੇ ਪਹੁੰਚੇ । ਜਿੱਥੇ ਵੱਡੀ ਗਿਣਤੀ ਵਿੱਚ ਲੋਕ ਆਪਣੀਆਂ ਸ਼ਿਕਾਇਤਾਂ ਲੈ ਕੇ ਪਹੁੰਚੇ ਹੋਏ ਸਨ । ਇਸ ਮੌਕੇ ਉਨ੍ਹਾਂ ਨੇ ਲੋਕਾਂ ਦੀਆਂ ਸ਼ਿਕਾਇਤਾਂ ਨੂੰ ਸੁਣਿਆ ਅਤੇ ਉਸ ਨੂੰ ਨਿਪਟਾਉਣ ਦੀਆਂ ਹਦਾਇਤਾਂ ਦਿੱਤੀਆਂ। ਉਨ੍ਹਾਂ ਕਿਹਾ ਕਿ ਜੇਕਰ ਕਿਤੇ ਵੀ ਮਨੁੱਖੀ ਅਧਿਕਾਰਾਂ ਦਾ ਘਾਣ ਹੁੰਦਾ ਹੈ ਤਾਂ ਇਸ ਸਬੰਧੀ ਲਿਖਤੀ ਸ਼ਿਕਾਇਤ ਸਬੰਧਤ ਅਧਿਕਾਰੀ ਨੂੰ ਦਿੱਤੀ ਜਾਵੇ ਜਿਸ ਤੇ ਯਕੀਨਨ ਕਾਰਵਾਈ ਹੋਵੇਗੀ। ਇਸ ਮੌਕੇ ਸ਼ਹਿਰ ਵਾਸੀਆਂ ਦੀਆਂ ਮੁਸ਼ਕਿਲਾਂ ਸੁਣਦੇ ਹੋਏ ਉਨ੍ਹਾਂ ਨੇ ਕਿਹਾ ਕਿ ਮੁਸ਼ਕਿਲਾਂ ਦਾ ਹੱਲ ਪਹਿਲ ਦੇ ਆਧਾਰ ਤੇ ਹੱਲ ਕੀਤਾ ਜਾਵੇਗਾ। ਉਨ੍ਹਾਂ ਅਧਿਕਾਰੀਆਂ ਨੂੰ ਵੀ ਅਪੀਲ ਕੀਤੀ ਕਿ ਉਹ ਲੋਕਾਂ ਦੀਆਂ ਸਮੱਸਿਆਵਾਂ ਦੇ ਹੱਲ ਨੂੰ ਪਹਿਲ ਦਿੰਦਿਆਂ ਸੰਵੇਦਨਸ਼ੀਲਤਾ, ਜਵਾਬਦੇਹੀ ਅਤੇ ਮਨੁੱਖੀ ਦ੍ਰਿਸ਼ਟੀਕੋਣ ਨਾਲ ਕੰਮ ਕਰਨ। ਇਸ ਮੌਕੇ ਮਹਿਲਾ ਮੋਰਚਾ ਦੀ ਸੂਬਾ ਮੀਤ ਪ੍ਰਧਾਨ ਕੁਲਵਿੰਦਰ ਕੌਰ ਗੁਰਾਇਆ ਨੇ ਸ਼੍ਰੀ ਕਾਨੂੰਗੋ ਦਾ ਕਾਦੀਆਂ ਪਹੁੰਚਣ 'ਤੇ ਨਿੱਘਾ ਸਵਾਗਤ ਕੀਤਾ ਅਤੇ ਇਲਾਕਾ ਨਿਵਾਸੀਆਂ ਦੀਆਂ ਮੁਸ਼ਕਲਾਂ ਸੁਣਨ ਲਈ ਉਨ੍ਹਾਂ ਦਾ ਧੰਨਵਾਦ ਕੀਤਾ। ਇਸ ਮੌਕੇ ਮੈਂਬਰ ਉਦੇ ਸੂਦ ਅਤੇ ਸ਼੍ਰੀ ਸੰਦੀਪ ਸੂਬਾ ਆਗੂ:ਟ ਸ੍ਰੀਮਤੀ ਭਾਰਤੀ ਜੰਜੂਆ (ਪ੍ਰਧਾਨ, ਐਸ.ਸੀ. ਮੋਰਚਾ ਪੰਜਾਬ) ਮੰਡਲ ਪ੍ਰਧਾਨ: ਸ਼੍ਰੀ ਅਸ਼ਵਨੀ ਵਰਮਾ ਕਾਦੀਆਂ ਮੰਡਲ ਪ੍ਰਧਾਨ, ਅਰਜੁਨ ਚਿੱਬ ਕਾਹਨੂੰਵਾਨ ਮੰਡਲ ਪ੍ਰਧਾਨ ਅਤੇ ਗੁਰਮੀਤ ਕੌਰ ਸੋਹਲ ਦਿਹਾਤੀ ਮੰਡਲ ਪ੍ਰਧਾਨ ਓ.ਬੀ.ਸੀ. ਸੈੱਲ: ਸਤੀ ਸੂਰੀ ਪ੍ਰਧਾਨ, ਓ.ਬੀ.ਸੀ. ਸੈੱਲ ਅਤੇ ਦੀਪਕ ਵਰਮਾ ਵਾਈਸ ਪ੍ਰਧਾਨ, ਓ.ਬੀ.ਸੀ. ਸੈੱਲ ਹੋਰ ਅਹੁਦੇਦਾਰ ਤੇ ਆਗੂ: ਜਨਰਲ ਸਕੱਤਰ ਸੰਦੀਪ ਕੁਮਾਰ, ਜਨਰਲ ਸਕੱਤਰ ਬ੍ਰਿਜ ਮੋਹਨ ਕੋਹਲੀ, ਵਾਈਸ ਪ੍ਰਧਾਨ ਰਾਜਕੁਮਾਰ, ਵਾਈਸ ਪ੍ਰਧਾਨ ਅਮਿਤ ਮਹਾਜਨ, ਗੁਰਜੀਤ ਕੁਮਾਰ, ਅਸ਼ੋਕ ਸ਼ਰਮਾ ਅਤੇ ਸੁਮਨ ਬਾਲਾ ਵਿਸ਼ੇਸ਼ ਤੌਰ 'ਤੇ ਸ਼ਾਮਲ ਸਨ। ਆਖਰ ਵਿੱਚ ਹਾਜ਼ਰ ਆਗੂਆਂ ਨੇ ਕਿਹਾ ਕਿ ਅਜਿਹੇ ਉਪਰਾਲਿਆਂ ਨਾਲ ਆਮ ਲੋਕਾਂ ਦਾ ਪ੍ਰਸ਼ਾਸਨ ਅਤੇ ਮਨੁੱਖੀ ਅਧਿਕਾਰ ਸੰਸਥਾਵਾਂ ਵਿੱਚ ਵਿਸ਼ਵਾਸ ਹੋਰ ਮਜ਼ਬੂਤ ਹੁੰਦਾ ਹੈ।

ਵੀਰ ਕੇਸਰੀ
ਲੋਕਾਂ ਦੀ ਅਵਾਜ਼ ਸਰਕਾਰ ਤੱਕ

ਜਨਗਣਨਾ-2027 ਦੀ ਸਵੈ-ਗਣਨਾ ਮੁਹਿੰਮ ਵਿੱਚ ਲੋਕਾਂ ਨੂੰ ਵੱਧ ਚੜ੍ਹ ਕੇ ਹਿੱਸਾ ਲੈਣ ਦੀ ਅਪੀਲ

ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ ਤੱਕ, ਲੋਕ ਪੋਰਟਲ https://se.census.gov.in/ 'ਤੇ ਲਾਗਇਨ ਕਰਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਜਾਣਕਾਰੀ ਖੁਦ ਭਰ ਸਕਦੇ ਹਨ



ਬਟਾਲਾ, 18 ਨਵੰਬਰ (ਪ.ਪ)

ਐੱਸ ਡੀ ਐੱਮ ਬਟਾਲਾ, ਸ੍ਰੀਮਤੀ ਜਸੋਤਸਨਾ ਸਿੰਘ ਨੇ ਜਨਗਣਨਾ-2027 ਤਹਿਤ ਸ਼ੁਰੂ ਕੀਤੀ ਗਈ ਸਵੈ-ਗਣਨਾ (ਸੈਲਫ ਇਨਿਊਮਰੇਸ਼ਨ) ਮੁਹਿੰਮ ਵਿੱਚ ਲੋਕਾਂ ਨੂੰ ਇਸ ਪ੍ਰਕਿਰਿਆ ਦਾ ਹਿੱਸਾ ਬਣਨ ਦਾ ਸੱਦਾ ਦਿੱਤਾ ਹੈ। ਉਨ੍ਹਾਂ ਅਪੀਲ ਕੀਤੀ ਕਿ ਇਸ ਸਹੂਲਤ ਦਾ ਵੱਧ ਤੋਂ ਵੱਧ ਲਾਭ ਪ੍ਰਾਪਤ ਕਰਕੇ ਸਵੈ-ਗਣਨਾ ਵਿੱਚ ਲੋਕ ਵੱਧ ਤੋਂ ਖੁਦ ਸ਼ਮੂਲੀਅਤ ਕਰਨ। ਉਨ੍ਹਾਂ ਨੇ ਕਿਹਾ ਕਿ ਜਨਗਣਨਾ-2027 ਦੀ ਸਵੈ-ਗਣਨਾ 16 ਨਵੰਬਰ ਤੋਂ 30 ਨਵੰਬਰ ਤੱਕ ਸਰਕਾਰ ਵੱਲੋਂ ਆਨਲਾਈਨ ਪੋਰਟਲ ਖੋਲਿਆ ਗਿਆ ਹੈ। ਜਿਸ ਤਹਿਤ ਲੋਕ ਪੋਰਟਲ https://se.census.gov.in/ 'ਤੇ ਲਾਗਇਨ ਕਰਕੇ ਆਪਣੀ ਅਤੇ ਆਪਣੇ ਪਰਿਵਾਰ ਦੀ ਜਾਣਕਾਰੀ ਖੁਦ ਭਰ ਸਕਦੇ ਹਨ। ਉਨ੍ਹਾਂ ਕਿਹਾ ਕਿ ਇਸ ਪ੍ਰਕਿਰਿਆ ਨਾਲ ਲੋਕਾਂ ਨੂੰ ਆਪਣੀ ਜਾਣਕਾਰੀ ਸਹੀ ਅਤੇ ਸੁਵਿਧਾਜਨਕ ਢੰਗ ਨਾਲ ਦਰਜ ਕਰਨ ਦਾ ਮੌਕਾ ਮਿਲੇਗਾ। ਜਿਸ ਰਾਹੀਂ ਨਾਗਰਿਕ ਆਪਣੀ ਸਾਰੀ ਜਾਣਕਾਰੀ ਸਾਂਝੀ ਕਰ ਸਕਦੇ ਹਨ। ਉਨ੍ਹਾਂ ਦੱਸਿਆ ਕਿ ਇਸ ਤੋਂ ਬਾਅਦ 1 ਦਸੰਬਰ 2026 ਤੋਂ 4 ਜਨਵਰੀ 2027 ਤੱਕ ਜਨਗਣਨਾ ਕਰਮਚਾਰੀ ਘਰ-ਘਰ ਜਾ ਕੇ ਜਾਣਕਾਰੀ ਇਕੱਤਰ ਕਰਨਗੇ। ਉਨ੍ਹਾਂ ਲੋਕਾਂ ਨੂੰ ਅਪੀਲ ਕੀਤੀ ਕਿ ਲੋਕ ਵੱਧ ਤੋਂ ਵੱਧ ਇਸ ਸਹੂਲਤ ਦਾ ਲਾਭ ਲੈਣ। ਉਨ੍ਹਾਂ ਦੱਸਿਆ ਕਿ ਆਉਣ ਵਾਲੇ ਸਮੇਂ ਵਿਚ ਜਿੰਨੀ ਵੀ ਜਨਗਣਨਾ ਹੋਵੇਗੀ, ਉਸ ਦੇ ਆਧਾਰ ਤੇ ਹੀ ਸਾਡੇ, ਸਕੂਲ, ਹਸਪਤਾਲ ਅਤੇ ਸੜਕਾਂ ਦਾ ਜੋ ਵੀ ਵਿਕਾਸ ਹੋਵੇਗਾ, ਉਹ ਸਾਡੀ ਜਣਗਣਨਾ ਤੇ ਹੀ ਨ